ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਐਤਵਾਰ, 19 ਅਪ੍ਰੈਲ 2026 (ਨਾਨਕਸ਼ਾਹੀ ਸੰਮਤ : ੫੫੮, ੬ ਵੈਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243





## 5.5 ਤੀਬਰਤਾ ਦੇ ਭੂਚਾਲ ਨਾਲ ਕੰਬ ਉੱਠੀ ਧਰਤੀ !

**ਨਵੀਂ ਦਿੱਲੀ, 18 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਲੋਕਾਂ ਵਿਚਾਲੇ ਉਸ ਸਮੇਂ ਹਾਹਾਕਾਰ ਮੱਚ ਗਿਆ, ਜਦੋਂ ਜ਼ੋਰਦਾਰ ਝਟਕਿਆਂ ਨਾਲ ਧਰਤੀ ਦਹਿਲ ਉੱਠੀ। ਦੱਸ ਦੇਈਏ ਕਿ ਅਫਗਾਨਿਸਤਾਨ ਦੇ ਹਿੰਦੂ ਕੁਸ਼ ਖੇਤਰ ਵਿੱਚ ਸ਼ਨੀਵਾਰ ਨੂੰ 5.5 ਤੀਬਰਤਾ ਦਾ ਭੂਚਾਲ ਆਇਆ, ਜਿਸ ਦੇ ਝਟਕੇ ਪਾਕਿਸਤਾਨ ਦੇ ਇਸਲਾਮਾਬਾਦ, ਪੇਸ਼ਾਵਰ ਅਤੇ ਖੈਬਰ ਪਖਤੂਨਖਵਾ ਦੇ ਕਈ ਹਿੱਸਿਆਂ ਵਿੱਚ ਮਹਿਸੂਸ ਕੀਤੇ ਗਏ। ਸਥਾਨਕ ਮੀਡੀਆ ਰਿਪੋਰਟਾਂ ਵਿਚ ਇਹ ਜਾਣਕਾਰੀ ਦਿੱਤੀ ਗਈ। ਪ੍ਰਮੁੱਖ ਪਾਕਿਸਤਾਨੀ ਮੀਡੀਆ ਆਉਟਲੈਟ ਜੀਓ ਟੀਵੀ ਦੀ ਰਿਪੋਰਟ ਮੁਤਾਬਕ ਪਾਕਿਸਤਾਨ ਮੌਸਮ ਵਿਭਾਗ (ਪੀਐਮਡੀ) ਦੇ ਰਾਸ਼ਟਰੀ ਭੂਚਾਲ ਨਿਗਰਾਨੀ ਕੇਂਦਰ (ਐਨਐਸਐਮਸੀ) ਨੇ ਦੱਸਿਆ ਕਿ ਭੂਚਾਲ 199 ਕਿਲੋਮੀਟਰ ਦੀ ਡੂੰਘਾਈ 'ਤੇ ਆਇਆ ਅਤੇ ਇਸਦੀ ਤੀਬਰਤਾ 5.5 ਮਾਪੀ ਗਈ ਹੈ। ਮੀਡੀਆ ਰਿਪੋਰਟ ਵਿੱਚ ਦੱਸਿਆ ਗਿਆ ਹੈ ਕਿ ਸਵਾਤ, ਹਾਂਗੂ, ਉੱਤਰੀ ਵਜ਼ੀਰਿਸਤਾਨ ਅਤੇ ਚਿਤਰਾਲ ਵਿੱਚ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ, ਜਦੋਂ ਕਿ ਰਾਵਲਪਿੰਡੀ ਦੇ ਵਸਨੀਕਾਂ ਨੇ ਜ਼ਮੀਨ ਹਿੱਲਦੀ ਮਹਿਸੂਸ ਕੀਤੀ, ਜਿਸ ਕਾਰਨ ਲੋਕ ਘਰਾਂ ਤੋਂ ਬਾਹਰ ਆ ਗਏ। ਹਾਲਾਂਕਿ ਨੁਕਸਾਨ ਜਾਂ ਜਾਨੀ ਨੁਕਸਾਨ ਦੀ ਕੋਈ ਤੁਰੰਤ ਰਿਪੋਰਟ ਨਹੀਂ ਹੈ। ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਭੂਚਾਲ ਦਾ ਕੇਂਦਰ ਕੋਹ ਹਿੰਦੂ ਕੁਸ਼ ਖੇਤਰ ਵਿੱਚ ਸਥਿਤ ਸੀ।

### ਖਿਡੌਣੇ 'ਚ ਬੰਬ ਲਾ ਕਰਨਾ ਸੀ ਵੱਡਾ ਧਮਾਕਾ, 3 ਸੂਬਿਆਂ 'ਚੋਂ ਚਾਰ ਸ਼ੱਕੀ ਗ੍ਰਿਫ਼ਤਾਰ

# ਨਿਸ਼ਾਨੇ 'ਤੇ ਸੀ ਰਾਮ ਮੰਦਰ ਤੇ ਸੰਸਦ !

**ਨਵੀਂ ਦਿੱਲੀ, 18 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਪੁਲਸ ਨੇ ਮਹਾਰਾਸ਼ਟਰ, ਓਡੀਸ਼ਾ ਅਤੇ ਬਿਹਾਰ ਤੋਂ ਚਾਰ "ਕੱਟੜਪੰਥੀ" ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ ਜਿਨ੍ਹਾਂ ਨੇ ਕਥਿਤ ਤੌਰ 'ਤੇ ਅੱਤਵਾਦੀ ਗਤੀਵਿਧੀਆਂ ਦੀ ਸਾਜ਼ਿਸ਼ ਰਚੀ ਸੀ। ਕੁਝ ਸੰਵੇਦਨਸ਼ੀਲ ਸਥਾਨਾਂ ਨੂੰ ਨਿਸ਼ਾਨਾ ਬਣਾਉਣ ਲਈ ਉਨ੍ਹਾਂ ਦੀ ਜਾਸੂਸੀ ਕੀਤੀ ਸੀ ਅਤੇ



'ਏਨਕ੍ਰਿਪਟਡ' ਆਨਲਾਈਨ ਪਲੇਟਫਾਰਮਾਂ ਰਾਹੀਂ ਦੂਜਿਆਂ ਨੂੰ ਭਰਤੀ ਕਰਨ ਦੀ ਕੋਸ਼ਿਸ਼ ਕਰ ਰਹੇ ਸਨ। ਅਧਿਕਾਰੀਆਂ ਨੇ ਸ਼ਨੀਵਾਰ ਨੂੰ ਇਹ ਜਾਣਕਾਰੀ ਦਿੱਤੀ। ਪੁਲਸ ਨੇ ਕਿਹਾ ਕਿ ਕਾਰਵਾਈ ਦੌਰਾਨ ਇਕ ਇੰਪ੍ਰੋਵਾਈਜ਼ਡ ਵਿਸਫੋਟਕ ਯੰਤਰ (ਆਈ.ਈ.ਡੀ.) ਅਤੇ ਉਸ ਨਾਲ ਜੁੜਿਆ ਸਾਮਾਨ ਜ਼ਬਤ ਕੀਤਾ ਗਿਆ। ਉਨ੍ਹਾਂ ਦੋਸ਼ ਲਗਾਇਆ ਕਿ ਦੋ ਦੋਸ਼ੀ ਭੀੜ-ਭੜੱਕੇ ਵਾਲੀਆਂ ਥਾਵਾਂ ਨੂੰ ਨਿਸ਼ਾਨਾ ਬਣਾਉਣ ਲਈ ਆਈ.ਈ.ਡੀ. ਨਾਲ ਲੈੱਸ ਇਕ ਰਿਮੋਟ ਕੰਟਰੋਲ ਖਿਡੌਣਾ ਕਾਰ ਤਿਆਰ ਕਰ ਰਹੇ ਸਨ। ਅਧਿਕਾਰੀਆਂ ਨੇ ਕਿਹਾ ਕਿ ਸਪੈਸ਼ਲ ਸੈੱਲ ਨੇ ਇਕ ਤਾਲਮੇਲ, ਖੁਫੀਆ ਜਾਣਕਾਰੀ ਦੀ ਅਗਵਾਈ ਵਾਲੀ ਕਾਰਵਾਈ 'ਚ ਮਹਾਰਾਸ਼ਟਰ ਤੋਂ ਦੋ ਅਤੇ ਓਡੀਸ਼ਾ ਅਤੇ ਬਿਹਾਰ ਤੋਂ ਇਕ-ਇਕ ਦੋਸ਼ੀ ਨੂੰ ਗ੍ਰਿਫ਼ਤਾਰ ਕੀਤਾ। ਪੁਲਸ ਨੇ ਦੋਸ਼ ਲਗਾਇਆ ਕਿ ਚਾਰੇ ਖ਼ਲੀਫ਼ਾ ਸਥਾਪਤ ਕਰਨ ਦੇ ਵਿਚਾਰ ਦੁਆਲੇ ਕੇਂਦਰਿਤ ਕੱਟੜਪੰਥੀ ਵਿਚਾਰਧਾਰਾ ਤੋਂ ਪ੍ਰਭਾਵਿਤ ਸਨ ਅਤੇ "ਗਜ਼ਵਾ-ਏ-ਹਿੰਦ" ਵਰਗੇ ਸੰਕਲਪਾਂ ਨੂੰ ਉਤਸ਼ਾਹਿਤ ਕਰ ਰਹੇ ਸਨ। ਪੁਲਸ ਅਧਿਕਾਰੀ ਨੇ ਕਿਹਾ, "ਉਹ ਕਥਿਤ ਤੌਰ 'ਤੇ ਕਾਲੇ ਝੰਡੇ ਲੈ ਕੇ ਚੱਲਣ ਵਾਲੇ 'ਖੁਰਾਸਾਨ ਦੇ ਲਸ਼ਕਰ' ਦੀ ਧਾਰਨਾ ਤੋਂ ਵੀ ਪ੍ਰੇਰਿਤ ਸਨ, ਜਿਸ ਦਾ ਇਸਤੇਮਾਲ ਉਨ੍ਹਾਂ ਨੇ ਦੂਜਿਆਂ ਨੂੰ ਕੱਟੜਪੰਥੀ ਬਣਾਉਣ ਦੇ ਆਪਣੇ ਗਲਤ ਪ੍ਰਚਾਰ ਦੇ ਹਿੱਸੇ ਵਜੋਂ ਕੀਤਾ।" ਉਨ੍ਹਾਂ ਕਿਹਾ ਕਿ ਦੋਸ਼ੀ ਬੰਦ ਅਤੇ ਏਨਕ੍ਰਿਪਟਡ ਸੋਸ਼ਲ ਮੀਡੀਆ ਸਮੂਹਾਂ 'ਤੇ ਸਰਗਰਮ ਸਨ ਜਿੱਥੇ ਜੇਹਾਦ, ਕੱਟੜਪੰਥੀ ਵਿਚਾਰਧਾਰਾ ਅਤੇ ਹਥਿਆਰਾਂ ਨਾਲ ਸਬੰਧਤ ਸਮੱਗਰੀ ਸਾਂਝੀ ਕੀਤੀ ਜਾਂਦੀ ਸੀ। ਇਨ੍ਹਾਂ ਪਲੇਟਫਾਰਮਾਂ ਦੀ ਵਰਤੋਂ ਕਥਿਤ ਤੌਰ 'ਤੇ ਨਵੇਂ ਮੈਂਬਰਾਂ ਦੀ ਪਛਾਣ ਕਰਨ ਅਤੇ ਭਰਤੀ ਕਰਨ ਲਈ ਕੀਤੀ ਜਾਂਦੀ ਸੀ। ਜਾਂਚ ਤੋਂ ਪਤਾ ਲੱਗਾ ਕਿ ਦੋਸ਼ੀਆਂ 'ਚੋਂ ਇਕ 2025 ਦਸੰਬਰ ਦਸੰਬਰ ਚ ਦਿੱਲੀ ਆਇਆ ਸੀ ਅਤੇ ਲਾਲ ਕਿਲ੍ਹਾ ਅਤੇ ਇੰਡੀਆ ਗੇਟ ਸਮੇਤ ਮੁੱਖ ਸਥਾਨਾਂ ਦੀ ਰੇਕੀ ਕੀਤੀ ਸੀ। ਜਾਂਚਕਰਤਾਵਾਂ ਨੇ ਕਿਹਾ ਕਿ ਮਾਡਿਊਲ ਨੇ ਅਯੁੱਧਿਆ 'ਚ ਰਾਮ ਮੰਦਰ, ਸੰਸਦ ਭਵਨ ਅਤੇ ਕੁਝ ਫੌਜੀ ਸਥਾਪਨਾਵਾਂ ਵਰਗੇ ਮਹੱਤਵਪੂਰਨ ਸਥਾਨਾਂ 'ਤੇ ਸੰਭਾਵਿਤ ਹਮਲਿਆਂ ਬਾਰੇ ਵੀ ਚਰਚਾ ਕੀਤੀ। ਅਧਿਕਾਰੀ ਨੇ ਕਿਹਾ, "ਚਾਰੇ ਦੋਸ਼ੀ - ਮੋਸੈਬ ਅਹਿਮਦ, ਮੁਹੰਮਦ ਹਮਦ, ਮੁਹੰਮਦ ਸੋਹੇਲ ਅਤੇ ਸ਼ੇਖ ਇਮਰਾਨ - ਹੇਠਲੇ ਸਮਾਜਿਕ-ਆਰਥਿਕ ਪਿਛੋਕੜ ਤੋਂ ਹਨ।"

## ਹਰਮੁਜ਼ 'ਚ ਵਪਾਰਕ ਜਹਾਜ਼ਾਂ 'ਤੇ ਗੋਲੀਬਾਰੀ, ਵਾਰਨਿੰਗ ਮਗਰੋਂ ਈਰਾਨ ਦੀ ਸਮੁੰਦਰੀ ਖੇਤਰ 'ਚ ਵੱਡੀ ਕਾਰਵਾਈ

**ਏਥਨਜ਼, 18 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸ਼ਨੀਵਾਰ ਨੂੰ ਹਰਮੁਜ਼ ਨੂੰ ਪਾਰ ਕਰਨ ਦੀ ਕੋਸ਼ਿਸ਼ ਕਰ ਰਹੇ ਘੱਟੋ-ਘੱਟ ਦੋ ਵਪਾਰਕ ਜਹਾਜ਼ਾਂ 'ਤੇ ਗੋਲੀਬਾਰੀ ਹੋਣ ਦੀ ਖਬਰ ਸਾਹਮਣੇ ਆਈ ਹੈ। ਸਮੁੰਦਰੀ ਸੁਰੱਖਿਆ ਅਤੇ ਸ਼ਿਪਿੰਗ ਸਰੋਤਾਂ ਅਨੁਸਾਰ, ਜਦੋਂ ਇਹ ਜਹਾਜ਼ ਇਸ ਮਹੱਤਵਪੂਰਨ ਸਮੁੰਦਰੀ ਰਸਤੇ ਨੂੰ ਪਾਰ ਕਰ ਰਹੇ ਸਨ, ਤਾਂ ਉਨ੍ਹਾਂ ਨੂੰ ਨਿਸ਼ਾਨਾ ਬਣਾ ਕੇ ਗੋਲੀਆਂ ਚਲਾਈਆਂ ਗਈਆਂ। ਤਿੰਨ ਵੱਖ-ਵੱਖ ਮਾਰੀਟਾਈਮ ਸੁਰੱਖਿਆ ਸਰੋਤਾਂ ਨੇ ਇਸ ਘਟਨਾ ਦੀ ਪੁਸ਼ਟੀ ਕੀਤੀ ਹੈ। ਇਹ ਘਟਨਾ ਖੇਤਰ 'ਚ ਵਧ ਰਹੀ ਦੁਸ਼ਮਣੀ ਤੇ ਸਮੁੰਦਰੀ



ਅਸ਼ਾਂਤੀ ਨੂੰ ਦਰਸਾਉਂਦੀ ਹੈ, ਜਿਸ ਨਾਲ ਅੰਤਰਰਾਸ਼ਟਰੀ ਸ਼ਿਪਿੰਗ ਮਾਰਗਾਂ 'ਤੇ ਸੁਰੱਖਿਆ ਸਬੰਧੀ ਚਿੰਤਾਵਾਂ ਹੋਰ ਡੂੰਘੀਆਂ ਹੋ ਗਈਆਂ ਹਨ। ਫਿਲਹਾਲ ਇਸ ਗੋਲੀਬਾਰੀ ਵਿੱਚ ਹੋਏ ਨੁਕਸਾਨ ਜਾਂ ਕਿਸੇ ਦੇ ਜ਼ਖਮੀ ਹੋਣ ਬਾਰੇ ਵਧੇਰੇ ਜਾਣਕਾਰੀ ਦੀ ਉਡੀਕ ਕੀਤੀ ਜਾ ਰਹੀ ਹੈ। ਦੱਸ ਦਈਏ ਕਿ ਇਸ ਤੋਂ ਪਹਿਲਾਂ ਅਮਰੀਕਾ ਵੱਲੋਂ ਜਾਰੀ ਨਾਕਾਬੰਦੀ ਦੇ ਜਵਾਬ ਵਿੱਚ ਈਰਾਨ ਨੇ ਰਣਨੀਤਕ ਤੌਰ 'ਤੇ ਬੇਹੱਦ ਮਹੱਤਵਪੂਰਨ 'ਸਟਰੇਟ ਆਫ ਹੋਰਮੁਜ਼' ਨੂੰ ਮੁੜ ਬੰਦ ਕਰਨ ਦਾ ਐਲਾਨ ਕਰ ਦਿੱਤਾ। ਈਰਾਨ ਦੀ ਸਰਕਾਰੀ ਮੀਡੀਆ ਨੇ ਇੱਕ ਵੀਡੀਓ ਜਾਰੀ ਕਰਕੇ ਦਿਖਾਇਆ ਹੈ ਕਿ ਕਿਸ ਤਰ੍ਹਾਂ ਹੋਰਮੁਜ਼ ਨੂੰ ਪਾਰ ਕਰਨ ਦੀ ਕੋਸ਼ਿਸ਼ ਕਰ ਰਹੇ ਦਰਜਨਾਂ ਜਹਾਜ਼ਾਂ ਨੂੰ ਵਾਪਸ ਮੁੜਨਾ ਪੈ ਰਿਹਾ ਹੈ। ਈਰਾਨੀ ਮੀਡੀਆ ਵੱਲੋਂ ਜਾਰੀ ਵੀਡੀਓ ਵਿੱਚ ਸਖ਼ਤ ਸੰਦੇਸ਼ ਦਿੱਤਾ ਗਿਆ ਹੈ ਕਿ "ਸੈਨਿਕ ਜਹਾਜ਼ਾਂ ਅਤੇ ਦੁਸ਼ਮਣਾਂ ਦੇ ਜਹਾਜ਼ਾਂ ਨੂੰ ਹੋਰਮੁਜ਼ ਜਲਡਮਰੂਮੱਧ ਤੋਂ ਗੁਜ਼ਰਨ ਦਾ ਕੋਈ ਅਧਿਕਾਰ ਨਹੀਂ ਹੈ।"

## ਉਤਰਾਖੰਡ ਦੇ ਰਾਜਪਾਲ ਲੈਫਟੀਨੈਂਟ ਜਨਰਲ ਗੁਰਮੀਤ ਸਿੰਘ ਸੱਚਖੰਡ ਸ੍ਰੀ ਦਰਬਾਰ ਸਾਹਿਬ ਹੋਏ ਨਤਮਸਤਕ



**ਅੰਮ੍ਰਿਤਸਰ, 18 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਉੱਤਰਾਖੰਡ ਦੇ ਰਾਜਪਾਲ ਲੈਫਟੀਨੈਂਟ ਜਨਰਲ (ਰਿਟਾ.) ਸ੍ਰੀ ਗੁਰਮੀਤ ਸਿੰਘ ਅੱਜ ਸੱਚਖੰਡ ਸ੍ਰੀ ਦਰਬਾਰ ਸਾਹਿਬ ਵਿਖੇ ਨਤਮਸਤਕ ਹੋਏ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਉਨ੍ਹਾਂ ਦਾ ਸਵਾਗਤ ਕੀਤਾ ਅਤੇ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਤੇ ਸ੍ਰੀ ਦਰਬਾਰ ਸਾਹਿਬ ਦਾ ਮਾਡਲ ਦੇ ਕੇ ਸਨਮਾਨਿਤ ਕੀਤਾ। ਰਾਜਪਾਲ ਗੁਰਮੀਤ ਸਿੰਘ ਨੇ ਭਾਵੁਕ ਹੁੰਦਿਆਂ ਕਿਹਾ ਕਿ ਅੰਮ੍ਰਿਤਸਰ ਜ਼ਿਲ੍ਹੇ ਦੇ ਪਿੰਡ ਜਲਾਲ ਉਸਮਾ ਵਿੱਚ ਜਨਮ ਲੈਣ ਕਾਰਨ ਉਨ੍ਹਾਂ ਦਾ ਇਸ ਧਰਤੀ ਨਾਲ ਡੂੰਘਾ ਰਿਸ਼ਤਾ ਹੈ। ਉਨ੍ਹਾਂ ਆਪਣੀਆਂ ਬਚਪਨ ਦੀਆਂ ਯਾਦਾਂ ਸਾਂਝੀਆਂ ਕਰਦਿਆਂ ਦੱਸਿਆ ਕਿ ਜਦੋਂ ਉਹ ਸੈਕੰਡ ਲੈਫਟੀਨੈਂਟ ਬਣੇ ਸਨ, ਉਦੋਂ ਵੀ ਗੁਰੂ ਸਾਹਿਬ ਦਾ ਆਸ਼ੀਰਵਾਦ ਲੈਣ ਆਏ ਸਨ। ਉਨ੍ਹਾਂ ਕਿਹਾ ਕਿ ਇੱਥੇ ਆ ਕੇ ਆਤਮਾ ਰੀਚਾਰਜ ਹੋ ਜਾਂਦੀ ਹੈ। ਮੈਂ ਪੂਰੀ ਮਾਨਵਤਾ, ਭਾਰਤੀਆਂ ਅਤੇ ਖਾਸ ਕਰਕੇ ਉੱਤਰਾਖੰਡ ਤੇ ਪੰਜਾਬ ਦੇ ਲੋਕਾਂ ਦੀ ਚੜ੍ਹਦੀ ਕਲਾ ਲਈ ਅਰਦਾਸ ਕਰਨ ਆਇਆ ਹਾਂ।" ਉਨ੍ਹਾਂ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਅਤੇ ਗੁਰੂ ਨਾਨਕ ਦੇਵ ਜੀ ਦੇ 'ਏਕਤਾ' ਦੇ ਉਪਦੇਸ਼ ਨੂੰ ਪੂਰੀ ਦੁਨੀਆ ਲਈ ਮਾਰਗਦਰਸ਼ਕ ਦੱਸਿਆ। ਰਾਜਪਾਲ ਨੇ ਖੁਸ਼ਖਬਰੀ ਸਾਂਝੀ ਕੀਤੀ ਕਿ ਉੱਤਰਾਖੰਡ ਵਿੱਚ ਸਥਿਤ ਸ੍ਰੀ ਹੇਮਕੁੰਟ ਸਾਹਿਬ ਲਈ ਰੋਪਵੇਅ ਦਾ ਕੰਟਰੈਕਟ ਹੋ ਚੁੱਕਾ ਹੈ ਅਤੇ ਜਲਦ ਹੀ ਕੰਮ ਸ਼ੁਰੂ ਹੋ ਜਾਵੇਗਾ, ਜਿਸ ਨਾਲ ਸ਼ਰਧਾਲੂਆਂ ਨੂੰ ਦਰਸ਼ਨਾਂ ਵਿੱਚ ਆਸਾਨੀ ਹੋਵੇਗੀ। ਉਨ੍ਹਾਂ ਨੇ ਭਾਰਤ ਸਰਕਾਰ ਵੱਲੋਂ ਕਰਤਾਰਪੁਰ ਲਾਂਘਾ ਖੋਲ੍ਹਣ ਅਤੇ 'ਵੀਰ ਬਾਲ ਦਿਵਸ' ਵਰਗੇ ਉਪਰਾਲਿਆਂ ਦੀ ਵੀ ਸ਼ਲਾਘਾ ਕੀਤੀ। ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਇਹ ਮਾਣ ਵਾਲੀ ਗੱਲ ਹੈ ਕਿ ਇਸ ਨਗਰੀ ਦਾ ਜੰਮਪਲ ਅੱਜ ਦੇਸ਼ ਦੇ ਉੱਚ ਅਹੁਦੇ 'ਤੇ ਸੇਵਾ ਨਿਭਾ ਰਿਹਾ ਹੈ। ਇਸ ਦੇ ਨਾਲ ਹੀ ਅੱਜ ਸ੍ਰੀ ਗੁਰੂ ਅੰਗਦ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਪਵਿੱਤਰ ਦਿਹਾੜੇ 'ਤੇ ਉਨ੍ਹਾਂ ਸਮੂਹ ਸੰਗਤਾਂ ਨੂੰ ਵਧਾਈ ਦਿੱਤੀ। ਉਨ੍ਹਾਂ ਗੁਰੂ ਸਾਹਿਬ ਵੱਲੋਂ ਬਖਸ਼ੀ ਗੁਰਮੁਖੀ ਲਿਪੀ ਅਤੇ ਸੇਵਾ-ਸਿਮਰਨ ਦੇ ਸਿਧਾਂਤਾਂ 'ਤੇ ਚੱਲਣ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਗੁਰਦੁਆਰਾ ਸਾਹਿਬ ਵਿਖੇ ਰੌਣਕਾਂ ਰਹੀਆਂ ਅਤੇ ਸੰਗਤਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ।

## ਇਟਲੀ 'ਚ ਵੱਡੀ ਵਾਰਦਾਤ ! ਗੁਰਦੁਆਰਾ ਸਾਹਿਬ ਮੂਹਰੇ ਅੰਨ੍ਹੇਵਾਹ ਫਾਇਰਿੰਗ, 2 ਸਿੱਖ ਸੇਵਾਦਾਰਾਂ ਦੀ ਮੌਤ

**ਬੈਰਗਾਮੋ, 18 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਇਟਲੀ ਵਿੱਚ ਖਾਲਸਾ ਪੰਥ ਦੇ ਜਨਮ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਸਿੱਖ ਸੰਗਤ ਵੱਲੋਂ ਬਹੁਤ ਹੀ ਸ਼ਰਧਾ ਤੇ ਉਤਸ਼ਾਹ ਨਾਲ ਸਜਾਏ ਜਾ ਰਹੇ ਹਨ। ਬੀਤੀ ਰਾਤ ਲੰਬਾਰਦੀਆਂ ਸੂਬੇ ਦੇ ਜ਼ਿਲ੍ਹਾ ਬੈਰਗਾਮੋ ਦੇ ਸ਼ਹਿਰ ਕੋਵੋ ਵਿਖੇ ਸਥਿਤ ਗੁਰਦੁਆਰਾ ਮਾਤਾ ਸਾਹਿਬ ਕੌਰ ਜੀ ਦੇ ਪ੍ਰਵੇਸ਼ ਦੁਆਰਾ 'ਤੇ ਅਗਿਆਤ ਹਮਲਾਵਰ ਨੇ ਗੋਲੀਆਂ ਮਾਰ ਕੇ ਭਾਰਤੀ ਮੂਲ ਦੇ ਦੋ ਸਿੱਖਾਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ, ਜਿਸ ਨਾਲ ਕਿ ਇਟਲੀ ਭਰ ਵਿੱਚ ਵਸਦੇ ਭਾਰਤੀ ਭਾਈਚਾਰੇ ਵਿੱਚ ਮਾਤਮ ਛਾਅ ਗਿਆ। ਮਿਲੀ ਜਾਣਕਾਰੀ ਅਨੁਸਾਰ ਗੁਰਦੁਆਰਾ ਮਾਤਾ ਸਾਹਿਬ ਕੌਰ ਜੀ ਕੋਵੋ (ਬੈਰਗਾਮੋ) ਦੀ ਪ੍ਰਬੰਧਕ ਕਮੇਟੀ ਨੇ ਖਾਲਸਾ ਪੰਥ ਦੇ ਸਾਜਨਾ ਦਿਵਸ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ 18 ਅਪ੍ਰੈਲ ਦਿਨ ਸ਼ਨੀਵਾਰ ਨੂੰ ਸਜਾਉਣਾ ਸੀ, ਜਿਸ ਦੀਆਂ ਸਾਰੀਆਂ ਤਿਆਰੀਆਂ ਵੀ ਮੁਕੰਮਲ ਹੋ ਚੁੱਕੀਆਂ ਸਨ ਪਰ ਨਗਰ ਕੀਰਤਨ ਤੋਂ 1 ਦਿਨ ਪਹਿਲਾਂ ਬੀਤੀ ਰਾਤ ਨੂੰ ਜਦੋਂ ਸੰਗਤਾਂ ਗੁਰੂਘਰ ਵਿਚ ਨਤਮਸਤਕ ਹੋ ਕੇ ਆਪਣੇ ਘਰਾਂ ਨੂੰ ਜਾ ਰਹੀਆਂ ਸਨ, ਉਸੇ ਵੇਲੇ ਅਗਿਆਤ







ਆਵਾਜ਼ਿ ਕੌਮ
AWAZE QAUM
International Newspaper & WEB TV

ਹਮਲਾਵਰ ਨੇ ਗੁਰਦੁਆਰਾ ਸਾਹਿਬ ਤੋਂ ਬਾਹਰ ਨਿਕਲਦੇ ਲੋਕਾਂ ਤੇ ਅੰਨ੍ਹੇਵਾਹ ਗੋਲੀਬਾਰੀ ਕਰ ਦਿੱਤੀ। ਘਟਨਾ ਦੀ ਜਾਣਕਾਰੀ ਮਿਲਦੇ ਹੀ ਬੇਸ਼ੱਕ ਇਟਾਲੀਅਨ ਪੁਲਸ ਹਰਕਤ ਵਿੱਚ ਆ ਗਈ। ਦੂਜੇ ਪਾਸੇ ਗੰਭੀਰ ਜ਼ਖ਼ਮੀ ਸੇਵਾਦਾਰਾਂ ਨੂੰ ਹਸਪਤਾਲ ਲਿਜਾਇਆ ਗਿਆ ਜਿੱਥੇ ਡਾਕਟਰਾਂ ਨੇ ਉਨ੍ਹਾਂ ਨੂੰ ਮ੍ਰਿਤਕ ਘੋਸ਼ਿਤ ਕਰ ਦਿੱਤਾ। ਪੁਲਸ ਕੈਮਰਿਆਂ ਅਤੇ ਹੋਰ ਮੌਕੇ ਦੇ ਚਸ਼ਮਦੀਦ ਗਵਾਹਾਂ ਤੋਂ ਮਾਮਲੇ ਦੀ ਬਾਰੀਕੀ ਨਾਲ ਜਾਂਚ ਕਰ ਰਹੀ ਹੈ ਜਦੋਂ ਕਿ ਅੱਜ ਸਜਾਇਆ ਜਾਣ ਵਾਲਾ ਨਗਰ ਕੀਰਤਨ ਰੱਦ ਕਰ ਦਿੱਤਾ ਗਿਆ ਹੈ। ਇਸ ਘਟੀ ਘਟਨਾ ਦੇ ਅਸਲ ਕਾਰਨ ਕੀ ਹੋ ਸਕਦੇ ਹਨ ਇਹ ਚਰਚਾ ਦਾ ਵਿਸ਼ਾ ਬਣਾ ਗਿਆ ਹੈ। ਦੂਜੇ ਪਾਸੇ ਪੁਲਿਸ ਵੀ ਬਹੁਤ ਹੀ ਬਰੀਕੀ ਨਾਲ ਮਾਮਲੇ ਦੀ ਜਾਂਚ ਕਰ ਰਹੀ ਹੈ ਪਰ ਸਿੱਖ ਸੰਗਤ ਲਈ ਇਹ ਘਟਨਾ ਬੇਹੱਦ ਦੁਖਦਾਈ ਹੈ। ਮ੍ਰਿਤਕਾਂ ਦੀ ਪਛਾਣ ਰਾਜਿੰਦਰ ਸਿੰਘ (48), ਜੋ ਕੋਵੋ ਵਿੱਚ ਰਹਿੰਦੇ ਸਨ ਅਤੇ ਗੁਰਦੁਆਰਾ ਕਮੇਟੀ ਦੇ ਸਾਬਕਾ ਪ੍ਰਧਾਨ ਰਹਿ ਚੁੱਕੇ ਸਨ, ਅਤੇ ਗੁਰਮੀਤ ਸਿੰਘ (48), ਜੋ ਅਗਨਾਦੇਲੋ ਵਿੱਚ ਰਹਿੰਦੇ ਸਨ, ਵਜੋਂ ਹੋਈ ਹੈ। ਦੋਵੇਂ ਆਪਣੇ ਪਿੱਛੇ ਪਰਿਵਾਰ ਛੱਡ ਗਏ ਹਨ। ਪੁਲਿਸ ਦੇ ਮੁੱਢਲੇ ਅੰਦਾਜ਼ੇ ਮੁਤਾਬਕ, ਦੋਵੇਂ ਵਿਅਕਤੀ ਗੁਰਦੁਆਰੇ ਤੋਂ ਬਾਹਰ ਨਿਕਲਣ ਉਪਰੰਤ ਅਚਾਨਕ ਹਮਲੇ ਦਾ ਨਿਸ਼ਾਨ ਬਣੇ। ਹਮਲਾਵਰ ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਮੌਕੇ ਤੋਂ ਫਰਾਰ ਹੋ ਗਿਆ। ਪੁਲਿਸ ਵੱਲੋਂ ਇਲਾਕੇ ਨੂੰ ਘੇਰ ਕੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਦੋਸ਼ੀ ਦੀ ਪਛਾਣ ਲਈ ਤਲਾਸ਼ ਜਾਰੀ ਹੈ। ਹਮਲੇ ਦੇ ਪਿੱਛੇ ਦੇ ਕਾਰਨਾਂ ਦੀ ਵੀ ਜਾਂਚ ਕੀਤੀ ਜਾ ਰਹੀ ਹੈ। ਇਸ ਘਟਨਾ ਨਾਲ ਸਥਾਨਕ ਸਿੱਖ ਭਾਈਚਾਰੇ ਵਿੱਚ ਗਹਿਰਾ ਸੋਗ ਅਤੇ ਚਿੰਤਾ ਦਾ ਮਾਹੌਲ ਪੈਦਾ ਹੋ ਗਿਆ ਹੈ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਅਵਤਾਰ ਪੁਰਬ

☛ ਜੋੜ ਮੇਲਾ ਗੁਰੂ ਕੀ ਕਾਸ਼ੀ ਦਮਦਮਾ ਸਾਹਿਬ ਜੀ। ☛ 13 ਅਪ੍ਰੈਲ 1978 ਨਕਲੀ ਨਿਰੰਕਾਰੀ ਕਾਂਡ 13 ਸਿੰਘਾਂ ਦੀ ਸ਼ਹੀਦੀ ਦਿਹਾੜਾ ☛ ਅਵਤਾਰ ਪੁਰਬ : ਧੰਨ ਸ਼੍ਰੀ ਗੁਰੂ ਅੰਗਦ ਦੇਵ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।

ਸ਼ੁੱਕਰਵਾਰ 17 ਅਪ੍ਰੈਲ ਸਵੇਰੇ 10:00 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੀ ਅਰੰਭਤਾ ਹੋਵੇਗੀ ਅਤੇ 19 ਅਪ੍ਰੈਲ ਐਤਵਾਰ ਸਵੇਰੇ 10: 00 ਵਜੇ ਭੋਗ ਪੈਣਗੇ ਉਪਰੰਤ ਦੀਵਾਨ ਸਜਣਗੇ।

☛ ਸ਼ਨਿੱਚਰਵਾਰ 18 ਅਪ੍ਰੈਲ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ। ☛ ਐਤਵਾਰ 19 ਅਪ੍ਰੈਲ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:00 ਵਜੇ ਭੋਗ ਪੈਣ ਉਪਰੰਤ 12:30 ਵਜੇ ਤੱਕ ਦੀਵਾਨ ਸਜਣਗੇ।

ਕੀਰਤਨੀ ਜਥਾ ਰਾਗੀ ਬੀਬੀ ਮਨਕਰਨ ਕੌਰ ਦਾ ਜਥਾ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

# ਅਕਾਲੀ ਆਗੂ ਜਥੇਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਜਥੇਦਾਰ ਬ੍ਰਹਮਪੁਰਾ ਪਰਿਵਾਰ ਦੇ ਹੱਕ ਵਿੱਚ ਹਾਅ ਦਾ ਨਾਅਰਾ ਮਾਰਿਆ



ਤਰਨ ਤਾਰਨ 18 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)-ਸ਼੍ਰੋਮਣੀ ਅਕਾਲੀ ਦਲ ਦੇ ਮੌਜੂਦਾ ਹਾਲਾਤਾਂ ਅਤੇ ਪਾਰਟੀ ਦੇ ਲਗਾਤਾਰ ਡਿੱਗ ਰਹੇ ਸਿਆਸੀ ਗ੍ਰਾਫ 'ਤੇ ਡੂੰਘੀ ਚਿੰਤਾ ਪ੍ਰਗਟ ਕਰਦਿਆਂ, ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਸੀਨੀਅਰ ਮੀਤ ਪ੍ਰਧਾਨ ਕਰਨੈਲ ਸਿੰਘ ਪੀਰਮੁਹੰਮਦ ਨੇ ਸ਼੍ਰੋਮਣੀ ਅਕਾਲੀ ਦਲ ਬਾਦਲ ਪਾਰਟੀ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਸਖ਼ਤ ਨਸੀਹਤ ਦਿੱਤੀ ਹੈ। ਉਹਨਾਂ ਸਪੱਸ਼ਟ ਕੀਤਾ ਕਿ ਗਲਤ ਸਲਾਹਕਾਰਾਂ ਦੇ ਪ੍ਰਭਾਵ ਹੇਠ ਆ ਕੇ ਮਰਹੂਮ ਜਥੇਦਾਰ ਰਣਜੀਤ ਸਿੰਘ ਬ੍ਰਹਮਪੁਰਾ ਵਰਗੇ ਕੱਦਾਵਰ ਟਕਸਾਲੀ ਆਗੂਆਂ ਦੇ ਪਰਿਵਾਰਾਂ ਨੂੰ ਨਜ਼ਰਅੰਦਾਜ਼ ਕਰਨਾ ਪਾਰਟੀ ਲਈ ਸਿਆਸੀ ਖ਼ੁਦਕੁਸ਼ੀ ਸਾਬਤ ਹੋਵੇਗਾ। ਸ੍ਰ. ਪੀਰਮੁਹੰਮਦ ਨੇ ਆਖਿਆ ਕਿ ਅਕਾਲੀ ਧੜਿਆਂ ਦੀ ਏਕਤਾ ਪਾਰਟੀ ਦੀ ਮਜ਼ਬੂਤੀ ਅਤੇ ਪੰਥਕ ਏਕਤਾ ਦੀ ਬਹਾਲੀ ਦਾ ਇੱਕੋ-ਇੱਕ ਰਾਹ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਨੂੰ ਸਮਰਪਿਤ ਹੋਣਾ ਹੈ। ਉਹਨਾਂ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਨੇਕ ਸਲਾਹ ਦਿੰਦਿਆਂ ਕਿਹਾ ਕਿ ਪਾਰਟੀ ਦੇ ਭਵਿੱਖੀ ਫ਼ੈਸਲੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਮਰਪਿਤ ਹੋਕੇ ਲੈਣ ਅਤੇ ਅਹੁਦਿਆਂ ਦੀ ਵੰਡ ਕਰਨ ਵੇਲੇ 2 ਦਸੰਬਰ ਦੇ ਹੁਕਮਨਾਮੇ ਨੂੰ ਮੁੱਖ ਆਧਾਰ ਬਣਾਇਆ ਜਾਵੇ। ਉਹਨਾਂ ਸਪੱਸ਼ਟ ਇਸ਼ਾਰਾ ਕਰਦਿਆਂ ਕਿਹਾ ਕਿ ਸਿਰਫ਼ ਸਿਆਸੀ ਜੋੜ-ਤੋੜ ਅਤੇ ਅਹੁਦਿਆਂ ਦੀ ਵੰਡ ਨਾਲ ਪਾਰਟੀ ਮਜ਼ਬੂਤ ਨਹੀਂ ਹੋਵੇਗੀ, ਬਲਕਿ ਹਰੇਕ ਵਰਕਰ ਅਤੇ ਟਕਸਾਲੀ ਆਗੂ ਨੂੰ ਇਹ ਅਹਿਸਾਸ ਕਰਵਾਉਣਾ ਪਵੇਗਾ ਕਿ ਪਾਰਟੀ ਵਿੱਚ ਉਹਨਾਂ ਦਾ ਮਾਣ-ਸਨਮਾਨ ਸੁਰੱਖਿਅਤ ਹੈ। ਗਲਤ ਸਲਾਹਕਾਰਾਂ ਦੀਆਂ ਚਾਲਾਂ ਵਿੱਚ ਆ ਕੇ ਲਏ ਗਏ ਫੈਸਲਿਆਂ ਨੇ ਹੀ ਸਾਡੀ ਤਾਕਤ ਨੂੰ ਖਿੰਡਾਇਆ ਹੈ ਅਤੇ ਪੰਥਕ ਸਫ਼ਾਂ ਵਿੱਚ ਭਾਰੀ ਨਿਰਾਸ਼ਾ ਪੈਦਾ ਕੀਤੀ ਹੈ। ਪੰਥਕ ਸਰਮਾਏ ਦਾ ਜ਼ਿਕਰ ਕਰਦਿਆਂ ਉਹਨਾਂ ਕਿਹਾ ਕਿ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਜਥੇਬੰਦੀ ਅਤੇ ਮਰਹੂਮ ਜਥੇਦਾਰ ਰਣਜੀਤ ਸਿੰਘ ਬ੍ਰਹਮਪੁਰਾ, ਜਥੇਦਾਰ ਗੁਰਚਰਨ ਸਿੰਘ ਟੌਹੜਾ, ਸੁਖਦੇਵ ਸਿੰਘ ਢੀਂਡਸਾ, ਸੁਰਜੀਤ ਸਿੰਘ ਬਰਨਾਲਾ, ਜਥੇਦਾਰ ਪ੍ਰੇਮ ਸਿੰਘ ਲਾਲਪੁਰਾ, ਜਥੇਦਾਰ ਮੋਹਣ ਸਿੰਘ ਤੁੜ, ਸੇਵਾ ਸਿੰਘ ਸੇਖਵਾਂ, ਪ੍ਰਕਾਸ਼ ਸਿੰਘ ਮਜੀਠਾ, ਜਥੇਦਾਰ ਜਗਦੇਵ ਸਿੰਘ ਤਲਵੰਡੀ ਅਤੇ ਕੈਪਟਨ ਕੰਵਲਜੀਤ ਸਿੰਘ ਵਰਗੇ ਅਨੇਕਾਂ ਹੋਰ ਟਕਸਾਲੀ ਅਕਾਲੀ ਮਹਾਨ ਆਗੂਆਂ ਦੇ ਪਰਿਵਾਰ ਹੀ ਪਾਰਟੀ ਦੀ ਰੂਹ ਅਤੇ ਅਸਲ ਤਾਕਤ ਹਨ। ਇਹਨਾਂ ਪਰਿਵਾਰਾਂ ਦੀਆਂ ਪੰਥਕ ਘਾਲਣਾਵਾਂ ਨੂੰ ਬਣਦਾ ਮਾਣ-ਸਤਿਕਾਰ ਦੇ ਕੇ ਹੀ ਪਾਰਟੀ ਮੁੜ ਆਪਣੇ ਪੈਰਾਂ 'ਤੇ ਖੜ੍ਹੀ ਹੋ ਸਕਦੀ ਹੈ। ਜੇਕਰ ਅਸੀਂ ਚਾਹੁੰਦੇ ਹਾਂ ਕਿ ਪੰਜਾਬ ਵਿੱਚ ਇੱਕ ਵਾਰ ਫਿਰ ਪੰਥਕ ਸਰਕਾਰ ਦਾ ਮੁੱਢ ਬੱਝੇ ਅਤੇ ਲੋਕਾਂ ਦਾ ਵਿਸ਼ਵਾਸ ਬਹਾਲ ਹੋਵੇ, ਤਾਂ ਸਾਨੂੰ ਸਿਧਾਂਤਾਂ 'ਤੇ ਪਹਿਰਾ ਦੇਣਾ ਪਵੇਗਾ। ਆਪਣੀ ਲੀਡਰਸ਼ਿਪ ਨੂੰ ਸਵੈ-ਪੜਚੋਲ ਕਰਨ ਦੀ ਸਲਾਹ ਦਿੰਦਿਆਂ ਸ੍ਰ. ਪੀਰਮੁਹੰਮਦ ਨੇ ਕਿਹਾ ਕਿ ਅੱਜ ਵਕਤ ਆ ਗਿਆ ਹੈ ਕਿ ਅਸੀਂ ਨਿੱਜੀ ਸਵਾਰਥਾਂ ਨੂੰ ਛੱਡ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਨੂੰ ਸਰਵਉੱਚ ਮੰਨੀਏ। ਇਸੇ ਵਿੱਚ ਹੀ ਪੰਥ ਦੀ ਚੜ੍ਹਦੀ ਕਲਾ ਅਤੇ ਅਕਾਲੀ ਦਲ ਦੀ ਮੁੜ-ਸੁਰਜੀਤੀ ਦਾ ਰਾਜ਼ ਛੁਪਿਆ ਹੈ। ਉਹਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਨੇ ਪਹਿਲਕਦਮੀ ਕਰਦਿਆਂ ਅੱਠ ਮੈਂਬਰੀ 'ਏਕਤਾ ਕਮੇਟੀ' ਦਾ ਗਠਨ ਕੀਤਾ ਹੈ, ਜੋ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਮਰਪਿਤ ਪੰਥਕ ਜਥੇਬੰਦੀਆਂ ਨਾਲ ਤਾਲਮੇਲ ਕਰਕੇ ਪੰਥਕ ਏਕਤਾ ਦਾ ਸੰਕਲਪ ਪੂਰਾ ਕਰੇਗੀ।







ਆਵਾਜ਼ਿ ਕੌਮ
Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV




ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ





Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

ਗਲੋਬਲ ਸਿੱਖ ਕੌਂਸਲ ਵੱਲੋਂ ਧਾਰਮਿਕ ਆਜ਼ਾਦੀ, ਤਕਨੀਕੀ ਵਿਗਾੜ ਤੇ

# ਗੁਰਮੁਖੀ ਦੇ ਮੁੱਦੇ ਸੰਸਦ 'ਚ ਉਠਾਉਣ ਲਈ ਚਾਰਾਜੋਈ





**ਚੰਡੀਗੜ੍ਹ, 18 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-28 ਮੁਲਕਾਂ ਵਿੱਚ ਸਿੱਖ ਸੰਸਥਾਵਾਂ ਦੀ ਪ੍ਰਤਿਨਿਧ ਸੰਸਥਾ, ਗਲੋਬਲ ਸਿੱਖ ਕੌਂਸਲ, ਦੇ ਇੱਕ ਉੱਚ-ਪੱਧਰੀ ਵਫ਼ਦ ਨੇ ਨਵੀਂ ਦਿੱਲੀ ਵਿੱਚ ਰਾਜ ਸਭਾ ਮੈਂਬਰ ਵਿਕਰਮਜੀਤ ਸਿੰਘ ਸਾਹਨੀ ਨਾਲ ਮੁਲਾਕਾਤ ਕਰਕੇ ਸਿੱਖਾਂ ਦੀ ਧਾਰਮਿਕ ਆਜ਼ਾਦੀ, ਮਸਨੂਈ ਬੁੱਧੀ (ਆਰਟੀਫੀਸ਼ੀਅਲ ਇੰਟੈਲੀਜੈਂਸ) ਰਾਹੀਂ ਪਵਿੱਤਰ ਗੁਰਬਾਣੀ, ਗੁਰੂ ਸਾਹਿਬਾਨ ਤੇ ਸਿੱਖ ਸੰਸਥਾਵਾਂ ਦਾ ਨਿਰਾਦਰ ਕਰਨ ਅਤੇ ਭਾਸ਼ਾਈ ਵਿਰਾਸਤ ਦੀ ਸੰਭਾਲ ਨਾਲ ਜੁੜੇ ਅਹਿਮ ਮਸਲਿਆਂ 'ਤੇ ਤੁਰੰਤ ਵਿਧਾਨਕ ਅਤੇ ਪ੍ਰਸ਼ਾਸਕੀ ਕਦਮ ਚੁੱਕਣ ਦੀ ਮੰਗ ਕੀਤੀ। ਅਮਰੀਕਾ ਤੋਂ ਕੌਂਸਲ ਦੇ ਉਪ-ਪ੍ਰਧਾਨ ਸਰਦਾਰ ਪਰਮਜੀਤ ਸਿੰਘ ਬੇਦੀ ਦੀ ਅਗਵਾਈ ਹੇਠ ਵਫ਼ਦ ਨੇ ਅਤਿ-ਆਧੁਨਿਕ ਤਕਨੀਕਾਂ ਦੇ ਗਲਤ ਇਸਤੇਮਾਲ ਅਤੇ ਸਿੱਖ ਕੌਮ ਸਾਹਮਣੇ ਖੜ੍ਹੀਆਂ ਚੁਣੌਤੀਆਂ ਦੇ ਹੱਲ ਲਈ ਮੁੱਦੇ ਸੰਸਦੀ ਪੱਧਰ 'ਤੇ ਉਠਾਉਣ ਦੀ ਲੋੜ ਉੱਤੇ ਜ਼ੋਰ ਦਿੱਤਾ। ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਨਾ ਕੌਂਸਲ ਦੇ ਖਜਾਨਚੀ ਸਰਦਾਰ ਹਰਸਰਨ ਸਿੰਘ ਪੁਡੂਚੇਰੀ, ਅਫਗਾਨਿਸਤਾਨ ਤੋਂ ਮੈਂਬਰ ਸਰਦਾਰ ਗੁਲਜੀਤ ਸਿੰਘ ਅਤੇ 'ਸਿੱਖ ਕੁਲੈਕਿਟਿਵ' ਦੇ ਕਨਵੀਨਰ ਸਰਦਾਰ ਜਗਮੋਹਨ ਸਿੰਘ ਵੀ ਸ਼ਾਮਲ ਸਨ। ਕੌਂਸਲ ਦੀ ਪ੍ਰਧਾਨ ਡਾ. ਕੰਵਲਜੀਤ ਕੌਰ ਯੂਕੇ ਦਾ ਸੰਦੇਸ਼ ਦਿੰਦਿਆਂ ਸਰਦਾਰ ਬੇਦੀ ਨੇ ਸੰਸਦ ਵਿੱਚ ਸਿੱਖ ਮਸਲਿਆਂ ਨੂੰ ਮਜ਼ਬੂਤੀ ਨਾਲ ਉਠਾਉਣ ਲਈ ਸਰਦਾਰ ਸਾਹਨੀ ਦੇ ਯਤਨਾਂ ਦੀ ਪ੍ਰਸ਼ੰਸਾ ਕੀਤੀ। ਵਫ਼ਦ ਨੇ ਖਾਸ ਤੌਰ 'ਤੇ ਪੰਜਾਬ ਸਮੇਤ ਵੱਖ-ਵੱਖ ਖੇਤਰਾਂ ਵਿੱਚ ਨੌਜਵਾਨਾਂ ਲਈ ਸਿੱਖਿਆ ਅਤੇ ਹੁਨਰ ਵਿਕਾਸ ਦੇ ਉਪਰਾਲਿਆਂ ਨੂੰ ਸਰਾਹਿਆ। ਮੀਟਿੰਗ ਦੌਰਾਨ ਕਈ ਅਹਿਮ ਮਸਲਿਆਂ 'ਤੇ ਚਰਚਾ ਹੋਈ ਜਿਨ੍ਹਾਂ ਵਿੱਚ ਸਭ ਤੋਂ ਵੱਡਾ ਮਸਲਾ ਦੇਸ਼ ਭਰ ਵਿੱਚ ਵੱਖ-ਵੱਖ ਇਮਤਿਹਾਨਾਂ ਦੌਰਾਨ ਸਿੱਖ ਵਿਦਿਆਰਥੀਆਂ ਦੇ ਕਕਾਰਾਂ ਨੂੰ ਲੈ ਕੇ ਦਰਪੇਸ਼ ਸਮੱਸਿਆ ਹੈ ਅਤੇ ਅੰਮ੍ਰਿਤਧਾਰੀ ਪ੍ਰੀਖਿਆਰਥੀਆਂ ਨੂੰ ਅਕਸਰ ਕੜਾ, ਕਿਰਪਾਨ ਅਤੇ ਦਸਤਾਰ ਵਰਗੇ ਧਾਰਮਿਕ ਚਿੰਨ ਲਾਹੁਣ ਲਈ ਮਜਬੂਰ ਕੀਤਾ ਜਾਂਦਾ ਹੈ ਜਿਸ ਨਾਲ ਉਨ੍ਹਾਂ ਦੀ ਅਣਖ-ਇਜ਼ਤ ਅਤੇ ਸੰਵਿਧਾਨਕ ਧਾਰਮਿਕ ਅਧਿਕਾਰਾਂ ਨੂੰ ਠੇਸ ਪਹੁੰਚਦੀ ਹੈ। ਕੌਂਸਲ ਨੇ ਇਸ ਮਸਲੇ ਨੂੰ ਗੰਭੀਰ ਮੰਨਦਿਆਂ ਇਸਦਾ ਤੁਰੰਤ ਹੱਲ ਲੱਭਣ ਦੀ ਲੋੜ ਉੱਤੇ ਜ਼ੋਰ ਦਿੱਤਾ। ਇਸ ਤੋਂ ਇਲਾਵਾ, ਕੌਂਸਲ ਨੇ "ਤਕਨੀਕੀ ਬੇਅਦਬੀ" ਸਬੰਧੀ ਵੀ ਗੰਭੀਰ ਚਿੰਤਾ ਜ਼ਾਹਿਰ ਕੀਤੀ ਜਿਸ ਅਧੀਨ ਮਸਨੂਈ ਬੁੱਧੀ ਅਤੇ ਨਵੀਨਤਮ ਡਿਜ਼ਿਟਲ ਤਕਨੀਕਾਂ ਰਾਹੀਂ ਗੁਰਬਾਣੀ, ਸਿੱਖ ਸੰਸਥਾਵਾਂ ਅਤੇ ਸਿੱਖ ਸਿਧਾਂਤਾਂ ਨੂੰ ਸੋਸ਼ਲ ਮੀਡੀਆ 'ਤੇ ਤੋੜ-ਮਰੋੜ ਕੇ ਪੇਸ਼ ਕੀਤਾ ਜਾ ਰਿਹਾ ਹੈ। ਵਫ਼ਦ ਨੇ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਅਜਿਹੀ ਭ੍ਰਮਿਤ ਕਰਨ ਵਾਲੀ ਅਤੇ ਧਾਰਮਿਕ ਭਾਵਨਾਵਾਂ ਦਾ ਖਿਲਵਾੜ ਕਰਦੀ ਡਿਜ਼ਿਟਲ ਸਮੱਗਰੀ 'ਤੇ ਰੋਕ ਲਗਾਉਣ ਲਈ ਸਖ਼ਤ ਨਿਯਮ ਬਣਾਏ ਜਾਣ ਤਾਂ ਜੋ ਸਿੱਖ ਮਰਯਾਦਾ ਦੀ ਪਵਿੱਤਰਤਾ ਕਾਇਮ ਰਹੇ।

**ਸੰਸਦ ਮੈਂਬਰ ਵਿਕਰਮਜੀਤ ਸਿੰਘ ਸਾਹਨੀ ਵੱਲੋਂ ਸਿੱਖਾਂ ਦੇ ਹੱਕਾਂ ਤੇ ਪੰਜਾਬੀ ਨਾਲ ਸੰਬੰਧਿਤ ਮਸਲਿਆਂ 'ਤੇ ਪੂਰਨ ਸਹਿਯੋਗ ਦਾ ਭਰੋਸਾ**

ਇਸ ਤੋਂ ਇਲਾਵਾ ਸਿੱਖ ਇਤਿਹਾਸ, ਪਹਿਚਾਣ ਅਤੇ ਧਾਰਮਿਕ ਕਦਰਾਂ-ਕੀਮਤਾਂ ਨਾਲ ਜੁੜੇ ਮਾਮਲਿਆਂ ਵਿੱਚ ਸੰਤੁਲਿਤ ਅਤੇ ਤੱਥਾਂ 'ਤੇ ਆਧਾਰਿਤ ਮੁਲਾਂਕਣ ਯਕੀਨੀ ਬਣਾਉਣ ਲਈ ਵਫ਼ਦ ਨੇ ਕੇਂਦਰੀ ਫਿਲਮ ਪ੍ਰਮਾਣ ਬੋਰਡ ਵਿੱਚ ਇੱਕ ਯੋਗ ਸਿੱਖ ਵਿਦਵਾਨ ਦੀ ਨਿਯੁਕਤੀ ਦੀ ਮੰਗ ਵੀ ਕੀਤੀ। ਇਸਦੇ ਨਾਲ ਹੀ ਦਿੱਲੀ ਦੀ ਪੰਜਾਬੀ ਅਕਾਦਮੀ ਦੀ ਮਾੜੀ ਪ੍ਰਸ਼ਾਸਕੀ ਸਥਿਤੀ 'ਤੇ ਚਿੰਤਾ ਜਿਤਾਉਂਦਿਆਂ ਇਸਦੀ ਕਾਰਗੁਜ਼ਾਰੀ ਦੀ ਸਮੀਖਿਆ ਕਰਨ ਦੀ ਲੋੜ ਉੱਤੇ ਜ਼ੋਰ ਦਿੱਤਾ ਤਾਂ ਜੋ ਪੰਜਾਬੀ ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਨੂੰ ਰਾਜਧਾਨੀ ਵਿੱਚ ਵਸਦੇ ਸਿੱਖਾਂ ਅੰਦਰ ਮਜ਼ਬੂਤ ਕੀਤਾ ਜਾ ਸਕੇ। ਕੌਂਸਲ ਨੇ 'ਕੇਂਦਰੀ ਗੁਰਮੁਖੀ ਯੂਨੀਵਰਸਿਟੀ' ਸਥਾਪਤ ਕਰਨ ਦੀ ਮੰਗ ਕਰਦਿਆਂ ਇਸ ਅਦਾਰੇ ਨੂੰ ਕੇਂਦਰੀ ਸੰਸਕ੍ਰਿਤ ਯੂਨੀਵਰਸਿਟੀ ਦੀ ਤਰਜ ਉਤੇ ਰਾਸ਼ਟਰੀ ਦਰਜਾ ਅਤੇ ਪੂਰਾ ਸੰਸਥਾਗਤ ਸਹਿਯੋਗ ਦਿੱਤਾ ਜਾਵੇ। ਵਫਦ ਨੇ ਕਿਹਾ ਕਿ ਪੰਜਾਬੀ ਭਾਸ਼ਾ ਅਤੇ ਗੁਰਮੁਖੀ ਲਿਪੀ ਸਿਰਫ਼ ਸੱਭਿਆਚਾਰਕ ਹੀ ਨਹੀਂ ਸਗੋਂ ਧਾਰਮਿਕ ਤੇ ਆਧਿਆਤਮਿਕ ਪੱਖੋਂ ਵੀ ਅਤਿ ਮਹੱਤਵਪੂਰਨ ਹੈ। ਇਸ ਲਈ ਪੰਜਾਬੀ ਭਾਸ਼ਾ ਦੀ ਪ੍ਰਫੁੱਲਤਾ, ਸੰਭਾਲ ਅਤੇ ਪ੍ਰਚਾਰ ਲਈ ਇੱਕ ਵਿਸ਼ੇਸ਼ ਕੌਮੀ ਸੰਸਥਾ ਸਥਾਪਤ ਕਰਨੀ ਬਹੁਤ ਜ਼ਰੂਰੀ ਹੈ। ਇਨ੍ਹਾਂ ਸਾਰੇ ਮਸਲਿਆਂ 'ਤੇ ਸਰਦਾਰ ਸਾਹਨੀ ਨੇ ਵਫ਼ਦ ਨੂੰ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਉਨ੍ਹਾਂ ਕਿਹਾ ਕਿ ਉਹ ਇਹ ਮਸਲੇ ਸੰਸਦ ਵਿੱਚ ਉਠਾਉਣਗੇ ਅਤੇ ਸੰਬੰਧਤ ਕੇਂਦਰੀ ਮੰਤਰੀਆਂ ਨਾਲ ਵੀ ਲਿਖਤੀ ਪੱਤਰਾਂ ਰਾਹੀਂ ਸਾਂਝਾ ਕਰਨਗੇ। ਉਨ੍ਹਾਂ ਕੌਮ ਦੀ ਭਲਾਈ, ਧਾਰਮਿਕ ਅਤੇ ਸੱਭਿਆਚਾਰਕ ਅਧਿਕਾਰਾਂ ਦੀ ਰੱਖਿਆ ਲਈ ਹਰ ਉਪਰਾਲੇ ਦਾ ਸਹਿਯੋਗ ਕਰਨ ਦੀ ਆਪਣੀ ਵਚਨਬੱਧਤਾ ਵੀ ਦੁਹਰਾਈ। ਮੀਟਿੰਗ ਦੌਰਾਨ ਸਰਦਾਰ ਸਾਹਨੀ ਨੂੰ ਇਸੇ ਸਾਲ ਅਕਤੂਬਰ ਮਹੀਨੇ ਚੰਡੀਗੜ੍ਹ ਵਿੱਚ ਹੋਣ ਵਾਲੀ ਕੌਂਸਲ ਦੀ ਸਾਲਾਨਾ ਮੀਟਿੰਗ ਵਿੱਚ ਸ਼ਾਮਲ ਹੋਣ ਲਈ ਸੱਦਾ ਦਿੱਤਾ ਗਿਆ ਜੋ ਉਨ੍ਹਾਂ ਨੇ ਸਵੀਕਾਰ ਕਰ ਲਿਆ।

ਆਵਾਜ਼ਿ ਕੌਮ AWAZE QAUM International Newspaper & WEB TV

## ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਨੌਜਵਾਨਾਂ ਵੱਲੋਂ ਸਿਖਲਾਈ ਕੈਂਪ ਦੌਰਾਨ ਸਜਾਈਆਂ ਸੋਹਣੀਆਂ ਦਸਤਾਰਾਂ



ਤਲਵੰਡੀ ਸਾਬੋ, 18 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਦਸਤਾਰ-ਏ-ਖ਼ਾਲਸਾ ਰਾਜਪੁਰਾ ਕੈਲੇਫੋਰਨੀਆ ਅਤੇ ਸ਼ਹੀਦ ਭਾਈ ਤਾਰੂ ਸਿੰਘ ਦਸਤਾਰ ਸਿਖਲਾਈ ਸੇਵਾ ਸੁਸਾਇਟੀ ਵੱਲੋਂ 2 ਦਿਨ ਦਾ ਦਸਤਾਰ ਸਿਖਲਾਈ ਕੈਂਪ ਲਗਾਇਆ ਗਿਆ ਜਿਸ ਵਿੱਚ ਬਹੁਤ ਸਾਰੇ ਬੱਚਿਆਂ ਅਤੇ ਨੌਜਵਾਨਾਂ ਦੇ ਸਿਰਾਂ ਤੇ ਦਸਤਾਰ ਕੋਚਾਂ ਵੱਲੋਂ ਦਸਤਾਰਾਂ ਸਜਾਈਆਂ ਗਈਆਂ ਜਿਨ੍ਹਾਂ ਨੇ ਕੇਸ ਰੱਖਣ ਦਾ ਪ੍ਰਣ ਕੀਤਾ ਉਹਨਾ ਵੀਰਾਂ ਨੂੰ ਭਾਈ ਲਖਵਿੰਦਰ ਸਿੰਘ ਲੱਖਾ ਯੂ.ਐਸ.ਏ ਦੇ ਸਹਿਯੋਗ ਦੇ ਨਾਲ ਦਸਤਾਰਾਂ ਦਿੱਤੀਆਂ ਗਈਆਂ ਸੁਸਾਇਟੀ ਦੇ ਪ੍ਰਧਾਨ ਭਾਈ ਸਿਮਰਨਜੋਤ ਸਿੰਘ ਖ਼ਾਲਸਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਹ ਕੈਂਪ ਖ਼ਾਲਸਾ ਸਾਜਨਾ ਦਿਹਾੜੇ ਨੂੰ ਸਮਰਪਿਤ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਲਗਾਇਆ ਗਿਆ ਹੈ। ਕੈਂਪ ਲਗਾਉਣ ਦਾ ਮੁੱਖ ਕਾਰਨ ਨੌਜਵਾਨਾਂ ਪੀੜ੍ਹੀ ਨੂੰ ਦਸਤਾਰ ਅਤੇ ਸਿੱਖੀ ਸਰੂਪ ਨਾਲ ਜੋੜਾ ਹੈ ਇਹ ਸੰਸਥਾਵਾਂ ਵੱਲੋਂ ਲੰਮੇ ਸਮੇਂ ਤੋਂ ਦਸਤਾਰ ਦੇ ਕੈਂਪ ਅਤੇ ਬਹੁਤ ਵੱਡੇ ਪੱਧਰ ਤੇ ਦਸਤਾਰ ਕੱਪ ਕਰਵਾ ਚੁੱਕੇ ਹਨ। ਸਰਦਾਰ-ਏ-ਪਟਿਆਲਾ ਸ਼ਾਹੀ ਗੁਰਿੰਦਰ ਸਿੰਘ ਕਿੰਗ ਵੱਲੋਂ ਆਏ ਹੋਏ ਦਸਤਾਰ ਕੋਚਾਂ ਦਾ ਸਨਮਾਨ ਕੀਤਾ ਅਤੇ ਨੌਜਵਾਨਾਂ ਵਿੱਚ ਦਸਤਾਰ ਪ੍ਰਤੀ ਉਤਸ਼ਾਹਿਤ ਪੈਦਾ ਕੀਤਾ ਗਿਆ। ਹਜਾਰਾਂ ਨੌਜਵਾਨਾਂ ਦੇ ਸਿਰਾਂ 'ਤੇ ਸੋਹਣੀਆਂ ਦਸਤਾਰਾਂ ਸਜਾਈਆਂ ਗਈਆਂ ਅਤੇ ਬਹੁਤ ਸਾਰੇ ਬੱਚਿਆਂ ਨੇ ਕੇਸ ਰੱਖਣ ਦਾ ਪ੍ਰਣ ਕੀਤਾ। ਸੰਸਥਾਵਾਂ ਦੇ ਮੈਂਬਰ ਅਤੇ ਦਸਤਾਰ ਕੋਚਾਂ ਗੁਰਦਿੱਤ ਸਿੰਘ, ਵਰਿੰਦਰ ਸਿੰਘ, ਹਰਕੀਰਤ ਸਿੰਘ, ਇੰਦਰਜੀਤ ਸਿੰਘ, ਮੱਖਣ ਸਿੰਘ ਸਮਾਓ, ਗੁਲਾਬ ਸਿੰਘ, ਅਮਨਦੀਪ ਸਿੰਘ, ਮਨਦੀਪ ਸਿੰਘ, ਮਨਿੰਦਰ ਸਿੰਘ, ਬਲਵਿੰਦਰ ਸਿੰਘ ਮਨੀ, ਮਨਿੰਦਰਪਾਲ ਸਿੰਘ, ਨਿਰਮਲ ਸਿੰਘ, ਨਰਜੀਤ ਸਿੰਘ ਅਤੇ ਚਰਨਜੀਤ ਸਿੰਘ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਕੇਂਦਰ ਦੀ ਮੋਦੀ ਸਰਕਾਰ ਵੱਲੋਂ ਕਣਕ ਦੀ ਖਰੀਦ 'ਚ ਦਿੱਤੀਆਂ ਰਿਆਇਤਾਂ ਦਾ ਨੀਲੂ ਮਿੱਤਲ ਨੇ ਕੀਤਾ ਸਵਾਗਤ



ਧੂਰੀ ( ਰਣਜੀਤ ਸਿੰਘ ਪੇਧਨੀ )- ਭਾਜਪਾ ਦੀ ਕੇਂਦਰ ਸਰਕਾਰ ਵੱਲੋਂ ਬੇਮੌਸਮੀ ਬਾਰਿਸ਼ ਨਾਲ ਕਣਕ ਦੇ ਹੋਏ ਖਰਾਬੇ ਤੋਂ ਰਾਹਤ ਦੇਣ ਲਈ ਖਰੀਦ 'ਚ ਦਿੱਤੀਆਂ ਰਿਆਇਤਾਂ ਦਾ ਸਵਾਗਤ ਕਰਦਿਆ ਭਾਜਪਾ ਦੇ ਸੀਨੀਅਰ ਆਗੂ ਕ੍ਰਿਸਨ ਗੋਪਾਲ ਨੀਲੂ ਮਿੱਤਲ ਨੇ ਕਿਹਾ ਕਿ ਬੇਮੌਸਮੀ ਮੀਂਹ ਨਾਲ ਲੱਖਾਂ ਕਿਸਾਨ ਪ੍ਰਭਾਵਿਤ ਹੋਏ ਹਨ ਵੱਡੀ ਮਾਤਰਾ 'ਚ ਕਣਕ ਦੀ ਪੱਕੀ ਹੋਈ ਫ਼ਸਲ ਦਾ ਦਾਨਾ ਬਦਰੰਗਾ ਹੋ ਗਿਆ। ਕਿਸਾਨਾਂ ਦੀ ਮੰਡੀ ਚ ਆਈ ਹੋਈ ਬਦਰੰਗੀ ਫ਼ਸਲ ਨੂੰ ਖਰੀਦਣ 'ਚ ਖਰੀਦ ਏਜੰਸੀਆਂ ਆਨਾਕਾਨੀ ਕਰ ਰਹੀਆਂ ਸਨ। ਪਰੰਤੂ ਕਿਸਾਨ ਹਿਤੈਸ਼ੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਕੇਂਦਰੀ ਮੰਤਰੀ ਪ੍ਰਲਾਹਦ ਜੋਸ਼ੀ ਨੇ ਪੱਤਰ ਜਾਰੀ ਕਰ 70 ਫੀਸਦੀ ਬਦਰੰਗ ਅਤੇ 15 ਫੀਸਦੀ ਸੁੰਗੜ ਚੁੱਕੀ ਫਸਲ ਨੂੰ ਤੁਰੰਤ ਪੂਰੀ ਕੀਮਤ ਤੇ ਖਰੀਦ ਕਰਨ ਸਬੰਧੀ ਨਿਰਦੇਸ਼ ਜਾਰੀ ਕੀਤੇ ਹਨ। ਕੇਂਦਰ ਸਰਕਾਰ ਦਾ ਇਹ ਫੈਸਲਾ ਸ਼ਲਾਘਾਯੋਗ ਹੈ ਇਸ ਨਾਲ ਲੱਖਾਂ ਕਿਸਾਨਾਂ ਨੂੰ ਰਾਹਤ ਮਿਲੇਗੀ। ਉਨ੍ਹਾਂ ਕਿਹਾ ਕੇਂਦਰ ਦੀ ਭਾਜਪਾ ਸਰਕਾਰ ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਕਿਸਾਨੀ ਨੂੰ ਲੈ ਕੇ ਹਮੇਸ਼ਾ ਫਿਕਰਮੰਦ ਰਹਿੰਦੇ ਹਨ ਤੇ ਕਿਸਾਨੀ ਮੁਸ਼ਿਕਲਾਂ ਦੇ ਹੱਲ ਲਈ ਉਪਰਾਲੇ ਕਰਦੇ ਹਨ। ਉਨ੍ਹਾਂ ਕਿਹਾ ਕਿ ਫਸਲਾਂ ਦੀ ਖਰੀਦ ਦੇ ਇਤਜਾਮ ਹੋਣ ਜਾਂ ਕਿਸਾਨਾਂ ਨੂੰ ਮੁਆਵਜੇ ਦੇ ਮਾਮਲੇ ਹੋਣ ਭਗਵੰਤ ਮਾਨ ਸਰਕਾਰ ਨੇ ਕਦੇ ਵੀ ਸਮਾਂ ਰਹਿੰਦਿਆਂ ਕੋਈ ਠੋਸ ਕਦਮ ਨਹੀਂ ਚੁੱਕੇ ਕਣਕ ਦੀ ਫ਼ਸਲ ਦੇ ਖਰਾਬੇ ਵਾਰੇ ਗੁਆਂਢੀ ਰਾਜਸਥਾਨ ਤੇ ਹਰਿਆਣਾ ਰਾਜ ਨੇ ਸਮਾਂ ਰਹਿੰਦੇ ਕੇਂਦਰ ਸਰਕਾਰ ਤੱਕ ਪਹੁੰਚ ਕੀਤੀ ਤੇ ਉਨ੍ਹਾਂ ਨੂੰ ਤਰੁੰਤ ਰਾਹਤ ਦਿੱਤੀ ਗਈ ਸੀ।

## ਵਰ੍ਹੇਗੰਢ ਮੁਬਾਰਕ



ਵਿਆਹ ਦੀ ਵਰ੍ਹੇਗੰਢ, ਸੰਦੀਪ ਸਿੰਘ, ਮਨਦੀਪ ਕੌਰ ਵਾਸੀ ਰਈਆ ਨੇ ਆਪਣੇ ਵਿਆਹ ਦੀ 8 ਵੀ ਵਰ੍ਹੇਗੰਢ ਮਨਾਈ


(ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਕਬਜ਼ੇ ਦੀ ਨੀਅਤ ਨਾਲ ਸ਼ਾਹੀ ਬਾਰਾਂਦਰੀ ਦੀ ਭੰਨ-ਤੋੜ ਕਰਨ ਵਾਲਿਆਂ ਖਿਲਾਫ਼ ਸਖਤ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ

## ਦਿੱਲੀ ਕਮੇਟੀ ਨੇ 25 ਅਪ੍ਰੈਲ ਨੂੰ ਪੰਥਕ ਹਿਤੈਸ਼ੀਆਂ ਦੀ ਸ਼ਾਹੀ ਬਾਰਾਂ ਦਰੀ ਵਿਖੇ ਮੀਟਿੰਗ ਬੁਲਾਈ







**ਦੀਨਾ ਨਗਰ 18 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)** -ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਪੰਜਾਬ ਦੇ ਚੇਅਰਮੈਨ ਮਨਜੀਤ ਸਿੰਘ ਭੋਮਾ ਨੇ ਬੀਤੇ ਦਿਨੀਂ ਦੀਨਾਨਗਰ ਸਥਿਤ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੀ ਇਤਿਹਾਸਕ ਸ਼ਾਹੀ ਬਾਰਾਂਦਰੀ ਦੀ ਭੰਨ-ਤੋੜ ਕਰਨ ਵਾਲਿਆਂ ਖਿਲਾਫ਼ ਸਖਤ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ ਹੈ।

ਚੇਅਰਮੈਨ ਭੋਮਾ ਨੇ ਆਪਣੇ ਸਾਥੀਆਂ ਨਾਲ ਦੀਨਾਂ ਨਗਰ ਵਿਖੇ ਸਥਿਤ ਸ਼ਾਹੀ ਬਾਰਾਂ ਦਰੀ ਦਾ ਦੌਰਾ ਕਰਨ ਤੋਂ ਬਾਅਦ ਦੱਸਿਆ ਕਿ ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਕੋਲੋਂ ਮੰਗ ਕੀਤੀ ਹੈ ਕਿ ਪੰਜਾਬ ਸਰਕਾਰ ਦੇ ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਵਿਭਾਗ ਵੱਲੋਂ ਸੁਰੱਖਿਅਤ ਘੋਸ਼ਿਤ ਕੀਤੀ ਗਈ ਇਸ ਇਮਾਰਤ ਦੀ ਭੰਨ-ਤੋੜ ਕਰਨ ਵਾਲੇ ਅਨਸਰਾਂ ਅਤੇ ਉਹਨਾਂ ਦੇ ਮਗਰ ਬੇਠੈ ਭੂ ਮਾਫੀਆ ਅਤੇ ਸਿਆਸੀ ਮਗਰਮੱਛਾਂ ਖਿਲਾਫ ਸਖ਼ਤ ਐਕਸ਼ਨ ਲਿਆ ਜਾਵੇ ਅਤੇ ਇਸ ਇਮਾਰਤ ਨੂੰ ਹੋਰ ਨੁਕਸਾਨ ਪਹੁੰਚਾਉਣ ਤੋਂ ਤੁਰੰਤ ਰੋਕਿਆ ਜਾਵੇ। ਉਹਨਾਂ ਦੱਸਿਆ ਸ਼ਾਹੀ ਬਾਰਾਂ ਦਰੀ ਨੂੰ ਬਚਾਉਣ ਲਈ 25 ਅਪ੍ਰੈਲ ਦਿਨ ਸ਼ਨੀਵਾਰ ਨੂੰ ਠੀਕ 11 ਵਜੇ ਪੰਥਕ ਹਿਤੈਸ਼ੀਆਂ ਦੀ ਸ਼ਾਹੀ ਬਾਰਾਂ ਦਰੀ ਵਿਖੇ ਮੀਟਿੰਗ ਬੁਲਾਈ ਗਈ ਹੈ।



ਉਨ੍ਹਾਂ ਕਿਹਾ ਕਿ ਇਹ ਵਿਰਾਸਤੀ ਇਮਾਰਤ ਤਾਂ ਪਹਿਲਾਂ ਹੀ ਬੇਰੁੱਖੀ ਦਾ ਸ਼ਿਕਾਰ ਹੋ ਕੇ ਖੰਡਰ ਦਾ ਰੂਪ ਧਾਰਨ ਕਰ ਚੁੱਕੀ ਹੈ ਅਤੇ ਉਪਰੋਂ ਕੁਝ ਸ਼ਰਾਰਤੀ ਅਨਸਰਾਂ ਵੱਲੋਂ ਇਸ ਇਮਾਰਤ ਦੇ ਲੈਂਟਰ ਦੀ ਹੋਰ ਭੰਨ-ਤੋੜ ਕਰਨਾ ਬੇਹੱਦ ਗੰਭੀਰ ਹੈ। ਉਹਨਾਂ ਕਿਹਾ ਗੁਰਦਆਰਿਆ ਤੇ ਮੰਦਰਾਂ ਤੇ ਸੋਨੇ ਚੜ੍ਹਾਉਣ ਵਾਲੇ ਮਹਾਰਾਜਾ ਰਣਜੀਤ ਸਿੰਘ ਦੀ ਬਾਰਾਂ ਦਰੀ ਦੀ ਇੱਟਾਂ ਵੀ ਲਾਹਕੇ ਭੂ ਮਾਫੀਆ ਲਿਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਤੁਰੰਤ ਇਸ ਮਸਲੇ ਵੱਲ ਧਿਆਨ ਦੇ ਕੇ ਦੋਸ਼ੀਆਂ ਖਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕਰਨੀ ਚਾਹੀਦੀ ਹੈ। ਇਸ ਦੇ ਨਾਲ ਹੀ ਵਿਰਾਸਤੀ ਮੰਚ ਦੇ ਸਮੂਹ ਮੈਂਬਰਾਂ ਨੇ ਪੰਜਾਬ ਸਰਕਾਰ ਕੋਲੋਂ ਮੰਗ ਕੀਤੀ ਕਿ ਇਸ ਇਤਿਹਾਸਕ ਬਾਰਾਂਦਰੀ ਦੀ ਸਾਂਭ-ਸੰਭਾਲ ਕੀਤੀ ਜਾਵੇ।

ਸ਼ਾਹੀ ਬਾਰਾਂਦਰੀ ਦੇ ਇਤਿਹਾਸਕ ਪਿਛੋਕੜ ਬਾਰੇ ਜਾਣਕਾਰੀ ਦਿੰਦਿਆਂ ਮਨਜੀਤ ਸਿੰਘ ਭੋਮਾ ਨੇ ਦੱਸਿਆ ਕਿ ਇਹ ਬਾਰਾਂਦਰੀ ਮਹਾਰਾਜਾ ਰਣਜੀਤ ਸਿੰਘ ਨੇ ਬਣਵਾਈ ਸੀ ਅਤੇ ਉਹ ਅਕਸਰ ਹੀ ਹਰ ਸਾਲ ਗਰਮੀਆਂ ਦੇ ਮਹੀਨੇ ਦੀਨਾਨਗਰ ਵਿਖੇ ਗੁਜ਼ਾਰਦੇ ਸਨ। ਦੀਨਾਨਗਰ ਵਿਖੇ ਹੀ ਸਰਕਾਰ ਖ਼ਾਲਸਾ ਦੀ ਇੱਕ ਵੱਡੀ ਫ਼ੌਜੀ ਛਾਉਣੀ ਵੀ ਸੀ। ਉਨ੍ਹਾਂ ਦੱਸਿਆ ਕਿ ਮਹਾਰਾਜਾ ਰਣਜੀਤ ਸਿੰਘ ਵੱਲੋਂ ਦੀਨਾਨਗਰ ਵਿਖੇ ਕਈ ਇਤਿਹਾਸਕ ਦਰਬਾਰ ਸਜਾਏ ਗਏ। ਇਸੇ ਕਰਕੇ ਇਸਨੂੰ ਸਰਕਾਰ ਖ਼ਾਲਸਾ ਜੀ ਦੀ ਗਰਮੀਆਂ ਦੀ ਰਾਜਧਾਨੀ ਵੀ ਕਿਹਾ ਜਾਂਦਾ ਸੀ। ਉਨ੍ਹਾਂ ਅੱਗੇ ਦੱਸਿਆ ਦੀਨਾਨਗਰ ਦੀ ਸ਼ਾਹੀ ਬਾਰਾਂਦਰੀ ਵਿਖੇ ਲਾਹੌਰ ਦਰਬਾਰ, ਅੰਗਰੇਜ਼ ਹਕੂਮਤ ਅਤੇ ਅਫ਼ਗਾਨਿਸਤਾਨ ਦੇ ਬਾਦਸ਼ਾਹ ਸ਼ਾਹ ਸੂਜਾ ਦਰਮਿਆਨ ਤ੍ਰੈ-ਪੱਖੀ ਸੰਧੀ ਹੋਈ ਸੀ। ਇਸ ਤੋਂ ਇਲਾਵਾ ਕਸ਼ਮੀਰ ਨੂੰ ਫ਼ਤਹਿ ਕਰਨ ਦੀ ਵਿਉਂਤਬੰਧੀ ਵੀ ਏਥੇ ਹੀ ਘੜੀ ਗਈ ਸੀ। ਉਨ੍ਹਾਂ ਦੱਸਿਆ ਕਿ ਅੰਗਰੇਜ਼ ਲਿਖਾਰੀ ਵਿਲੀਅਮ ਜੀ. ਆਸਬਰਨ ਦੀ ਕਿਤਾਬ 'ਮਹਾਰਾਜਾ ਰਣਜੀਤ ਸਿੰਘ ਕੋਰਟ ਐਂਡ ਕੈਂਪਸ' ਵਿੱਚ ਦੀਨਾਨਗਰ ਦੇ ਸ਼ਾਹੀ ਦਰਬਾਰ ਦੀ ਸ਼ਾਨ ਨੂੰ ਪੜ੍ਹਿਆ ਜਾ ਸਕਦਾ ਹੈ।

ਮਨਜੀਤ ਸਿੰਘ ਭੋਮਾ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਸਾਲ 2010 ਵਿੱਚ ਇਸ ਇਤਿਹਾਸਕ ਬਾਰਾਂਦਰੀ ਨੂੰ ਸੁਰੱਖਿਆ ਇਮਾਰਤ ਦਾ ਦਰਜਾ ਦਿੱਤਾ ਸੀ ਅਤੇ ਸਰਕਾਰ ਵੱਲੋਂ 1.60 ਕਰੋੜ ਰੁਪਏ ਦਾ ਟੈਂਡਰ ਵੀ ਬਾਰਾਂਦਰੀ ਦੀ ਮੁਰੰਮਤ ਲਈ ਲਗਾਇਆ ਗਿਆ ਹੈ, ਪਰ ਕੰਮ ਸ਼ੁਰੂ ਨਹੀਂ ਹੋ ਸਕਿਆ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਇਸ ਵਿਰਾਸਤੀ ਇਮਾਰਤ ਦੀ ਸੰਭਾਲ ਵੱਲ ਧਿਆਨ ਦਿੱਤਾ ਜਾਵੇ। ਅੱਜ ਦੌਰੇ ਸਮੇਂ ਉਹਨਾਂ ਨਾਲ਼ ਐਡਵੋਕੇਟ ਅਮਰਜੀਤ ਸਿੰਘ ਪਠਾਨਕੋਟ, ਗੁਰਦੀਪ ਸਿੰਘ ਨਾਜੋਵਾਲ, ਸੁਖਵਿੰਦਰ ਸਿੰਘ ਪਾਹੜਾ, ਮਨਤੇਜ ਸਿੰਘ, ਨਿਸ਼ਾਨ ਸਿੰਘ, ਕਸ਼ਮੀਰ ਸਿੰਘ ਮਾੜੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਖਿੱਤੇ ਲਈ ਸ਼ਹੀਦੀਆਂ ਦੇਣ ਵਾਲੇ ਸ਼ਹੀਦਾਂ ਦੀਆਂ ਯਾਦਗਾਰਾਂ ਢਾਉਣਾ ਤੇ ਖਿੱਤੇ ਲਈ ਕੋਈ ਵੀ ਦੇਣ ਨਾ ਵਾਲਿਆ ਦੀਆਂ ਯਾਦਗਾਰਾਂ ਬਣਾਉਣਾ ਬਟਾਲਾ ਪ੍ਰਸ਼ਾਸਨ ਦਾ ਸਿੱਖ ਵਿਰੋਧੀ ਚਿਹਰਾ ਬੇਨਕਾਬ ਕਰਦਾ ਹੈ - ਭਾਈ ਕਪਤਾਨ ਸਿੰਘ ਯੂਕੇ

**ਬਟਾਲਾ, 18 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਇੰਟਰਨੈਸ਼ਨ ਪੰਥਕ ਦਲ ਇੰਗਲੈਂਡ ਦੇ ਮੁੱਖ ਬੁਲਾਰੇ ਤੇ ਜਰਨਲ ਸਕੱਤਰ ਭਾਈ ਕਪਤਾਨ ਸਿੰਘ ਯੂਕੇ ਨੇ ਪੱਤਰਕਾਰ ਨੂੰ ਜਾਣਕਾਰੀ ਦਿੰਦਿਆਂ ਬਟਾਲਾ ਪ੍ਰਸ਼ਾਸਨ ਨੂੰ ਸਖਤ ਤਾੜਨਾ ਕਰਦਿਆ ਹੋਇਆ ਕਿਹਾ ਹੈ, ਕਿ ਬਟਾਲਾ ਪ੍ਰਸ਼ਾਸਨ ਬਟਾਲਾ ਵਿੱਚ ਜਲੰਧਰ ਰੋਡ ਦੇ ਬਣੀ ਸ਼ਹੀਦ ਭਾਈ ਸੁੱਖਾ ਸਿੰਘ ਮਹਿਤਾਬ ਸਿੰਘ ਵਿਰਾਸਤੀ ਪਾਰਕ ਵਿੱਚ ਬਣਾਈ ਜਾ ਰਹੀ ਮੁਹੱਲਾ ਕਲੀਨਿਕ ਦਾ ਕੰਮ ਤਰੁੰਤ ਰੋਕ ਦੇਵੇ ਤੇ ਧਾਰਮਿਕ ਪਾਰਕ ਨਾਲ ਛੇੜਛਾੜ ਕਰਨਾ ਬੰਦ ਕਰ ਦੇਵੇ। ਭਾਈ ਕਪਤਾਨ ਸਿੰਘ ਨੇ ਕਿਹਾ ਪੰਜਾਬ ਸਰਕਾਰ ਤੇ ਬਟਾਲਾ ਪ੍ਰਸ਼ਾਸਨ ਵੱਲੋ ਖਿਤੇ ਲਈ ਕੁਰਬਾਨੀਆਂ ਕਰਨ ਵਾਲੇ ਤੇ ਸਿੱਖ ਕੌਮ ਦੇ ਮਹਾਨ ਸ਼ਹੀਦਾਂ ਦੀ ਯਾਦਗਾਰਾਂ ਨੂੰ ਮਿਟਾਉਣ ਤੇ ਜਿਨ੍ਹਾਂ ਦੀ ਇਸ ਦੇਸ਼ ਤੇ ਖਿਤੇ ਲਈ ਕੋਈ ਕੁਰਬਾਨੀ ਨਹੀ ਸੀ ਉਨ੍ਹਾਂ ਦੀਆਂ ਯਾਦਗਾਰਾਂ ਬਣਾਉਣ ਦੀ ਸੋਚ ਸਿੱਖ ਧਰਮ ਤੇ ਦੇਸ਼ ਦੇ ਸੱਭਿਆਚਾਰ ਵਿਰੋਧੀ ਸੋਚ ਨੂੰ ਉਜਾਗਰ ਕਰ ਰਹੀ ਹੈ, ਜੋ ਨਾ ਬਰਦਾਸਿਤ ਕਰਨ ਯੋਗ ਹੈ। ਉਨ੍ਹਾਂ ਕਿਹਾ ਕਿ



ਕੌਮ ਦੇ ਮਹਾਨ ਸ਼ਹੀਦਾ ਦੀ ਯਾਦਗਰ ਨਾਲ ਇਸ ਛੇੜਛਾੜ ਨੇ ਪੂਰੀ ਸਿੱਖ ਕੌਮ ਦੇ ਹਿਰਦੇ ਵਲੂਧਰ ਕੇ ਰੱਖ ਦਿੱਤੇ ਹਨ। ਭਾਈ ਕਪਤਾਨ ਸਿੰਘ ਨੇ ਐਸਐਸਪੀ ਬਟਾਲਾ ਤੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਨੂੰ ਅਪੀਲ ਕਰਦੇ ਹੋਏ ਕਿਹਾ ਹੈ ਕਿ ਉਹ ਤਰੁੰਤ ਇਸ ਮਾਮਲੇ ਵਿੱਚ ਦਖਲ ਦੇਣ ਤੇ ਸਿੱਖ ਕੌਮ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਣ ਵਾਲੇ ਸਬੰਧਿਤ ਪ੍ਰਸ਼ਾਸਨ ਅਧਿਕਾਰੀਆਂ ਵਿਰੁੱਧ ਤੇ ਜੁੰਮੇਵਾਰ ਲੋਕਾਂ ਵਿਰੁੱਧ ਕਾਨੂੰਨੀ ਕਾਰਵਾਈ ਕਰਨ ਤੇ ਸ਼ਹੀਦਾ ਦੀ ਪਾਰਕ ਦੀ ਦਿੱਖ ਬਦਲਣ ਵਾਲੀ ਇਸ ਉਸਾਰੀ ਤੇ ਰੋਕ ਲਗਾਉਣ। ਭਾਈ ਕਪਤਾਨ ਸਿੰਘ ਨੇ ਕਿਹਾ ਕਿ ਜੇ ਪੰਜਾਬ ਸਰਕਾਰ ਤੇ ਉੱਚ ਅਧਿਕਾਰੀ ਇਸ ਮਾਮਲੇ ਵਿੱਚ ਤਰੁੰਤ ਕਾਰਵਾਈ ਨਹੀ ਕਰਦੇ ਤਾਂ ਆਉਣ ਵਾਲੇ ਦਿਨਾਂ ਵਿੱਚ ਦੇਸ਼ ਵਿਦੇਸ਼ ਦੀਆਂ ਸਿੱਖ ਸੰਗਤਾਂ ਵੱਲੋ ਇੱਕ ਵੱਡੇ ਸੰਘਰਸ਼ ਦੀ ਸ਼ੁਰੂਆਤ ਕੀਤੀ ਜਾਵੇਗੀ ਤੇ ਇਸ ਸ਼ਹੀਦਾਂ ਦੀ ਯਾਦਗਾਰੀ ਦੀ ਸੋਚੀ ਸਮਝੀ ਸਾਜਿਸ ਤਹਿਤ ਦਿਖ ਬਦਲਣ ਵਾਲੀ ਉਸਾਰੀ ਨੂੰ ਅੰਜ਼ਾਮ ਦੇਣ ਵਾਲੇ ਪ੍ਰਸ਼ਾਸਨ ਦੇ ਅਧਿਕਾਰੀਆ ਤੇ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਅਤੇ ਬਟਾਲਾ ਵਿਧਾਇਕ ਦੇ ਵਿਰੁੱਧ ਦੇਸ਼ ਵਿਦੇਸ਼ ਦੀਆਂ ਸਿੱਖ ਸੰਗਤਾ ਵੱਲੋ ਵਿਰੋਧ ਪ੍ਰਦਰਸ਼ਨ ਕੀਤਾ ਜਾਵੇਗਾ ਜਿਸ ਦੇ ਜੁੰਮੇਵਾਰ ਇਹ ਵਿਅਕਤੀ ਅਤੇ ਬਟਾਲਾ ਪ੍ਰਸ਼ਾਸਨ ਹੋਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਧੂਰੀ ਸ਼ਹਿਰ ਦੇ ਵਾਰਡ ਨੰਬਰ 11 'ਚ 68.72 ਲੱਖ ਰੁਪਏ ਦੇ ਵਿਕਾਸ ਕਾਰਜਾਂ ਦੀ

# ਓਐਸਡੀ ਸੁਖਵੀਰ ਸਿੰਘ ਨੇ ਕਰਵਾਈ ਸ਼ੁਰੂਆਤ



**ਧੂਰੀ ( ਰਣਜੀਤ ਸਿੰਘ ਪੇਧਨੀ )**-ਧੂਰੀ ਸ਼ਹਿਰ ਦੇ ਸਮੁੱਚੇ ਵਿਕਾਸ ਨੂੰ ਨਵੀਂ ਰਫ਼ਤਾਰ ਦਿੰਦਿਆਂ ਵਾਰਡ ਨੰਬਰ 11 ਵਿੱਚ ਲਗਭਗ 68.72 ਲੱਖ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓਐਸਡੀ ਸੁਖਵੀਰ ਸਿੰਘ ਵੱਲੋਂ ਕਰਵਾਈ ਗਈ। ਇਸ ਮੌਕੇ ਉਨ੍ਹਾਂ ਨਾਲ ਮੈਂਬਰ ਵਕਫ਼ ਬੋਰਡ ਡਾ. ਅਨਵਰ ਭਸੌੜ ਵੀ ਮੌਜੂਦ ਸਨ। ਕਾਰਜਾਂ ਦੀ ਸ਼ੁਰੂਆਤ ਮੌਕੇ ਸੰਬੋਧਨ ਕਰਦਿਆਂ ਓਐਸਡੀ ਸੁਖਵੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਹਕੀਕੀ ਰੂਪ ਦਿੱਤਾ ਜਾ ਰਿਹਾ ਹੈ ਅਤੇ ਧੂਰੀ ਹਲਕੇ ਦੇ ਹਰ ਵਾਰਡ ਵਿੱਚ ਬਿਨਾਂ ਕਿਸੇ ਭੇਦਭਾਵ ਦੇ ਵਿਕਾਸ ਕਾਰਜ ਜੰਗੀ ਪੱਧਰ 'ਤੇ ਜਾਰੀ ਹਨ। ਉਨ੍ਹਾਂ ਦੱਸਿਆ ਕਿ ਵਾਰਡ ਨੰਬਰ 11 ਵਿੱਚ 8 ਗਲੀਆਂ ਬਣਾਉਣ ਦਾ ਕੰਮ ਸ਼ੁਰੂ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਧੂਰੀ ਹਲਕੇ ਦੇ ਵਿਕਾਸ ਲਈ ਖੁੱਲ੍ਹੀਆਂ ਗ੍ਰਾਂਟਾਂ ਜਾਰੀ ਕੀਤੀਆਂ ਗਈਆਂ ਹਨ, ਜਿਸ ਨਾਲ ਇਲਾਕੇ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਬਣਾਉਣ ਲਈ ਵੱਡੇ ਪੱਧਰ 'ਤੇ ਪ੍ਰੋਜੈਕਟ ਚਲਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਇਹ ਫੰਡ ਲੋਕਾਂ ਦੀਆਂ ਲੰਬੇ ਸਮੇਂ ਤੋਂ ਚੱਲ ਰਹੀਆਂ ਸਮੱਸਿਆਵਾਂ ਦਾ ਸਥਾਈ ਹੱਲ ਲੱਭਣ ਵਿੱਚ ਮਦਦਗਾਰ ਸਾਬਤ ਹੋ ਰਹੇ ਹਨ। ਓਐਸਡੀ ਸੁਖਵੀਰ ਸਿੰਘ ਨੇ ਹੋਰ ਕਿਹਾ ਕਿ ਧੂਰੀ ਸ਼ਹਿਰ ਨੂੰ ਇੱਕ ਆਧੁਨਿਕ ਅਤੇ ਮਾਡਲ ਸ਼ਹਿਰ ਵਜੋਂ ਵਿਕਸਤ ਕਰਨ ਲਈ ਯੋਜਨਾਬੱਧ ਢੰਗ ਨਾਲ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸੜਕਾਂ, ਨਿਕਾਸੀ ਪ੍ਰਣਾਲੀ, ਸਟ੍ਰੀਟ ਲਾਈਟਾਂ ਅਤੇ ਸਫਾਈ ਵਰਗੀਆਂ ਬੁਨਿਆਦੀ ਸਹੂਲਤਾਂ ਨੂੰ ਪਹਿਲ ਦੇ ਆਧਾਰ 'ਤੇ ਸੁਧਾਰਿਆ ਜਾ ਰਿਹਾ ਹੈ, ਤਾਂ ਜੋ ਸ਼ਹਿਰ ਦੇ ਵਸਨੀਕਾਂ ਨੂੰ ਬਿਹਤਰ ਜੀਵਨ ਸਹੂਲਤਾਂ ਪ੍ਰਾਪਤ ਹੋ ਸਕਣ। ਉਨ੍ਹਾਂ ਵਾਰਡ ਵਾਸੀਆਂ ਨਾਲ ਸਿੱਧੀ ਗੱਲਬਾਤ ਕਰਦਿਆਂ ਉਨ੍ਹਾਂ ਦੀਆਂ ਸਮੱਸਿਆਵਾਂ ਵੀ ਸੁਣੀਆਂ ਅਤੇ ਸੰਬੰਧਿਤ ਅਧਿਕਾਰੀਆਂ ਨੂੰ ਤੁਰੰਤ ਹੱਲ ਲਈ ਨਿਰਦੇਸ਼ ਦਿੱਤੇ। ਉਨ੍ਹਾਂ ਇਹ ਵੀ ਯਕੀਨ ਦਿਵਾਇਆ ਕਿ ਚੱਲ ਰਹੇ ਵਿਕਾਸ ਕਾਰਜਾਂ ਦੀ ਗੁਣਵੱਤਾ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ ਅਤੇ ਇਹ ਸਾਰੇ ਕੰਮ ਨਿਰਧਾਰਤ ਸਮੇਂ ਅੰਦਰ ਮੁਕੰਮਲ ਕਰਵਾਏ ਜਾਣਗੇ। ਇਸ ਮੌਕੇ ਡਾ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ, ਪੰਜਾਬ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਅਸ਼ੋਕ ਲੱਖਾ, ਸਤਿੰਦਰ ਸਿੰਘ ਚੱਠਾ, ਪੁਸ਼ਿਪੰਦਰ ਸ਼ਰਮਾ, ਲਾਲ ਸਿੰਘ, ਸੁਖਪਾਲ ਸਿੰਘ ਪਾਲਾ, ਗੁਰਚਰਨ ਸਿੰਘ, ਬੀਰਬਲ, ਬਲਦੇਵ ਸਿੰਘ, ਗੁਰਿੰਦਰ ਕੌਰ, ਅਮਰੀਕ ਸਿੰਘ, ਨਿਰਮਲ ਸਿੰਘ, ਅਜੈਬ ਸਿੰਘ, ਮਨਮੋਹਨ ਲਾਲ, ਰਾਏ ਚੰਦ ਸਮੇਤ ਵੱਡੀ ਗਿਣਤੀ ਇਲਾਕਾ ਨਿਵਾਸੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

**ਧੂਰੀ ਸ਼ਹਿਰ ਦੇ ਸਾਰੇ ਵਾਰਡਾਂ 'ਚ ਵਿਕਾਸ ਕਾਰਜ ਜੰਗੀ ਪੱਧਰ 'ਤੇ ਜਾਰੀ: ਓਐਸਡੀ ਸੁਖਵੀਰ ਸਿੰਘ**

ਜ਼ਿਲ੍ਹਾ ਅਤੇ ਪੁਲਿਸ ਪ੍ਰਸ਼ਾਸਨ ਵੱਲੋਂ ਵੱਡੀ ਕਾਰਵਾਈ

# ਸਥਾਨਕ ਰਾਮ ਨਗਰ ਬਸਤੀ ਵਿਖੇ ਨਜਾਇਜ ਜਾਇਦਾਦ/ਉਸਾਰੀ ਉੱਤੇ ਚੱਲਿਆ ਪੀਲਾ ਪੰਜਾ

**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖ਼ਾਤਮੇ ਲਈ ਚਲਾਈ ਜਾ ਰਹੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਸੰਗਰੂਰ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਵੱਲੋਂ ਨਸ਼ਾ ਤਸਕਰਾਂ ਖ਼ਿਲਾਫ਼ ਕਾਰਵਾਈ ਨੂੰ ਹੋਰ ਤੇਜ਼ ਕੀਤਾ ਗਿਆ ਹੈ। ਇਸ ਮੁਹਿੰਮ ਦੇ ਤਹਿਤ ਅੱਜ ਸਥਾਨਕ ਰਾਮ ਨਗਰ ਬਸਤੀ ਵਿੱਖੇ ਨਜਾਇਜ ਜਾਇਦਾਦ ਦੀ ਉਸਾਰੀ ਤੇ "ਪੀਲਾ ਪੰਜਾ" ਚਲਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਐਸ.ਪੀ. ਨਵਰੀਤ ਸਿੰਘ ਵਿਰਕ ਨੇ ਦੱਸਿਆ ਕਿ ਰਾਮ ਨਗਰ ਬਸਤੀ ਦੀ ਰਹਿਣ ਵਾਲੀ ਕੰਵਲਜੀਤ ਕੌਰ ਉਰਫ ਕਾਲੋਂ ਦੇ ਨਜਾਇਜ਼ ਤੌਰ 'ਤੇ ਉਸਾਰੇ ਮਕਾਨ ਖ਼ਿਲਾਫ਼ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਵੱਲੋਂ ਸਾਂਝੀ ਕਾਰਵਾਈ ਸ਼ੁਰੂ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਐਸ ਐਸ ਪੀ ਸੰਗਰੂਰ ਸ਼੍ਰੀ ਸਰਤਾਜ ਸਿੰਘ ਚਾਹਲ (ਆਈਪੀਐਸ) ਦੀ ਅਗਵਾਈ ਹੇਠ ਕਾਨੂੰਨ ਦੇ ਦਾਇਰੇ ਵਿੱਚ ਰਹਿੰਦਿਆਂ ਨਸ਼ਾ ਤਸਕਰੀ ਨਾਲ ਜੁੜੇ ਅਪਰਾਧੀਆਂ 'ਤੇ ਕੜੀ ਕਾਰਵਾਈ ਕੀਤੀ ਜਾ ਰਹੀ ਹੈ। ਐਸ.ਪੀ. ਵਿਰਕ ਨੇ ਦੱਸਿਆ ਕਿ ਕੰਵਲਜੀਤ ਕੌਰ ਉਰਫ ਕਾਲੋਂ ਖ਼ਿਲਾਫ਼ ਐਨ.ਡੀ.ਪੀ.ਐਸ ਐਕਟ ਤਹਿਤ 5 ਮੁਕੱਦਮੇ ਦਰਜ ਹਨ, ਜਦਕਿ ਉਸ ਦੇ ਪਰਿਵਾਰ ਦੇ ਮੈਂਬਰਾਂ 'ਤੇ ਵੀ ਕੁੱਲ 15 ਮਾਮਲੇ ਵੱਖ-ਵੱਖ ਥਾਣਿਆਂ ਵਿੱਚ ਦਰਜ ਹਨ। ਇਹ ਕਾਰਵਾਈ ਨਸ਼ਾ ਤਸਕਰਾਂ ਨੂੰ ਸਖ਼ਤ ਸੰਦੇਸ਼ ਦੇਣ ਲਈ ਕੀਤੀ ਗਈ ਹੈ ਕਿ ਗੈਰਕਾਨੂੰਨੀ ਧੰਦੇ ਨੂੰ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਮੁੜ ਦੁਹਰਾਇਆ ਕਿ ਪੰਜਾਬ ਪੁਲਿਸ ਦੀ ਨਸ਼ਿਆਂ ਵਿਰੁੱਧ ਜ਼ੀਰੋ ਟਾਲਰੈਂਸ ਨੀਤੀ 'ਤੇ ਸੰਗਰੂਰ ਪੁਲਿਸ ਪੂਰੀ ਤਰ੍ਹਾਂ ਅਡੋਲ ਹੈ ਅਤੇ ਜ਼ਿਲ੍ਹੇ ਵਿੱਚ ਨਸ਼ਾ ਤਸਕਰੀ ਕਰਨ ਵਾਲੇ ਕਿਸੇ ਵੀ ਵਿਅਕਤੀ ਨੂੰ ਬਖ਼ਸ਼ਿਆ ਨਹੀਂ ਜਾਵੇਗਾ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਨਸ਼ਿਆਂ ਦੇ ਖ਼ਾਤਮੇ ਲਈ ਪੁਲਿਸ ਦਾ ਸਾਥ ਦੇਣ ਅਤੇ ਕਿਸੇ ਵੀ ਸ਼ੱਕੀ ਗਤੀਵਿਧੀ ਬਾਰੇ ਤੁਰੰਤ ਜਾਣਕਾਰੀ ਸਾਂਝੀ ਕਰਨ।



ਆਵਾਜ਼ਿ ਕੌਮ AWAZE QAUM International Newspaper & WEB TV

**ਨਸ਼ਾ ਤਸਕਰਾਂ ਖ਼ਿਲਾਫ਼ ਸਖ਼ਤ ਕਾਰਵਾਈ ਜਾਰੀ, ਜ਼ੀਰੋ ਟਾਲਰੈਂਸ ਨੀਤੀ 'ਤੇ ਅਡੋਲ ਸੰਗਰੂਰ ਪੁਲਿਸ : ਐਸ.ਪੀ. ਨਵਰੀਤ ਸਿੰਘ ਵਿਰਕ**

# ਮਾਸਟਰ ਗੁਰਪ੍ਰੀਤ ਸਿੰਘ ਜਲਾਲ ਨੇ ਰਾਜਪਾਲ ਦਾ ਕੀਤਾ ਸਨਮਾਨ



**ਚੌਕ ਮਹਿਤਾ, 18 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਾਬਕਾ ਸਰਪੰਚ ਗੁਰਬਖਸ਼ ਸਿੰਘ ਦੇ ਬੇਟੇ ਮਾਸਟਰ ਗੁਰਪ੍ਰੀਤ ਸਿੰਘ ਜਲਾਲ ਉਸਮਾਂ ਅਤੇ ਉਨ੍ਹਾਂ ਦੇ ਚਾਚਾ ਮਾਸਟਰ ਸੁਖਦੇਵ ਸਿੰਘ ਜਲਾਲ ਉਸਮਾਂ ਦੇ ਵੱਲੋਂ ਅੱਜ ਉਤਰਾਖੰਡ ਦੇ ਰਾਜਪਾਲ ਸ. ਗੁਰਮੀਤ ਸਿੰਘ (ਰਿਟਾ. ਲੈਫਟੀਨੈਂਟ ਜਨਰਲ) ਨੂੰ ਫੁੱਲਾਂ ਦਾ ਗੁਲਦਸਤਾ ਭੇਟ ਕਰ ਕੇ ਸ਼ਾਨਦਾਰ ਸਵਾਗਤ ਕੀਤਾ ਗਿਆ । ਇਸ ਸਵਾਗਤੀ ਸਮਾਰੋਹ ਮੌਕੇ ਵੱਡੀ ਗਿਣਤੀ ਵਿਚ ਪਿੰਡ ਦੇ ਲੋਕ ਮੌਜੂਦ ਸਨ ।ਇਸ ਸਮੇਂ ਮਾਸਟਰ ਗੁਰਪ੍ਰੀਤ ਸਿੰਘ ਜਲਾਲ ਨੇ ਆਖਿਆ ਕਿ ਸਾਡੇ ਪਿੰਡ ਜਲਾਲ ਉਸਮਾਂ ਸਮੇਤ ਸਮੁੱਚੇ ਇਲਾਕੇ ਦੇ ਲੋਕਾਂ ਨੂੰ ਰਾਜਪਾਲ ਗੁਰਮੀਤ ਸਿੰਘ ਜੀ ਦੇ ਉੱਤੇ ਵੱਡਾ ਮਾਣ ਹੈ। ਇਸ ਦੌਰਾਨ ਰਾਜਪਾਲ ਸ. ਗੁਰਮੀਤ ਸਿੰਘ ਨੇ ਕਿਹਾ ਕਿ ਮੇਰੇ ਪਿੰਡ ਜਲਾਲ ਉਸਮਾਂ ਦੇ ਲੋਕ ਹਮੇਸ਼ਾਂ ਮੇਰੇ ਦਿਲ ਦੇ ਕਰੀਬ ਹਨ। ਰਾਜਪਾਲ ਗੁਰਮੀਤ ਸਿੰਘ ਨੂੰ ਗੁਲਦਸਤਾ ਭੇਟ ਕਰਕੇ ਸਨਮਾਨਿਤ ਕਰਨ ਮੈਂ ਆਪਣੀ ਜਨਮ ਭੂਮੀ ਅਤੇ ਪਿੰਡ ਮੌਕੇ ਮਾ ਗੁਰਪ੍ਰੀਤ ਸਿੰਘ ਜਲਾਲ, ਸਰਪੰਚ ਗੁਰਵੇਲ ਸਿੰਘ ਤੇ ਹੋਰ। UEM ਦੇ ਲੋਕਾਂ ਨੂੰ ਚਾਹ ਕੇ ਭੁਲਾ ਨਹੀਂ ਸਕਦਾ। ਇਸ ਮੌਕੇ ਸੁਖਦੇਵ ਸਿੰਘ, ਰਸ਼ਪਾਲ ਸਿੰਘ ਪਟਵਾਰੀ, ਡਾ. ਅਜੈਪਾਲ ਸਿੰਘ, ਸੁਖਜੀਤ ਸਿੰਘ ਮਾਨ, ਦਿਲਬਾਗ ਸਿੰਘ, ਪਰਮਬੀਰ ਸਿੰਘ, ਸਰਪੰਚ ਲਖਵਿੰਦਰ ਸਿੰਘ ਰੰਧਾਵਾ ਉਸਮਾ,ਹਰਪਾਲ ਸਿੰਘ, ਡਾ. ਅਮਰਜੀਤ ਸਿੰਘ, ਚੇਅਰਮੈਨ ਹਰਜਿੰਦਰ ਸਿੰਘ ਰੰਧਾਵਾ ਉਸਮਾ,ਕੁਲਜੀਤ ਸਿੰਘ, ਚਰਨ ਸਿੰਘ ਤੇ ਹੋਰ ਪਿੰਡ ਵੱਡੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਇੰਟਰਨੈਸ਼ਨਲ ਸਕੂਲ ਚੂੰਗ ਦਾ ਸੀ ਬੀ ਐਸ ਈ ਦਸਵੀਂ ਦਾ ਨਤੀਜਾ ਰਿਹਾ ਸ਼ਾਨਦਾਰ- ਚੇਅਰਮੈਨ ਸ੍ਰ ਰਘਬੀਰ ਸਿੰਘ ਸੋਹਲ

## ਪ੍ਰੀਖਿਆਵਾਂ ਵਿੱਚ ਵਿਦਿਆਰਥੀਆਂ ਦੀ ਸ਼ਾਨਦਾਰ ਕਾਰਗੁਜ਼ਾਰੀ ਡਾਇਰੈਕਟਰ ਸ੍ ਤੇਜਬੀਰ ਸਿੰਘ ਸੋਹਲ



**ਚੌਕ ਮਹਿਤਾ,18 ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਇਲਾਕੇ ਦੀ ਮਸ਼ਹੂਰ ਅਤੇ ਨਾਮਵਰ ਵਿਦਿਅਕ ਸੰਸਥਾਵਾਂ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਇੰਟਰਨੈਸ਼ਨਲ ਸਕੂਲ ਚੂੰਗ ਚੇਅਰਮੈਨ ਸ੍ਰ ਰਘਬੀਰ ਸਿੰਘ ਸੋਹਲ ਅਤੇ ਡਾਇਰੈਕਟਰ ਸ੍ ਤੇਜਬੀਰ ਸਿੰਘ ਸੋਹਲ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਦਾ ਦਸਵੀਂ ਦਾ ਨਤੀਜਾ ਸ਼ਾਨਦਾਰ ਇਹਨਾਂ ਨਤੀਜਿਆ ਵਿੱਚ ਸਾਰੇ ਵਿਦਿਆਰਥੀਆਂ ਵਧੀਆ ਨੰਬਰ ਲੈ ਕੇ ਪਾਸ ਹੋਏ । ਅਰਸਦੀਪ ਕੌਰ ਨੇ 87,8% ਗੁਰਕੀਰਤ ਸਿੰਘ ਨੇ 87,4% ਅਲੀਸਾ ਨੇ 87,2% ਨੰਬਰ ਲੈ ਕੇ ਆਪਣੇ ਮਾਤਾ ਪਿਤਾ ਅਤੇ ਇਲਾਕੇ ਅਤੇ ਸਕੂਲ ਨਾਮ ਰੋਸ਼ਨ ਕੀਤਾ। ਇਸ ਮੌਕੇ ਤੇ ਚੇਅਰਮੈਨ ਸ੍ਰ ਰਘਬੀਰ ਸਿੰਘ ਸੋਹਲ ਨੇ ਬੱਚਿਆਂ ਨੂੰ ਸਨਮਾਨਿਤ ਕੀਤਾ ਇਸ ਮੌਕੇ ਖੁਸ਼ੀ ਜ਼ਾਹਿਰ ਕਰਦੇ ਹੋਏ ਡਾਇਰੈਕਟਰ ਸ੍ ਤੇਜਬੀਰ ਸਿੰਘ ਸੋਹਲ ਨੇ ਵਿਦਿਆਰਥੀਆਂ ਦਾ ਮੂੰਹ ਮਿੱਠਾ ਕਰਵਾਇਆ ਅਤੇ ਕਿਹਾ ਕਿ ਇਸ ਸਾਲ ਸਾਡੇ ਸਕੂਲ ਨੇ ਅਕਾਦਮਿਕ ਖੇਤਰ ਵਿੱਚ ਨਵੀਆਂ ਉਚਾਈਆਂ ਨੂੰ ਛੂਹਿਆ ਹੈ। ਇਹ ਨਤੀਜਾ ਇਥੇ ਸਾਡੀ ਟੀਮ ਵਰਕ, ਵਿਦਿਆਰਥੀਆਂ ਦੀ ਮਿਹਨਤ ,ਅਧਿਆਪਕਾਂ ਦੀ ਸੱਚੇ ਨਿਭਾਏ ਗਏ ਫਰਜ਼ ਅਤੇ ਮਾਪਿਆਂ ਦੇ ਵਿਸ਼ਵਾਸ ਦਾ ਪਰਿਣਾਮ ਹੈ ।ਉਹਨਾਂ ਨੇ ਵਿਦਿਆਰਥੀਆ ਦੇ ਉਜਵਲ ਭਵਿੱਖ ਦੀ ਕਾਮਨਾ ਕਰਦੇ ਹੋਏ ਕਿਹਾ ਕਿ ਸੰਸਥਾ ਹਮੇਸ਼ਾ ਇਸੇ ਯਤਨ ਵਿੱਚ ਰਹਿੰਦੀ ਹੈ ਕਿ ਵਿਦਿਆਰਥੀਆਂ ਨੂੰ ਅਜਿਹੀ ਵਿਦਿਅਕ ਸਿਖਲਾਈ ਦਿੱਤੀ ਜਾਵੇ ਜਿਸ ਨਾਲ ਉਹ ਵਰਤਮਾਨ ਸਮੇਂ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਦੇ ਕਾਬਲ ਬਣ ਸਕਣ ਅਤੇ ਆਧੁਨਿਕ ਮੁਕਾਬਲੇ ਵਾਲੇ ਯੁੱਗ ਵਿੱਚ ਆਪਣੀ ਨਿਵੇਕਲੀ ਪਹਿਚਾਣ ਬਣਾ ਸਕਣ ਨਾਲ ਹੀ ਉਹਨਾਂ ਨੇ ਆਪਣੇ ਸਕੂਲ ਦੇ ਮਿਹਨਤੀ ਅਤੇ ਕਾਬਲ ਅਧਿਆਪਕਾਂ ਦਾ ਧੰਨਵਾਦ ਕੀਤਾ। ਇਸ ਮੌਕੇ ਤੇ ਚੇਅਰਮੈਨ ਸ੍ਰ ਰਘਬੀਰ ਸਿੰਘ ਸੋਹਲ, ਡਾਇਰੈਕਟਰ ਸ੍ ਤੇਜਬੀਰ ਸਿੰਘ ਸੋਹਲ, ਤੋਂ ਇਲਾਵਾ ਪ੍ਰਿੰਸੀਪਲ ਮੈਡਮ ਜਸਪ੍ਰੀਤ ਕੌਰ ਸੋਹਲ, ਪ੍ਰਿੰਸੀਪਲ ਮੈਡਮ ਮਨਪ੍ਰੀਤ ਕੌਰ ਛੀਨਾਂ , ਮੰਤੇਸ ਕੁਮਾਰ ਪੀ ਐਸ ਈ ਬੀ, ਕੁਲਬੀਰ ਕੌਰ ਅਤੇ ਸਮੂਹ ਸਟਾਫ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ ਅਤੇ ਸੁੱਖਾ ਦਾ ਪਰਿਵਾਰ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਅਤੇ

# ਅਕਾਲੀ ਦਲ ਵਾਰਿਸ ਪੰਜਾਬ ਦੇ ਨਾਲ ਡੱਟ ਕੇ ਖੜਾ : ਭੁਪਿੰਦਰ ਸਿੰਘ ਗੱਦਲੀ





**ਅੰਮ੍ਰਿਤਸਰ, 18 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ 'ਤੇ ਸ਼ਹੀਦ ਭਾਈ ਸੁਖਦੇਵ ਸਿੰਘ ਸੁੱਖਾ ਦੇ ਭਰਾਤਾ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਸੀਨੀਅਰ ਆਗੂ ਭਾਈ ਭੁਪਿੰਦਰ ਸਿੰਘ ਗੱਦਲੀ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਨੂੰ ਐਨ ਐਸ ਏ ਤਹਿਤ ਲੰਮੇ ਸਮੇਂ ਤੱਕ ਕੈਦ ਰੱਖਣਾ ਅਤੇ ਉਨ੍ਹਾਂ ਦੀ ਰਿਹਾਈ ਰੋਕਣ ਲਈ ਹਰ ਸੰਭਵ ਹਥਕੰਡਾ ਵਰਤਣਾ ਭਗਵੰਤ ਮਾਨ ਸਰਕਾਰ ਦੇ ਕਾਰਜਕਾਲ ਦੀ ਸਭ ਤੋਂ ਗਲਤ ਅਤੇ ਨਿੰਦਣਯੋਗ ਕਾਰਵਾਈ ਹੈ। ਉਨ੍ਹਾਂ ਕਿਹਾ ਕਿ ਇੱਕ ਪਾਸੇ ਪੰਜਾਬ ਦੇ ਲੋਕਾਂ ਨੇ ਵੱਡੇ ਮੈਂਡੇਟ ਨਾਲ ਆਪਣੇ ਪ੍ਰਤੀਨਿਧੀ ਨੂੰ ਚੁਣਿਆ, ਦੂਜੇ ਪਾਸੇ ਸਰਕਾਰ ਉਸੇ ਚੁਣੇ ਹੋਏ ਆਗੂ ਨੂੰ ਜੇਲ੍ਹਾਂ ਵਿੱਚ ਬੰਦ ਰੱਖ ਕੇ ਲੋਕਤੰਤਰ ਦਾ ਮਖੌਲ ਉਡਾ ਰਹੀ ਹੈ। ਇਹ ਸਿਰਫ਼ ਇੱਕ ਵਿਅਕਤੀ ਦੇ ਹੱਕਾਂ ਦੀ ਉਲੰਘਣਾ ਨਹੀਂ, ਸਗੋਂ ਪੰਜਾਬ ਦੀ ਜਨਤਾ ਦੇ ਫੈਸਲੇ ਦਾ ਸਿੱਧਾ ਅਪਮਾਨ ਹੈ। ਭਾਈ ਗੱਦਲੀ ਨੇ ਕਿਹਾ ਕਿ ਸ਼ਹੀਦ ਭਾਈ

ਆਵਾਜ਼ਿ ਕੌਮ AWAZE QAUM International Newspaper & WEB TV

ਹਰਜਿੰਦਰ ਸਿੰਘ ਜਿੰਦਾ ਅਤੇ ਸ਼ਹੀਦ ਭਾਈ ਸੁਖਦੇਵ ਸਿੰਘ ਸੁੱਖਾ ਨੇ ਸਿੱਖ ਕੌਮ ਅਤੇ ਨਿਆਂ ਦੀ ਲੜਾਈ ਲਈ ਆਪਣੀ ਜਾਨ ਕੁਰਬਾਨ ਕੀਤੀ ਸੀ। ਉਨ੍ਹਾਂ ਦੀਆਂ ਕੁਰਬਾਨੀਆਂ ਸਾਨੂੰ ਹਮੇਸ਼ਾਂ ਸੱਚ ਅਤੇ ਅਧਿਕਾਰਾਂ ਲਈ ਖੜ੍ਹੇ ਰਹਿਣ ਦੀ ਪ੍ਰੇਰਣਾ ਦਿੰਦੀਆਂ ਹਨ। ਪਰ ਅੱਜ ਇਹ ਵੇਖ ਦਿਲ ਵਿੱਚੋਂ ਦਰਦ ਉੱਠਦਾ ਹੈ ਕਿ ਭਾਈ ਜਿੰਦੇ ਅਤੇ ਸੁੱਖੇ ਨੇ ਸਿੱਖ ਕੌਮ ਅਤੇ ਜਿਸ ਪੰਜਾਬ ਲਈ ਬਿਨਾਂ ਕਿਸੇ ਭੇਦਭਾਵ ਕੁਰਬਾਨੀ ਦੇਕੇ ਸਿੱਖ ਕੌਮ ਦਾ ਸਿਰ ਉੱਚਾ ਕੀਤਾ ਸੀ ਅੱਜ ਉਸੇ ਪੰਜਾਬ ਦਾ ਮੁੱਖ ਮੰਤਰੀ ਜੋ ਆਪਣੇ ਆਪ ਨੂੰ ਸਰਦਾਰ ਕਹਾਉਂਦਾ ਹੈ ਉਹ ਹੀ ਸਿੱਖੀ ਦਾ ਵੈਰੀ ਹੋਗਿਆ ਤੇ ਸਿੱਖ ਨੌਜਵਾਨਾਂ ਨੂੰ ਝੂਠੇ ਕੇਸਾਂ ਵਿੱਚ ਫਸਾ ਕੇ ਜੇਲਾਂ ਵਿੱਚ ਬੰਦ ਕਰਕੇ ਰੱਖਣਾਂ ਚਹੁੰਦਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਭਗਵੰਤ ਮਾਨ ਸਰਕਾਰ ਕਨੂੰਨ ਨੂੰ ਹਥਿਆਰ ਵਜੋਂ ਵਰਤ ਇਕੱਲੇ ਭਾਈ ਅੰਮ੍ਰਿਤਪਾਲ ਸਿੰਘ ਨੂੰ ਨਹੀਂ ਸਮੁੱਚੀ ਸਿੱਖ ਕੌਮ ਨੂੰ ਦਬਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਕੇਸਾਂ ਦੀ ਆਨਲਾਈਨ ਸੁਣਵਾਈ ਕਰਵਾ ਕੇ ਭਾਈ ਅੰਮ੍ਰਿਤਪਾਲ

## ਭਾਈ ਅੰਮ੍ਰਿਤਪਾਲ ਸਿੰਘ ਨੂੰ ਨਜਾਇਜ਼ ਹਿਰਾਸਤ 'ਚ ਰੱਖਣਾਂ ਮੁੱਖ ਮੰਤਰੀ ਭਗਵੰਤ ਮਾਨ ਦੀ ਬਲੰਡਰ ਮਿਸਟੇਕ

ਸਿੰਘ ਨੂੰ ਪੰਜਾਬ ਦੀ ਧਰਤੀ ਤੋਂ ਦੂਰ ਰੱਖਣਾ ਇਸ ਗੱਲ ਦਾ ਸਪੱਸ਼ਟ ਸਬੂਤ ਹੈ ਕਿ ਸਰਕਾਰ ਲੋਕਾਂ ਵਿੱਚ ਉਨ੍ਹਾਂ ਦੇ ਵਧਦੇ ਪ੍ਰਭਾਵ ਤੋਂ ਡਰੀ ਹੋਈ ਹੈ। ਭਾਈ ਭੁਪਿੰਦਰ ਸਿੰਘ ਗੱਦਲੀ ਨੇ ਕਿਹਾ ਕਿ ਅੱਜ ਪੰਜਾਬ ਨਸ਼ਿਆਂ, ਬੇਰੁਜ਼ਗਾਰੀ ਅਤੇ ਕਰਜ਼ੇ ਹੇਠ ਕੁਚਲਿਆ ਜਾ ਰਿਹਾ ਹੈ, ਪਰ ਸਰਕਾਰ ਲੋਕਾਂ ਦੇ ਮੁੱਦਿਆਂ ਨੂੰ ਹੱਲ ਕਰਨ ਦੀ ਬਜਾਏ ਸਿਆਸੀ ਬਦਲੇ ਦੀ ਰਾਜਨੀਤੀ ਨਾਲ ਸਿੱਖਾਂ ਦੀ ਵੈਰੀ ਬਣ ਗਈ ਹੈ। ਇਹ ਸਰਕਾਰ ਦੀ ਨਾਕਾਮੀ ਅਤੇ ਗਲਤ ਤਰਜੀਹਾਂ ਨੂੰ ਦਰਸਾਉਂਦਾ ਹੈ। ਅਖੀਰ 'ਚ ਭਾਈ ਗੱਦਲੀ ਨੇ ਕਿਹਾ ਕਿ ਸਾਡਾ ਪਰਿਵਾਰ ਅਤੇ ਸ਼ਹੀਦ ਭਾਈ ਜਿੰਦਾ-ਸੁੱਖਾ ਦਾ ਸਤਿਕਾਰ ਕਰਨ ਵਾਲੀ ਸਮੁੱਚੀ ਸਿੱਖ ਸੰਗਤ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ, ਉਨ੍ਹਾਂ ਦੇ ਪਰਿਵਾਰ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਨਾਲ ਡੱਟ ਕੇ ਖੜੀ ਹੈ। ਉਨ੍ਹਾਂ ਨੇ ਮੰਗ ਕੀਤੀ ਕਿ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਨੂੰ ਤੁਰੰਤ ਰਿਹਾਅ ਕਰਕੇ ਪੰਜਾਬ ਲਿਆਂਦਾ ਜਾਵੇ ਅਤੇ ਉਨ੍ਹਾਂ ਨੂੰ ਆਪਣੇ ਲੋਕਾਂ ਨਾਲ ਮਿਲਣ ਅਤੇ ਆਪਣੇ ਸੰਵਿਧਾਨਕ ਫਰਜ਼ ਨਿਭਾਉਣ ਦਾ ਪੂਰਾ ਅਧਿਕਾਰ ਦਿੱਤਾ ਜਾਵੇ।

ਮੁੱਖ ਮੰਤਰੀ ਵੱਲੋਂ ਸ਼ੁਰੂ ਕੀਤੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਦੀ

# ਮਾਣ ਧੀਆਂ 'ਤੇ ਸੰਸਥਾ ਨੇ ਕੀਤੀ ਪ੍ਰਸ਼ੰਸਾ



**ਚੌਕ ਮਹਿਤਾ, 18 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਜ਼ਿਲ੍ਹੇ ਦੇ ਸਕੂਲ ਮੁੱਖੀਆਂ, ਸਮਾਜ ਸੇਵੀਆ, ਖੇਡ ਪ੍ਰੇਮੀਆਂ ਅਤੇ ਹੋਰ ਪ੍ਰਸਿੱਧ ਸਖ਼ਸ਼ੀਅਤਾਂ ਨੂੰ ਇਕ ਮੰਚ 'ਤੇ ਖੜ੍ਹੇ ਕਰ ਕੇ ਪਿੱਛਲੇ ਡੇਢ ਦਹਾਕੇ ਤੋਂ ਭਰੂਣ ਹੱਤਿਆ ਖ਼ਿਲਾਫ਼ ਅਤੇ ਬੇਟੀ ਬਚਾਓ, ਬੇਟੀ ਪੜ੍ਹਾਓ, ਮੁਹਿੰਮ ਤਹਿਤ ਮਹਿਲਾਵਾਂ ਅਤੇ ਧੀਆਂ ਦੇ ਹੱਕ 'ਚ ਹਾਅ ਦਾ ਨਾਅਰਾ ਮਾਰਣ ਵਾਲੀ ਅਤੇ ਸਮਾਜ ਸੇਵਾ ਦੇ ਖੇਤਰ 'ਚ ਵਿਲੱਖਣ ਪਛਾਣ ਬਣਾ ਕੇ ਏਸ਼ੀਆ ਅਤੇ ਇੰਡੀਆ ਬੁੱਕ ਵਿਚ ਨਾਂਅ ਦਰਜ ਕਰਵਾਉਣ ਤੋਂ ਇਲਾਵਾ ਕਈ ਕੌਮੀ, ਰਾਜ ਅਤੇ ਜ਼ਿਲ੍ਹਾ ਪੱਧਰੀ ਐਵਾਰਡ ਪ੍ਰਾਪਤ ਕਰਨ ਵਾਲੀ ਪੰਜਾਬ ਦੀ ਨਾਮਵਰ ਸਮਾਜ ਸੇਵੀ ਸੰਸਥਾ "ਮਾਣ ਧੀਆਂ 'ਤੇ" ਸਮਾਜ ਭਲਾਈ ਸੋਸਾਇਟੀ (ਰਜਿ) ਅੰਮ੍ਰਿਤਸਰ ਦੇ ਮੁੱਖ ਸਰਪ੍ਰਸਤ ਸ਼੍ਰੀ ਰਾਜੇਸ਼ ਸ਼ਰਮਾ (ਪੀਸੀਐਸ) ਚੇਅਰਮੈਨ ਸ਼੍ਰੀ ਹਰਦੇਸ਼ ਸ਼ਰਮਾ, ਵਾਇਸ ਚੇਅਰਮੈਨ ਸ.ਮਖਤੂਲ ਸਿੰਘ ਔਲਖ, ਪ੍ਰਧਾਨ ਗੁਰਿੰਦਰ ਸਿੰਘ ਮੱਟੂ ਅਤੇ ਕਾਰਜਕਾਰੀ ਪ੍ਰਧਾਨ ਦਮਨਪ੍ਰੀਤ ਕੌਰ (ਨੈਸ਼ਨਲ ਪੱਧਰੀ ਸਾਈਕਲਿੰਗ ਖਿਡਾਰਨ) ਨੇ ਪੰਜਾਬ ਸਰਕਾਰ ਦੇ ਵੱਲੋਂ ਉਲੀਕੀ ਗਈ ਮੁੱਖ ਮੰਤਰੀ ਮਾਵਾਂ- ਧੀਆਂ ਸਤਿਕਾਰ ਯੋਜਨਾ ਦਾ ਸਵਾਗਤ ਕੀਤਾ ਅਤੇ ਕਿਹਾ ਕਿ ਸਰਕਾਰ ਦੇ ਵੱਲੋਂ ਲਿਆ ਗਿਆ ਇਹ ਫੈਸਲਾ ਜ਼ਮੀਨੀ ਪੱਧਰ ਤੇ ਲਾਗੂ ਹੋਣਾ ਚਾਹੀਦਾ ਹੈ ਤੇ ਇਸ ਦਾ ਲਾਹਾ ਅਸਲ ਹੱਕਦਾਰਾਂ ਨੂੰ ਮਿਲਣਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਬੇਸ਼ੱਕ ਸਰਕਾਰ ਦੀ ਇਸ ਯੋਜਨਾ ਨੇ ਮਹਿਲਾਵਾਂ ਦੇ ਵਿਚ ਉਤਸ਼ਾਹ ਤੇ ਆਤਮ ਵਿਸ਼ਵਾਸ਼ ਪੈਦਾ ਕੀਤਾ ਹੈ ਉਨ੍ਹਾਂ ਦੀ ਸੰਸਥਾ ਮਹਿਲਾਵਾਂ ਦੇ ਮਾਣ-ਸਨਮਾਨ ਤੇ ਹੱਕਾਂ ਅਧਿਕਾਰਾਂ ਦੀ ਖਾਤਰ ਹਾਅ ਦਾ ਨਾਅਰਾ ਮਾਰਨ ਦੇ ਨਾਲ-ਨਾਲ ਧੀਆਂ ਦੇ ਜਨਮ ਲੈਣ ਦੇ ਅਧਿਕਾਰ ਵੀ ਬਾਤ ਪਾਉਣ ਵੀ ਤਰਜੀਹ ਦਿੰਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਜਦੋਂ ਵੀ ਕੋਈ ਸਰਕਾਰ ਮਹਿਲਾਵਾਂ ਅਤੇ ਧੀਆਂ ਦੇ ਹੱਕਾਂ ਲਈ ਕੋਈ ਯੋਜਨਾ ਜਾਂ ਫਿਰ ਕਲਿਆਣਕਾਰੀ ਕਾਰਜਾਂ ਦੀ ਗੱਲ ਕਰਦੀ ਹੈ ਤਾਂ ਉਸ ਦੀ ਪ੍ਰੋੜ੍ਹਤਾ ਤੇ ਪ੍ਰਸ਼ੰਸਾ ਕੀਤੀ ਜਾਂਦੀ ਹੈ। ਅਖੀਰ ਵਿੱਚ ਪ੍ਰਸਿੱਧ ਸਮਾਜ ਸੇਵੀਂ ਅਤੇ ਖੇਡ ਪ੍ਰੋਮੋਟਰ ਪ੍ਰਧਾਨ ਗੁਰਿੰਦਰ ਸਿੰਘ ਮੱਟੂ ਨੇ ਜਾਣਕਾਰੀ ਦਿੰਦਿਆਂ ਕਿਹਾ ਇਹ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਵੱਲੋਂ ਸ਼ੁਰੂ ਕੀਤੀ ਗਈ "ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ" ਵਿੱਚ ਐਸਸੀ ਮਹਿਲਾਵਾਂ ਨੂੰ 1500 ਰੁਪਏ ਅਤੇ ਜਰਨਲ ਨੂੰ 1000 ਰੁਪਏ ਮਹੀਨਾ ਦੇਣਾ ਬਹੁਤ ਹੀ ਸਲਾਘਾਯੋਗ ਫ਼ੈਸਲਾ ਹੈ 9 ਉਹਨਾਂ ਅੱਗੇ ਕਿਹਾ ਕਿ ਡਾਕਟਰ ਬਲਜੀਤ ਕੋਰ (ਸਮਾਜਿਕ ਨਿਆ, ਮਹਿਲਾ ਤੇ ਬਾਲ ਵਿਕਾਸ, ਸਮਾਜਿਕ ਸੁਰੱਖਿਆ ਮੰਤਰੀ ਪੰਜਾਬ) ਦੇ ਅਨੁਸਾਰ ਇਹ ਯੋਜਨਾ ਸਮਾਜਿਕ ਨਿਆ ਦੇਣ ਤੇ ਪੰਜਾਬ ਦੀਆ ਔਰਤ ਨੂੰ ਸਮਰੱਥ ਬਣਾਉਣ ਵਾਲੀ ਹੈ। ਇਸ ਯੋਜ਼ਨਾ ਲਈ ਰਜਿਸਟ੍ਰੇਸ਼ਨ ਦਾ ਕੰਮ ਦੋ ਮਹੀਨਿਆਂ 'ਚ ਪੂਰਾ ਹੋ ਜਾਵੇਗਾ ਤੇ ਜਦੋਂ ਤੋਂ ਮਹਿਲਾਵਾਂ ਦੀ ਰਜਿਸਟ੍ਰੇਸ਼ਨ ਸ਼ੁਰੂ ਹੋਈ ਹੈ, ਉਦੋਂ ਤੋਂ ਇਹ ਰਕਮ ਦਿੱਤੀ ਜਾਵੇਗੀ। ਇਹ ਮਹਿਲਾ ਸ਼ਕਤੀ ਨੂੰ ਸਮਰੱਥ ਬਣਾਉਣ ਵਾਲੀ ਸਭ ਤੋਂ ਅਹਿਮ ਗਾਰੰਟੀ ਹੈ। ਸੋਸਾਇਟੀ ਦੇ ਸਮੂਹ ਮੇਂਬਰਾ ਨੇ ਇਸ ਯੋਜਨਾ ਦਾ ਸਵਾਗਤ ਕੀਤਾ ਹੈ।

# ਸਰਕਾਰੀ ਸਕੂਲਾਂ 'ਚ ਵੱਧ ਸਹੂਲਤਾਂ ਮੁਹੱਈਆ ਕਰਵਾਉਣ ਲਈ ਸਰਕਾਰ ਵਚਨਵੱਧ-ਚੇਅਰਮੈਨ ਘੁੱਲੀ ਅਤੇ ਚੇਅਰਮੈਨ ਢਿੱਲੋਂ



**ਧੂਰੀ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਮਿਆਰ ਨੂੰ ਹੋਰ ਉੱਚਾ ਚੁੱਕਣ ਲਈ ਹਰ ਰੋਜ਼ ਨਵੀਆ ਯੋਜਨਾਵਾਂ ਬਣਾਈਆਂ ਜਾ ਰਹੀਆਂ ਹਨ ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮੁੱਖ ਮੰਤਰੀ ਦਫ਼ਤਰ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਅਤੇ ਦਲਵੀਰ ਸਿੰਘ ਢਿੱਲੋ ਚੇਅਰਮੈਨ ਲਘੂ ਉਦਯੋਗ ਨਿਗਮ ਪੰਜਾਬ ਨੇ ਸਰਕਾਰੀ ਕੰਨਿਆ ਹਾਈ ਸਕੂਲ ਢਢੋਗਲ ਵਿਖੇ 19 ਲੱਖ ਰੁਪਏ ਦੀ ਲਾਗਤ ਨਾਲ ਬਣੇ ਕਮਰਿਆਂ ਦਾ ਉਦਘਾਟਨ ਕਰਨ ਸਮੇਂ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਸਕੂਲਾਂ ਨੂੰ ਸਿੱਖਿਆ ਕ੍ਰਾਂਤੀ ਬਿਹਤਰ ਢਾਂਚਾ ਦੇ ਕੇ ਮਿਆਰੀ ਸਿੱਖਿਆ ਪ੍ਰਦਾਨ ਕਰਨ ਲਈ ਲਗਾਤਾਰ ਯਤਨਸ਼ੀਲ ਹੈ। ਪੂਰੇ ਦੇਸ਼ ਭਰ ਵਿੱਚੋਂ ਪੰਜਾਬ ਦੇ ਸਰਕਾਰੀ ਸਕੂਲਾਂ ਨੂੰ ਨਮੂਨੇ ਦੇ ਸਕੂਲ ਬਣਾਇਆ ਜਾ ਰਿਹਾ ਤਾਂ ਜੋ ਹਰ ਵਰਗ ਦੇ ਬੱਚਿਆਂ ਨੂੰ ਵਧੀਆ ਤਰੀਕੇ ਨਾਲ ਸਿੱਖਿਆ ਮੁਹੱਈਆ ਕਰਵਾਈ ਜਾ ਸਕੇ ਉਨ੍ਹਾਂ ਕਿਹਾ ਕਿ ਸਿੱਖਿਆ ਕ੍ਰਾਂਤੀ ਤਹਿਤ ਸਰਕਾਰੀ ਸਕੂਲਾਂ ਵਿਚ ਆਧੁਨਿਕ ਕਲਾਸ ਰੂਮਾਂ, ਮਜ਼ਬੂਤ ਬੁਨਿਆਦੀ ਢਾਂਚਾ ਅਤੇ ਵਿਦਿਆਰਥੀਆਂ ਨੂੰ ਲੋੜੀਂਦੀਆਂ ਸਹੂਲਤਾਂ ਮੁਹੱਈਆ ਕਰਵਾਈ ਗਈਆਂ ਹਨ ਜੋ ਅਧਿਆਪਕਾਂ ਅਤੇ ਵਿਦਿਆਰਥੀਆਂ ਲਈ ਤੇ ਉਨ੍ਹਾਂ ਦੇ ਸਰਵਪੱਖੀ ਵਿਕਾਸ ਵਿੱਚ ਲਾਹੇਵੰਦ ਸਿੱਧ ਸਾਬਤ ਹੋ ਰਹੀਆਂ ਹਨ। ਇਸ ਮੌਕੇ ਸਿੱਖਿਆ ਕੋਆਰਡੀਨੇਟਰ, ਦਰਸ਼ਨ ਸਿੰਘ ਪਾਠਕ, ਆਪ ਆਗੂ ਉੱਘੇ ਸਮਾਜ ਸੇਵੀ ਭਿੰਦੀ ਧੂਰੀ, ਆਪ ਆਗੂ ਅਵਤਾਰ ਖਾਨ, ਆਪ ਆਗੂ ਆਤਮਾ ਸਿੰਘ, ਹੈੱਡ ਟੀਚਰ ਭਾਰਤੀ ਸਰਮਾ, ਪਰਦੀਪ ਕੌਰ, ਰਿਤੂ ਲਿਸਟ, ਜਸਜੀਤ ਕੌਰ, ਜਸਪਾਲ ਕੌਰ, ਜਸਨਦੀਪ ਕੌਰ, ਰਕੇਸ਼ ਕੌਰ, ਖੁਸਵਿੰਦਰ ਸਿੰਘ, ਕੰਵਲਜੀਤ ਸਿੰਘ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਉਤਰਾਖੰਡ ਦੇ ਰਾਜਪਾਲ ਗੁਰਮੀਤ ਸਿੰਘ ਦਾ ਜੱਦੀ ਪਿੰਡ ਜਲਾਲ ਉਸਮਾਂ ਪਹੁੰਚਣ ਤੇ ਭਰਵਾਂ ਸਵਾਗਤ

## ਚੇਅਰਮੈਨ ਮਾਨ ਨੇ ਗੁਲਦਸਤਾ ਭੇਟ ਕਰਕੇ ਕੀਤਾ ਨਿੱਘਾ ਸਵਾਗਤ



**ਚੌਕ ਮਹਿਤਾ, 18 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਉਤਰਾਖੰਡ ਦੇ ਰਾਜਪਾਲ ਸ. ਗੁਰਮੀਤ ਸਿੰਘ (ਰਿਟਾ. ਲੈਫਟੀਨੈਂਟ ਜਨਰਲ) ਅੱਜ ,60 ਸਾਲ ਲੰਬੇ ਅਰਸੇ ਤੋਂ ਬਾਅਦ ਆਪਣੇ ਜੱਦੀ ਪਿੰਡ ਜਲਾਲ ਉਸਮਾਂ (ਜਿਲਾ ਅੰਮ੍ਰਿਤਸਰ) ਵਿਖੇ ਪਹੁੰਚੇ। ਜਿੱਥੇ ਪਿੰਡ ਦੇ ਲੋਕਾਂ ਵੱਲੋਂ ਉਨ੍ਹਾਂ ਦਾ ਸ਼ਾਨਦਾਰ ਸਵਾਗਤ ਕੀਤਾ ਗਿਆ। ਇਸ ਦੌਰਾਨ ਚੇਅਰਮੈਨ ਕੰਵਰਦੀਪ ਸਿੰਘ ਮਾਨ ਨੇ ਗੁਲਦਸਤਾ ਭੇਟ ਕਰਕੇ ਹਾਰਦਿਕ ਸਵਾਗਤ ਕੀਤਾ ਅਤੇ ਪਿੰਡ ਪਹੁੰਚਣ ਤੇ ਉਨ੍ਹਾਂ ਨੂੰ ਜੀ ਆਇਆਂ ਆਖਿਆ। ਇਥੇ ਗੱਲਬਾਤ ਕਰਦਿਆਂ ਰਾਜਪਾਲ ਸ.ਗੁਰਮੀਤ ਸਿੰਘ ਜੀ ਨੇ ਆਖਿਆ ਕਿ ਅੱਜ 60 ਸਾਲਾਂ ਬਾਅਦ ਆਪਣੇ ਜੱਦੀ ਪਿੰਡ ਪਹੁੰਚ ਕੇ ਉਨਾਂ ਦੀ ਰੂਹ ਦਾ ਸਕੂਨ ਮਹਿਸੂਸ ਕੀਤਾ ਹੈ। ਉਨਾਂ ਆਖਿਆ ਕਿ ਮੇਰਾ ਪਿੰਡ ਜਲਾਲ ਅਤੇ ਪਿੰਡ ਦੇ ਲੋਕ ਹਮੇਸ਼ਾਂ ਮੇਰੀਆਂ ਯਾਦਾਂ ਦੇ ਵਿਚ ਵੱਸੇ ਹਨ, ਜਿਨਾਂ ਨੂੰ ਭੁਲਾਇਆ ਨਹੀਂ ਜਾ ਸਕਦਾ। ਇਸ ਮੌਕੇ ਸਰਪੰਚ ਗੁਰਵੇਲ ਸਿੰਘ, ਮਲਕੀਅਤ ਸਿੰਘ ਮਾਨ, ਸੁਰਜੀਤ ਸਿੰਘ ਮਾਨ, ਜੱਥੇਦਾਰ ਕੇਵਲ ਸਿੰਘ, ਪ੍ਰਧਾਨ ਬਲਦੇਵ ਸਿੰਘ, ਸੁਖਦੇਵ ਸਿੰਘ ਐੱਸ.ਜੀ.ਪੀ.ਸੀ., ਪ੍ਰਗਟ ਸਿੰਘ ਐੱਸ.ਜੀ.ਪੀ.ਸੀ., ਵਰਿੰਦਰਜੀਤ ਸਿੰਘ, ਰੁਪਿੰਦਰਜੀਤ ਸਿੰਘ, ਰਾਜਵਿੰਦਰ ਸਿੰਘ, ਬਾਬਾ ਜਸਵਿੰਦਰ ਸਿੰਘ, ਜੱਸਾ ਸਿੰਘ, ਡਾ ਧਰਮਿੰਦਰਜਿਤ ਸਿੰਘ, ਗੁਰਵੇਲ ਸਿੰਘ, ਗਗਨ ਪਰਵਾਜ਼ ਸਿੰਘ, ਸੁਖਰਾਜ ਸਿੰਘ, ਲਵਲੀ, ਮੋਹਨ ਲਾਲ ਤੇ ਹੋਰ ਪਿੰਡ ਵੱਡੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਜ਼ਿਲਾ ਸਿੱਖਿਆ ਅਧਿਕਾਰੀਆਂ ਵੱਲੋਂ ਖਾਲਸਾ ਸਕੂਲ ਦੀਆਂ

# ਮੈਰਿਟ ਵਿੱਚ ਆਉਣ ਵਾਲੀਆਂ ਵਿਦਿਆਰਥਣਾਂ ਨੂੰ ਕੀਤਾ ਸਨਮਾਨਿਤ





**ਤਲਵੰਡੀ ਸਾਬੋ, 18 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- ਪਿਛਲੇ ਦਿਨੀ ਪੰਜਾਬ ਸਕੂਲ ਸਿੱਖਿਆ ਬੋਰਡ ਨੇ ਫਰਵਰੀ 2026 ਦੀ ਮਿਡਲ ਪੱਧਰ ਦੀ ਪ੍ਰੀਖਿਆ ਦੇ ਨਤੀਜਿਆਂ ਦਾ ਐਲਾਨ ਕੀਤਾ ਤੇ ਹਰ ਵਾਰ ਦੀ ਤਰ੍ਹਾਂ ਇਸ ਵਾਰ ਵੀ ਇਲਾਕੇ ਦੀ ਮੋਹਰੀ ਸਿੱਖਿਆ ਸੰਸਥਾ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਲੜਕੇ ਅਤੇ ਲੜਕੀਆਂ ਦਾ ਨਤੀਜਾ ਸ਼ਾਨਦਾਰ ਰਿਹਾ ਇੱਥੇ ਜ਼ਿਕਰ ਯੋਗ ਹੈ ਕਿ ਇਸ ਸੰਸਥਾ ਦੀਆਂ ਛੇ ਵਿਦਿਆਰਥਣਾਂ ਨੇ ਮੈਰਿਟ ਸੂਚੀ ਵਿੱਚ ਆਪਣੀ ਜਗ੍ਹਾ ਬਣਾਈ। ਵਿਦਿਆਰਥਣਾਂ ਸਭਾ ਨੂਰ ਪੁੱਤਰੀ ਆਸਵ ਖਾਨ ਨੇ 600 ਵਿੱਚੋਂ 593 ਅੰਕ ਹਾਸਲ ਕਰਕੇ ਮੈਰਿਟ ਵਿੱਚ ਸੱਤਵਾਂ ਅਤੇ ਜ਼ਿਲ੍ਹੇ ਵਿੱਚੋਂ ਦੂਸਰਾ ਸਥਾਨ ਹਾਸਲ ਕੀਤਾ ਹੈ ਇਸ ਤੋਂ ਇਲਾਵਾ ਰਵਨੀਤ ਕੌਰ ਪੁੱਤਰੀ ਰਾਜਵਿੰਦਰ ਸਿੰਘ ਨੇ 600 ਵਿੱਚੋਂ 591 ਅੰਕ ਪ੍ਰਾਪਤ ਕਰਕੇ ਮੈਰਿਟ ਵਿੱਚ ਨੌਵਾਂ ਸਥਾਨ ਭਵਨੀਤ ਕੌਰ ਪੁੱਤਰੀ ਮੁਖਵਿੰਦਰ ਸਿੰਘ ਨੇ 388 ਅੰਕ ਪ੍ਰਾਪਤ ਕਰਕੇ ਮੈਰਿਟ ਵਿੱਚ 12ਵਾਂ ਸਥਾਨ ਸਹਿਜ ਪ੍ਰੀਤ ਕੌਰ ਪੁੱਤਰੀ ਰਣਜੀਤ ਸਿੰਘ ਨੇ 587 ਅੰਕ ਪ੍ਰਾਪਤ ਕਰਕੇ ਮੈਰਿਟ ਵਿੱਚ 13ਵਾਂ ਸਥਾਨ ਜਸ਼ਨਦੀਪ ਕੌਰ ਪੁੱਤਰੀ ਗੁਰਸੇਵਕ ਸਿੰਘ ਨੇ 586 ਅੰਕ ਪ੍ਰਾਪਤ ਕਰਕੇ ਚੌਦਵਾਂ ਸਥਾਨ ਕੁਲਜੀਤ ਕੌਰ ਪੁੱਤਰੀ ਕੁਲਵੰਤ ਸਿੰਘ ਨੇ 585 ਅੰਕ ਪ੍ਰਾਪਤ ਕਰਕੇ 15ਵਾਂ ਸਥਾਨ ਹਾਸਲ ਕਰਕੇ ਸੂਬਾਈ ਮੈਰਿਟ ਚ ਸਥਾਨ ਹਾਸਲ ਕਰਦਿਆਂ ਇੱਕ ਵਾਰ ਫਿਰ ਸਕੂਲ ਦਾ ਨਾਮ ਚਮਕਾਇਆ ਹੈ। ਇਸ ਸਬੰਧੀ ਉਚੇਚੇ ਤੌਰ 'ਤੇ ਖ਼ਾਲਸਾ ਸੀਨੀਅਰ ਸੈਕੰਡਰੀ ਸਕੂਲ ਤਲਵੰਡੀ ਸਾਬੋ ਪਹੁੰਚ ਕੇ ਜਿਲਾ ਸਿੱਖਿਆ ਅਫਸਰ ਸੈਕੰਡਰੀ ਸਿੱਖਿਆ ਬਠਿੰਡਾ ਸ਼੍ਰੀਮਤੀ ਮਮਤਾ ਖੁਰਾਣਾ ਸੇਠੀ ਅਤੇ ਉਹਨਾਂ ਦੀ ਟੀਮ ਜਿਸ ਵਿੱਚ ਸੁਖਦੀਪ ਸਿੰਘ, ਮਹਿੰਦਰ ਪਾਲ ਸਮਾਜਿਕ ਸਿੱਖਿਆ ਮਾਸਟਰ ਅਦਰਸ਼ ਸਕੂਲ ਬਠਿੰਡਾ, ਸ਼੍ਰੀਮਤੀ ਅਨੀਤਾ ਕੰਪਿਊਟਰ ਫੈਕਲਟੀ ਸ਼ਾਮਿਲ ਸਨ ਉਹਨਾਂ ਦੁਆਰਾ ਵਿਦਿਆਰਥੀਆਂ ਨੂੰ ਸਿੱਖਿਆ ਵਿਭਾਗ ਵੱਲੋਂ ਸਨਮਾਨਿਤ ਕੀਤਾ ਗਿਆ ਆਪਣੇ ਕੁੰਜੀਵਤ ਭਾਸ਼ਣ ਵਿੱਚ ਬੋਲਦਿਆਂ ਸ਼੍ਰੀਮਤੀ ਖੁਰਾਨਾ ਨੇ ਕਿਹਾ ਕਿ ਦੂਸਰੇ ਵਿਦਿਆਰਥੀਆਂ ਨੂੰ ਵੀ ਇਹਨਾਂ ਬੱਚਿਆਂ ਤੋਂ ਸੇਧ ਲੈ ਕੇ ਆਪਣੀ ਪੜ੍ਹਾਈ ਕਰਨੀ ਚਾਹੀਦੀ ਹੈ ਅਤੇ ਇਸੇ ਤਰ੍ਹਾਂ ਹੀ ਚੰਗੇ ਅੰਕ ਹਾਸਲ ਕਰਕੇ ਆਪਣੇ ਮਾਤਾ ਪਿਤਾ ਸਕੂਲ ਅਤੇ ਸਿੱਖਿਆ ਵਿਭਾਗ ਦਾ ਮਾਨ ਵਧਾਉਣਾ ਚਾਹੀਦਾ ਹੈ। ਸਕੂਲ ਪ੍ਰਿੰਸੀਪਲ ਮੈਡਮ ਗੁਰਮੀਤ ਕੌਰ ਨੇ ਸਿੱਖਿਆ ਅਧਿਕਾਰੀਆਂ ਦਾ ਸਵਾਗਤ ਕਰਦਿਆਂ ਕਿਹਾ ਕਿ ਇਹ ਬੱਚੀਆਂ ਜਿੰਨੀ ਦੇਰ ਇਸ ਸੰਸਥਾ ਦਾ ਹਿੱਸਾ ਬਣੀਆਂ ਰਹਿਣਗੀਆਂ, ਉਦੋਂ ਤੱਕ ਪੜ੍ਹਾਈ ਲਿਖਾਈ ਦੇ ਨਾਲ ਨਾਲ ਇਨ੍ਹਾਂ ਦੀ ਹਰ ਪੱਖੋਂ ਮਦਦ ਕੀਤੀ ਜਾਵੇਗੀ। ਆਪਣੇ ਧੰਨਵਾਦੀ ਭਾਸ਼ਣ ਦੌਰਾਨ ਖਾਲਸਾ ਸਕੂਲ ਲੜਕੇ ਦੇ ਪ੍ਰਿੰਸੀਪਲ ਬਿਕਰਮਜੀਤ ਸਿੰਘ ਸਿੱਧੂ ਨੇ ਜਿਲ੍ਹਾ ਸਿੱਖਿਆ ਅਧਿਕਾਰੀ ਸ਼੍ਰੀਮਤੀ ਮਮਤਾ ਖੁਰਾਣਾ ਦਾ ਸਕੂਲ ਵਿਖੇ ਪਹੁੰਚ ਕੇ ਵਿਦਿਆਰਥਣਾਂ ਨੂੰ ਸਨਮਾਨਿਤ ਕਰਨ ਲਈ ਧੰਨਵਾਦ ਕੀਤਾ ਅਤੇ ਨਾਲ ਹੀ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਦਾ ਵੀ ਧੰਨਵਾਦ ਕੀਤਾ ਜਿਨ੍ਹਾਂ ਨੇ ਸਕੂਲ ਦੀਆਂ ਵਿਦਿਆਰਥਣਾਂ ਦਾ ਮਾਨ ਵਧਾਇਆ। ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਛੋਟਾ ਸਿੰਘ, ਮੈਨੇਜਰ ਸ. ਰਣਜੀਤ ਸਿੰਘ ਮਲਕਾਣਾ ਅਤੇ ਪ੍ਰਿੰਸੀਪਲ ਗੁਰਮੀਤ ਕੌਰ ਨੇ ਇਸ ਸਫਲਤਾ ਦਾ ਸਿਹਰਾ ਆਪਣੇ ਮਿਹਨਤੀ ਸਟਾਫ ਅਤੇ ਬੱਚੀਆਂ ਸਿਰ ਬੰਨ੍ਹਿਆ। ਕਮੇਟੀ ਦੇ ਸਕੱਤਰ ਸ. ਜਸਵਿੰਦਰ ਸਿੰਘ ਸਿੱਧੂ, ਮੀਤ ਪ੍ਰਧਾਨ ਭੁਪਿੰਦਰ ਸਿੰਘ ਜੱਸਲ, ਸੁਰਜੀਤ ਸਿੰਘ ਭੰਮ ਨੇ ਬੱਚਿਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕਰਦੇ ਹੋਏ ਸਭ ਨੂੰ ਸ਼ੁਭਕਾਮਨਾਵਾਂ ਭੇਟ ਕੀਤੀਆਂ। ਇਸ ਉਪਰੰਤ ਸਕੂਲ ਸਟਾਫ਼ ਅਤੇ ਪ੍ਰਬੰਧਕ ਕਮੇਟੀ ਵੱਲੋਂ ਜ਼ਿਲ੍ਹਾ ਸਿੱਖਿਆ ਅਫ਼ਸਰ ਮੈਡਮ ਖੁਰਾਣਾ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਵਾਈਸ ਪ੍ਰਿੰਸੀਪਲ ਯਾਦਵਿੰਦਰ ਕੌਰ, ਖਾਲਸਾ ਸਕੂਲ ਦੇ ਸੁਪਰਡੈਂਟ ਗੰਗਾ ਸਿੰਘ ਭੁੱਲਰ, ਮੈਡਮ ਨੀਲਮ ਰਾਣੀ, ਸੰਦੀਪ ਕੌਰ, ਗੁਰਪ੍ਰੀਤ ਕੌਰ, ਸੁਖਪਾਲ ਕੌਰ, ਸੁਖਪ੍ਰੀਤ ਕੌਰ, ਮੈਡਮ ਸੀਮਾ ਸੂਦ ਅਤੇ ਵਿਦਿਆਰਥੀਆਂ ਦੇ ਮਾਤਾ ਪਿਤਾ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿਚ

# ਵਿਸ਼ਵ ਵਿਰਾਸਤ ਦਿਵਸ ਮਨਾਇਆ




**ਫ਼ਿਰੋਜ਼ਪੁਰ, 18 ਅਪ੍ਰੈਲ (ਮਨੋਹਰ ਲਾਲ)** :— ਮੋਗਾ ਰੋਡ ਤੇ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਜ਼ੋ ਚੇਅਰਮੈਨ ਡਾ: ਹੀਰਾਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਜਨਰਲ ਸਕੱਤਰ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੀ ਨਿਗਰਾਨੀ ਹੇਠ ਚੱਲ ਰਿਹਾ ਹੈ। ਸਕੂਲ ਵਿੱਚ ਵਿਸ਼ਵ ਵਿਰਾਸਤ ਦਿਵਸ ਮਨਾਇਆ ਗਿਆ। ਇਸ ਸੰਬੰਧੀ ਇੱਕ ਕੁਇਜ਼ ਮੁਕਾਬਲਾ ਕਰਵਾਇਆ ਗਿਆ, ਕੁਇਜ਼ ਵਿੱਚ ਦੁਨੀਆ ਦੀ ਸੱਭਿਆਚਾਰਕ ਅਤੇ ਇਤਿਹਾਸਕ ਵਿਰਾਸਤ ਨਾਲ ਸਬੰਧਤ ਸਵਾਲ ਸ਼ਾਮਲ ਸਨ। ਸਕੂਲ ਪ੍ਰਬੰਧਕਾਂ ਨੇ ਦੱਸਿਆ ਕਿ ਸਕੂਲ ਦੇ ਚਾਰ ਹਾਊਸ ਆਰਕੀਮੀਡੀਜ਼, ਗੈਲੀਲੀਓ, ਆਈਨਸਟਾਈਨ ਅਤੇ ਨਿਊਟਨ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ। ਇਸ ਦਿਨ ਨੂੰ ਮਨਾਉਣ ਦਾ ਉਦੇਸ਼ ਵਿਦਿਆਰਥੀਆਂ ਵਿੱਚ ਆਪਣੀ ਸੱਭਿਆਚਾਰਕ, ਇਤਿਹਾਸਕ ਅਤੇ ਕੁਦਰਤੀ ਵਿਰਾਸਤ ਦੀ ਸੰਭਾਲ ਬਾਰੇ ਜਾਗਰੂਕਤਾ ਪੈਦਾ ਕਰਨਾ ਸੀ। ਇਸ ਮੁਕਾਬਲੇ ਦੇ ਜੇਤੂ ਆਈਨਸਟਾਈਨ ਹਾਊਸ ਦੇ ਵਿਦਿਆਰਥੀ ਸਨ। ਸਕੂਲ ਪ੍ਰਿੰਸੀਪਲ ਰੇਖਾ ਪਾਸੀ ਨੇ ਦੱਸਿਆ ਕਿ ਵਿਸ਼ਵ ਵਿਰਾਸਤ ਦਿਵਸ ਤੇ ਕੁਇਜ਼ ਕਰਵਾਉਣ ਦਾ ਉਦੇਸ਼ ਵਿਦਿਆਰਥੀਆਂ ਦੇ ਗਿਆਨ ਨੂੰ ਵਧਾਉਣਾ ਅਤੇ ਉਨ੍ਹਾਂ ਨੂੰ ਆਪਣੀ ਸੱਭਿਆਚਾਰਕ, ਇਤਿਹਾਸਕ ਅਤੇ ਕੁਦਰਤੀ ਵਿਰਾਸਤ ਨੂੰ ਸੁਰੱਖਿਅਤ ਰੱਖਣ ਲਈ ਉਤਸ਼ਾਹਿਤ ਕਰਨਾ ਸੀ। ਇਹ ਕੁਇਜ਼ ਵਿਦਿਆਰਥੀਆਂ ਦੀ ਜਾਗਰੂਕਤਾ ਅਤੇ ਤਿਆਰੀ ਦਾ ਮੁਲਾਂਕਣ ਕਰਨ ਲਈ ਕਰਵਾਇਆ ਗਿਆ ਸੀ। ਵਿਦਿਆਰਥੀਆਂ ਨੇ ਬਹੁਤ ਉਤਸ਼ਾਹ ਅਤੇ ਉਤਸੁਕਤਾ ਨਾਲ ਕੁਇਜ਼ ਵਿੱਚ ਹਿੱਸਾ ਲਿਆ। ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ ਹਮੇਸ਼ਾ ਸਿੱਖਿਆ ਅਤੇ ਸਮਾਜਿਕ ਜ਼ਿੰਮੇਵਾਰੀ ਦੇ ਨਿਰੰਤਰ ਵਿਕਾਸ ਪ੍ਰਤੀ ਵਚਨਬੱਧਤਾ ਦਾ ਪ੍ਰਦਰਸ਼ਨ ਕਰਦੇ ਹਨ। ਇਸ ਮੌਕੇ ਜਨਰਲ ਸਕੱਤਰ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਵੀ ਮੌਜੂਦ ਸਨ। ਉਨ੍ਹਾਂ ਜੇਤੂ ਟੀਮ ਨੂੰ ਵਧਾਈ ਦਿੱਤੀ ਅਤੇ ਹੌਸਲਾ ਵਧਾਇਆ ਅਤੇ ਦੂਜੀਆਂ ਟੀਮਾਂ ਦੇ ਪ੍ਰਦਰਸ਼ਨ ਦੀ ਪ੍ਰਸ਼ੰਸਾ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਬੇਅਦਬੀ ਮਾਮਲੇ ਵਿਚ ਸਰਕਾਰ ਵੱਲੋਂ ਬਣਾਏ ਕਾਨੂੰਨ ਪ੍ਰਸੰਸਾਯੋਗ—ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ







**ਫ਼ਿਰੋਜ਼ਪੁਰ, 18 ਅਪ੍ਰੈਲ (ਮਨੋਹਰ ਲਾਲ)** :— ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਦੀ ਹੰਗਾਮੀ ਮੀਟਿੰਗ ਫ਼ਿਰੋਜ਼ਪੁਰ ਸ਼ਹਿਰ ਵਿਖੇ ਹੋਈ, ਜਿਸ ਵਿਚ ਪੰਥ ਦੇ ਗੰਭੀਰ ਮੁੱਦਿਆਂ ਤੇ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਲਖਬੀਰ ਸਿੰਘ ਮਹਾਲਮ ਪੰਜਾਬ ਪ੍ਰਧਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਨੇ ਦੱਸਿਆ ਕਿ ਜਿਵੇਂ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੜੇ ਲੰਮੇ ਸਮੇਂ ਤੋਂ ਬੇਅਦਬੀਆਂ ਹੋ ਰਹੀਆਂ ਸਨ ਅਤੇ ਹਰ ਰੋਜ਼ ਕਿਤੇ ਨਾ ਕਿਤੇ ਬੇਅਦਬੀ ਦਾ ਮਾਮਲਾ ਸਾਹਮਣੇ ਆਉਂਦਾ ਸੀ, ਜਿਸ ਨਾਲ ਉਸ ਇਲਾਕੇ ਦੇ ਲੋਕ ਬੇਅਦਬੀ ਕਰਨ ਵਾਲੇ ਦੇ ਹੱਕ ਵਿਚ ਹੋ ਕੇ ਕਿਵੇਂ ਨਾ ਕਿਵੇਂ ਉਸ ਨੂੰ ਬਚਾਅ ਲੈਂਦੇ ਸਨ। ਗੱਲਬਾਤ ਕਰਦਿਆਂ ਆਗੂਆਂ ਨੇ ਦੱਸਿਆ ਕਿ ਕਿਤੇ ਕਿਸੇ ਨੂੰ ਮੰਦਬੁੱਧੀ ਅਤੇ ਕਦੇ ਕਿਸੇ ਹੋਰ ਤਰੀਕੇ ਨਾਲ ਬੇਅਦਬੀ ਕਰਨ ਵਾਲੇ ਨੂੰ ਬਚਾਇਆ ਜਾਂਦਾ ਸੀ, ਮੰਦਬੁੱਧੀ ਦੇ ਨਾਮ ਤੇ ਅੱਜ ਤੱਕ ਲਗਭਗ ਹੋਈਆਂ ਬੇਅਦਬੀਆਂ ਵਿਚੋਂ ਅੱਸੀ—ਨੱਬੇ ਫੀਸਦੀ ਮੁਲਜ਼ਮ ਬੱਚ ਜਾਂਦੇ ਰਹੇ, ਪਰ ਹੁਣ ਨਵੇਂ ਬਣੇ ਕਾਨੂੰਨ ਜ਼ੋ ਕਿ ਸਿੱਖ ਜਥੇਬੰਦੀਆਂ ਦੀ ਹਾਜ਼ਰੀ ਵਿਚ ਬਣਿਆ ਜਿਵੇਂ ਕਿ ਦਸ ਸਾਲ ਤੋਂ ਉਮਰ ਕੈਦ ਦੀ ਸਜਾ, ਪੱਚੀ ਲੱਖ ਦਾ ਜੁਰਮਾਨਾ ਕਰਨਾ ਤੈਅ ਕੀਤਾ। ਉਨ੍ਹਾਂ ਕਿਹਾ ਕਿ ਮੰਦਬੁੱਧੀ ਦੇ ਨਾਮ ਤੇ ਬਚਣ ਵਾਲਿਆਂ ਦੇ ਮਾਤਾ—ਪਿਤਾ ਜਾਂ ਗਾਰਡੀਅਨ ਆਦਿ ਨੂੰ ਇਹ ਸਜਾ ਹੋਵੇਗੀ। ਇਸ ਨਵੇਂ ਬਣੇ ਕਾਨੂੰਨ ਤੇ ਸਰਕਾਰ ਦਾ ਬਹੁਤ—ਬਹੁਤ ਧੰਨਵਾਦ ਕਰਦਿਆਂ ਸਤਿਕਾਰ ਕਮੇਟੀ ਫ਼ਿਰੋਜ਼ਪੁਰ ਵੱਲੋਂ ਕਿਹਾ ਗਿਆ ਕਿ ਜ਼ੋ ਇਸ ਤੋਂ ਪਹਿਲਾਂ 328 ਸਰੂਪਾਂ ਦੇ ਮਾਮਲੇ ਵਿਚ ਪੰਜਾਬ ਸਰਕਾਰ ਨੇ ਕਾਰਵਾਈ ਕਿਤੇ ਉਹ ਵੀ ਬਹੁਤ ਸ਼ਲਾਘਾਯੋਗ ਕੰਮ ਕੀਤਾ ਹੈ, ਇਸ ਤੇ ਵੀ ਸਰਕਾਰ ਦਾ ਬਹੁਤ—ਬਹੁਤ ਧੰਨਵਾਦ ਕੀਤਾ। ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਦਰਬਾਰ ਸਾਹਿਬ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਦੇ ਕੇ ਸਿੱਖ ਕੌਮ ਦੇ ਦਿਲ ਜਿੱਤੇ ਅਤੇ ਅਸੀਂ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਪੰਜਾਬ ਦਿਲੋਂ ਇਨ੍ਹਾਂ ਉਪਰਾਲਿਆਂ ਦਾ ਸਵਾਗਤ ਕਰਦੇ ਹਾਂ ਅਤੇ ਨਾਲ ਹੀ ਸਰਕਾਰ ਨੂੰ ਅਪੀਲ ਕਰਦੇ ਹਾਂ ਕਿ ਸਾਰੇ ਬੰਦੀ ਸਿੰਘਾਂ ਨੂੰ ਰਿਹਾਅ ਕਰਕੇ ਇਨਸਾਫ ਕੀਤਾ ਜਾਵੇ। ਪੰਜਾਬ ਸਰਕਾਰ ਨੂੰ ਅਪੀਲ ਹੈ ਕਿ ਉਹ ਬੰਦੀ ਸਿੰਘਾਂ ਨੂੰ ਰਿਹਾਅ ਕਰਨ ਲਈ ਵੀ ਮਤਾ ਪਾਸ ਕਰਨ। ਅੱਜ ਦੀ ਮੀਟਿੰਗ ਵਿਚ ਲਖਬੀਰ ਸਿੰਘ ਮਹਾਲਮ ਪੰਜਾਬ ਪ੍ਰਧਾਨ ਸ੍ਰੀ ਗੁਰੂ ਗ੍ਰੰਥ ਸਾਹਿਬ,ਰਣਜੀਤ ਸਿੰਘ ਲਾਡੀ ਬੱਬਰ, ਜਥੇਦਾਰ ਪ੍ਰੀਤਮ ਸਿੰਘ ਪ੍ਰਧਾਨ, ਭਾਈ ਮਨੀ ਸਿੰਘ ਸੇਵਾ ਸੁਸਾਇਟੀ, ਜਥੇਦਾਰ ਸੰਤੋਖ ਸਿੰਘ ਖਾਲਸਾ ਬੱਗੇ ਕੇ ਪਿੱਪਲ ਜ਼ਿਲ੍ਹਾ ਪ੍ਰਧਾਨ ਸਤਿਕਾਰ ਕਮੇਟੀ, ਬਲਕਾਰ ਸਿੰਘ ਫ਼ਿਰੋਜ਼ਪੁਰ, ਜਗਤਾਰ ਸਿੰਘ ਮਹਾਲਮ ਅਤੇ ਹੋਰ ਆਗੂ ਸ਼ਾਮਲ ਹੋਏ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰਦੁਆਰਾ ਗੁਰੂ ਰਾਮ ਦਾਸ ਪੁਰੀ ਅਰਮਾਨਪੁਰਾ ਵਿਖੇ ਗੁਰੂ ਅੰਗਦ ਦੇਵ ਜੀ ਦਾ ਪ੍ਰਕਾਸ਼ ਪੁਰਬ ਅਤੇ ਭਗਤ ਧੰਨਾ ਜੱਟ ਦਾ ਜਨਮ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ ਜਾਵੇਗਾ

**ਫ਼ਿਰੋਜ਼ਪੁਰ, 18 ਅਪ੍ਰੈਲ (ਮਨੋਹਰ ਲਾਲ)** :— ਇਲਾਕੇ ਦੀ ਸੰਗਤ ਲਈ ਬਹੁਤ ਹੀ ਖ਼ੁਸ਼ੀ ਅਤੇ ਅਧਿਆਤਮਿਕਤਾ ਦਾ ਸੁਨੇਹਾ ਹੈ ਕਿ ਗੁਰਦੁਆਰਾ ਗੁਰੂ ਰਾਮ ਦਾਸ ਪੁਰੀ ਅਰਮਾਨਪੁਰਾ ਆਸਲ (ਫ਼ਿਰੋਜ਼ਪੁਰ) ਵਿਖੇ ਦੂਜੇ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਅੰਗਦ ਦੇਵ ਜੀ ਦਾ ਪ੍ਰਕਾਸ਼ ਗੁਰਪੁਰਬ ਅਤੇ ਭਗਤ ਧੰਨਾ ਜੱਟ ਜੀ ਦਾ ਜਨਮ ਦਿਹਾੜਾ ਬੜੀ ਸ਼ਰਧਾ, ਭਾਵਨਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ। ਇਸ ਪਵਿੱਤਰ ਦਿਹਾੜੇ ਨੂੰ ਸਮਰਪਿਤ ਵਿਸ਼ੇਸ਼ ਧਾਰਮਿਕ ਸਮਾਗਮ 19 ਅਪ੍ਰੈਲ 2026 (6 ਵੈਸਾਖ), ਦਿਨ ਐਤਵਾਰ ਨੂੰ ਕਰਵਾਏ ਜਾਣਗੇ। ਪ੍ਰਬੰਧਕਾਂ ਅਤੇ ਗੁਰੂ ਪੰਥ ਦੇ ਦਾਸ ਭਗਤ ਮਿਲਖਾ ਸਿੰਘ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ ਸਮਾਗਮ ਦੀ ਸ਼ੁਰੂਆਤ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਨਾਲ ਹੋਵੇਗੀ।



ਉਨ੍ਹਾਂ ਦੱਸਿਆ ਕਿ 17 ਅਪ੍ਰੈਲ 2026 (4 ਵੈਸਾਖ) ਦਿਨ ਸ਼ੁੱਕਰਵਾਰ ਸਵੇਰੇ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੇ ਪਾਠ ਆਰੰਭ ਹੋਣਗੇ, ਜਿਨ੍ਹਾਂ ਦੇ ਭੋਗ ਮਿਤੀ 19 ਅਪ੍ਰੈਲ 2026 (6 ਵੈਸਾਖ) ਦਿਨ ਐਤਵਾਰ ਸਵੇਰੇ 9 ਵਜੇ ਪਾਏ ਜਾਣਗੇ। ਉਨ੍ਹਾਂ ਦੱਸਿਆ ਕਿ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸ਼ਾਨਦਾਰ ਦੀਵਾਨ ਸਜਾਏ ਜਾਣਗੇ, ਜਿਸ ਵਿੱਚ ਉੱਘੇ ਸੰਤ ਮਹਾਂਪੁਰਸ਼, ਰਾਗੀ ਜੱਥੇ, ਢਾਡੀ ਜੱਥੇ ਅਤੇ ਕਵੀਸ਼ਰੀ ਜੱਥੇ ਸੰਗਤਾਂ ਨੂੰ ਗੁਰੂ ਇਤਿਹਾਸ ਅਤੇ ਗੁਰਬਾਣੀ ਨਾਲ ਜੋੜਨਗੇ। ਇਸ ਮੌਕੇ ਗੁਰੂ ਰਾਮ ਦਾਸ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਦੇ ਬੱਚੇ ਗੁਰੂ ਜੱਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕਰਨਗੇ। ਉਨ੍ਹਾਂ ਦੱਸਿਆ ਕਿ ਸਮਾਗਮਾਂ ਗੁਰੂ ਕਾ ਲੰਗਰ ਅਟੁੱਟ ਵਰਤੇਗਾ। ਸਮਾਗਮ ਦੀ ਸੰਪੂਰਨਤਾ ਅਤੇ ਸਮਾਪਤੀ ਅਰਦਾਸ ਦੁਪਹਿਰ 1:00 ਵਜੇ ਹੋਵੇਗੀ।

ਗੱਲਬਾਤ ਕਰਦਿਆਂ ਭਗਤ ਮਿਲਖਾ ਸਿੰਘ ਅਤੇ ਸਮੂਹ ਪ੍ਰਬੰਧਕ ਕਮੇਟੀ ਨੇ ਦੇਸ਼—ਵਿਦੇਸ਼ ਅਤੇ ਇਲਾਕੇ ਦੀਆਂ ਸਮੂਹ ਸੰਗਤਾਂ ਨੂੰ ਨਿਮਰਤਾ ਸਹਿਤ ਬੇਨਤੀ ਕੀਤੀ ਕਿ ਉਹ ਪਰਿਵਾਰਾਂ ਸਮੇਤ ਇਸ ਮਹਾਨ ਸਮਾਗਮ ਵਿੱਚ ਹਾਜ਼ਰੀ ਭਰਨ ਅਤੇ ਗੁਰੂ ਸਾਹਿਬ ਦੀਆਂ ਖ਼ੁਸ਼ੀਆਂ ਪ੍ਰਾਪਤ ਕਰਨ। ਉਨ੍ਹਾਂ ਦੱਸਿਆ ਕਿ ਇਸ ਮੌਕੇ ਤੇ ਗਿਆਨੀ ਸੁਖਜੀਤ ਸਿੰਘ ਖਾਲਸਾ ਫਿਰੋਜ਼ਪੁਰ ਵਾਲੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸੰਤ ਅਵਤਾਰ ਸਿੰਘ ਟਿੱਬੀ ਸਾਹਿਬ ਨੇ ਨੌਜਵਾਨਾਂ ਨੂੰ ਸਿੱਖੀ ਸਰੂਪ ਨਾਲ ਜੁੜੇ ਰਹਿਣ ਲਈ ਪ੍ਰੇਰਿਆ

# ਰੂਪਨਗਰ ਵਿਖੇ 12ਵੀਂ ਪੰਜਾਬ ਰਾਜ ਗੱਤਕਾ ਚੈਂਪੀਅਨਸ਼ਿਪ ਦੀ ਸ਼ਾਨਦਾਰ ਸ਼ੁਰੂਆਤ





**ਰੂਪਨਗਰ, 18 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਗੱਤਕਾ ਐਸੋਸੀਏਸ਼ਨ ਆਫ ਪੰਜਾਬ ਦੀ ਅਗਵਾਈ ਹੇਠ ਗੱਤਕਾ ਐਸੋਸੀਏਸ਼ਨ ਜ਼ਿਲ੍ਹਾ ਰੂਪਨਗਰ ਵੱਲੋਂ ਆਯੋਜਿਤ 12ਵੀਂ ਪੰਜਾਬ ਰਾਜ ਗੱਤਕਾ ਚੈਂਪੀਅਨਸ਼ਿਪ ਦਾ ਅੱਜ ਸ਼ਾਨਦਾਰ ਆਗਾਜ਼ ਹੋਇਆ। ਗੁਰੂ ਨਾਨਕ ਮਾਡਲ ਸਕੂਲ ਲੌਧੀਪੁਰ ਵਿਖੇ ਚੱਲ ਰਹੀ ਇਸ ਦੋ ਰੋਜ਼ਾ ਚੈਂਪੀਅਨਸ਼ਿਪ ਵਿੱਚ ਪੰਜਾਬ ਦੇ 15 ਜ਼ਿਲ੍ਹਿਆਂ ਦੀਆਂ ਟੀਮਾਂ ਭਾਗ ਲੈ ਰਹੀਆਂ ਹਨ ਜਿਸ ਨਾਲ ਖਾਲਸਾਈ ਖੇਡ ਦਾ ਮਾਹੌਲ ਪੂਰੀ ਚਰਮ ਸੀਮਾ 'ਤੇ ਹੈ।

ਅੱਜ ਟੂਰਨਾਮੈਂਟ ਦਾ ਉਦਘਾਟਨ ਤੇ ਮੁਕਾਬਲਿਆਂ ਦੀ ਸ਼ੁਰੂਆਤ ਸੰਤ ਬਾਬਾ ਅਵਤਾਰ ਸਿੰਘ ਜੀ ਟਿੱਬੀ ਸਾਹਿਬ ਵਾਲਿਆਂ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਜਥੇਦਾਰ ਪਰਮਜੀਤ ਸਿੰਘ ਲੱਖੋਵਾਲ, ਨੈਸ਼ਨਲ ਗੱਤਕਾ ਐਸੋਸੀਏਸ਼ਨ ਆਫ ਇੰਡੀਆ ਦੇ ਪ੍ਰਧਾਨ ਸਰਦਾਰ ਹਰਜੀਤ ਸਿੰਘ ਗਰੇਵਾਲ ਐਡਵੋਕੇਟ ਅਤੇ ਜ਼ਿਲ੍ਹਾ ਗੱਤਕਾ ਐਸੋਸੀਏਸ਼ਨ ਦੀ ਪ੍ਰਧਾਨ ਬੀਬੀ ਮਨਜੀਤ ਕੌਰ ਦੀ ਹਾਜ਼ਰੀ ਵਿੱਚ ਕੀਤੀ। ਇਸ ਮੌਕੇ ਬੋਲਦਿਆਂ ਉਨ੍ਹਾਂ ਨੇ ਗੱਤਕਾ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਕਰਦਿਆਂ ਗੱਤਕਾ ਐਸੋਸੀਏਸ਼ਨ ਪੰਜਾਬ ਵੱਲੋਂ ਗੱਤਕੇ ਦੀ ਪ੍ਰਫੁੱਲਤਾ ਲਈ ਕੀਤੇ ਜਾ ਰਹੇ ਯਤਨਾਂ ਦੀ ਭਰਪੂਰ ਸ਼ਲਾਘਾ ਕੀਤੀ। ਨਾਲ ਹੀ ਉਨ੍ਹਾਂ ਗੱਤਕੇ ਦੇ ਵਿਆਪਕ ਪ੍ਰਚਾਰ-ਪਸਾਰ ਲਈ ਹਰ ਸੰਭਵ ਸਹਿਯੋਗ ਦਾ ਭਰੋਸਾ ਦਿੱਤਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਪਰਮਜੀਤ ਸਿੰਘ ਲੱਖੋਵਾਲ ਨੇ ਖਿਡਾਰੀਆਂ ਨੂੰ ਆਸ਼ੀਰਵਾਦ ਦਿੰਦਿਆਂ ਕਿਹਾ ਕਿ ਜ਼ਿਲ੍ਹਾ ਰੂਪਨਗਰ ਗੱਤਕੇ ਦੇ ਖੇਤਰ ਵਿੱਚ ਬਹੁਤ ਅੱਗੇ ਹੈ ਅਤੇ ਪਿਛਲੇ ਸਾਲ ਵੀ ਨੈਸ਼ਨਲ ਗੱਤਕਾ ਚੈਂਪੀਅਨਸ਼ਿਪ ਦੌਰਾਨ ਇਥੋਂ ਦੇ ਖਿਡਾਰੀਆਂ ਨੇ ਪੰਜਾਬ ਟੀਮ ਦੀ ਅਗਵਾਈ ਕਰਦਿਆਂ ਕਈ ਮੈਡਲ ਜਿੱਤੇ ਸਨ। ਉਨ੍ਹਾਂ ਨੇ ਨੈਸ਼ਨਲ ਗੱਤਕਾ ਐਸੋਸੀਏਸ਼ਨ ਦੇ ਪ੍ਰਧਾਨ ਗਰੇਵਾਲ ਵੱਲੋਂ ਗੱਤਕੇ ਦੀ ਤਰੱਕੀ ਲਈ ਜਾਰੀ ਯਤਨਾਂ ਦੀ ਵੀ ਪ੍ਰਸ਼ੰਸਾ ਕੀਤੀ।

ਇਸ ਮੌਕੇ ਕੌਮੀ ਪ੍ਰਧਾਨ ਐਡਵੋਕੇਟ ਹਰਜੀਤ ਸਿੰਘ ਗਰੇਵਾਲ ਨੇ ਖਿਡਾਰੀਆਂ ਨੂੰ ਮਿਹਨਤ ਅਤੇ ਅਨੁਸ਼ਾਸਨ ਨਾਲ ਅੱਗੇ ਵੱਧਣ ਦੀ ਪ੍ਰੇਰਨਾ ਦਿੱਤੀ। ਉਨ੍ਹਾਂ ਦੱਸਿਆ ਕਿ ਗੱਤਕੇ ਦੀ ਖੇਡ ਲਗਾਤਾਰ ਨਵੇਂ ਮੀਲ ਪੱਥਰ ਸਥਾਪਿਤ ਕਰ ਰਹੀ ਹੈ ਅਤੇ ਭਵਿੱਖ ਵਿੱਚ ਇਸ ਦੇ ਅੰਤਰਰਾਸ਼ਟਰੀ ਪੱਧਰ ਦੇ ਮੁਕਾਬਲੇ ਵੀ ਕਰਵਾਏ ਜਾਣਗੇ।

ਇਸ ਮੌਕੇ ਕਈ ਰਾਜਨੀਤਿਕ ਅਤੇ ਧਾਰਮਿਕ ਸ਼ਖਸੀਅਤਾਂ ਨੇ ਵੀ ਹਾਜ਼ਰੀ ਲਗਵਾਈ ਜਿਨ੍ਹਾਂ ਵਿੱਚ ਸਾਬਕਾ ਸਿੱਖਿਆ ਮੰਤਰੀ ਡਾ. ਦਲਜੀਤ ਸਿੰਘ ਚੀਮਾ ਅਤੇ ਸਾਬਕਾ ਵਿਧਾਇਕ ਸਰਦਾਰ ਅਮਰਜੀਤ ਸਿੰਘ ਸੰਧੋਆ ਵੀ ਸ਼ਾਮਲ ਸਨ। ਇਲਾਕੇ ਦੀਆਂ ਵੱਖ-ਵੱਖ ਪਿੰਡਾਂ ਦੀਆਂ ਪੰਚਾਇਤਾਂ ਵੱਲੋਂ ਵੀ ਇਸ ਟੂਰਨਾਮੈਂਟ ਨੂੰ ਭਰਪੂਰ ਸਮਰਥਨ ਮਿਲਿਆ।

ਜ਼ਿਲ੍ਹਾ ਪ੍ਰਧਾਨ ਬੀਬੀ ਮਨਜੀਤ ਕੌਰ ਨੇ ਦੱਸਿਆ ਕਿ ਐਤਵਾਰ 19 ਅਪ੍ਰੈਲ ਇਸ ਟੂਰਨਾਮੈਂਟ ਦੇ ਫਾਈਨਲ ਮੁਕਾਬਲੇ ਹੋਣਗੇ ਅਤੇ ਜੇਤੂ ਖਿਡਾਰੀਆਂ ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰੂ ਨਾਨਕ ਮਾਡਲ ਸਕੂਲ ਦੇ ਚੇਅਰਮੈਨ ਸਰਦਾਰ ਗੁਰਬਚਨ ਸਿੰਘ, ਗੁਰਪ੍ਰੀਤ ਸਿੰਘ ਭਾਉਵਾਲ, ਗੁਰਵਿੰਦਰ ਸਿੰਘ ਘਨੌਲੀ, ਜਸਪ੍ਰੀਤ ਸਿੰਘ, ਪਰਵਿੰਦਰ ਸਿੰਘ ਰੂਪਨਗਰ, ਸਰਦਾਰ ਹਰਦੀਪ ਸਿੰਘ ਅਤੇ ਹੋਰ ਪਤਵੰਤੇ ਸੱਜਣ ਵੀ ਮੌਜੂਦ ਸਨ।

ਆਪਣੇ ਦਾਦਾ ਸੁ: ਗੁਰਚਰਨ ਸਿੰਘ ਨੂੰ ਮੰਨਦਾ ਹੈ ਪ੍ਰੇਰਨਾ ਸਰੋਤ

# ਬੀਰਪ੍ਰਤਾਪ ਸਿੰਘ ਨੇ ਸੀ.ਬੀ.ਐਸ. ਸੀ. 10ਵੀਂ ਜਮਾਤ ਦੀ ਪ੍ਰੀਖਿਆ ਵਿਚੋਂ 80.2 ਫ਼ੀਸਦੀ ਅੰਕ ਪ੍ਰਾਪਤ ਕੀਤੇ

,ਅੰਮ੍ਰਿਤਸਰ, 18 ਅਪ੍ਰੈਲ (ਕੁਲਵੰਤ ਸਿੰਘ ਵਿਰਦੀ) : ਸ੍ਰੀ ਗੁਰੂ ਹਰਿਕ੍ਰਿਸ਼ਨ ਇੰਟਰਨੈਸ਼ਨਲ ਸਕੂਲ, ਡੀ ਬਲਾਕ, ਰਣਜੀਤ ਐਵੀਨਿਊ, ਅੰਮ੍ਰਿਤਸਰ ਦੇ ਵਿਦਿਆਰਥੀ ਬੀਰਪ੍ਰਤਾਪ ਸਿੰਘ ਨੇ ਸੀ.ਬੀ.ਐਸ. ਸੀ. ਵੱਲੋਂ ਐਲਾਨੇ 10ਵੀਂ ਜਮਾਤ ਦੇ ਨਤੀਜੇ ਵਿਚ 80.2 ਫ਼ੀਸਦੀ ਅੰਕ ਪ੍ਰਾਪਤ ਕਰਕੇ ਆਪਣੇ ਸਕੂਲ, ਜ਼ਿਲ੍ਹੇ ਤੇ ਮਾਪਿਆਂ ਦਾ ਨਾਂ ਰੌਸ਼ਨ ਕੀਤਾ ਹੈ। ਇਸ ਮੌਕੇ ਗੱਲਬਾਤ ਕਰਦਿਆਂ ਵੀਰ ਪ੍ਰਤਾਪ ਸਿੰਘ ਦੇ ਪਿਤਾ ਸ. ਕ੍ਰਿਸ਼ਨ ਸਿੰਘ ਦੁਸਾਂਝ (ਪੱਤਰਕਾਰ) ਅਤੇ ਮਾਤਾ ਰਾਜਬੀਰ ਕੌਰ (ਅਧਿਆਪਿਕਾ) ਨੇ ਕਿਹਾ ਕਿ ਉਹ ਸ੍ਰੀ ਹਰਿਕ੍ਰਿਸ਼ਨ ਇੰਟਰਨੈਸ਼ਨਲ ਸਕੂਲ ਡੀ ਬਲਾਕ ਦੇ ਸਮੂਹ ਅਧਿਆਪਕ ਸਾਹਿਬਾਨ ਅਤੇ ਪ੍ਰਿੰਸੀਪਲ ਸਾਹਿਬਾਨ ਮੈਡਮ ਦਪਿੰਦਰ ਕੌਰ ਦੇ ਤਹਿ ਦਿਲੋਂ ਧੰਨਵਾਦੀ ਹਨ ਜਿਨਾਂ ਨੇ ਸਮੇਂ ਸਮੇਂ ਤੇ ਯੋਗ ਦਿਸ਼ਾ ਨਿਰਦੇਸ਼ ਦੇ ਕੇ ਹੌਸਲਾ ਅਫਜਾਈ ਕੀਤੀ ਹੈ। ਬੀਰਪ੍ਰਤਾਪ ਸਿੰਘ ਨੇ ਦੱਸਿਆ ਕਿ ਉਹ 12ਵੀਂ ਜਮਾਤ ਨਾਨ-ਮੈਡੀਕਲ ਦੇ ਵਿਸ਼ਿਆਂ ਵਿਚ ਕਰਨਾ ਚਾਹੁੰਦਾ ਹੈ ਅਤੇ 12ਵੀਂ ਵਿਚ ਹੋਰ ਵੀ ਜ਼ਿਆਦਾ ਲਗਨ ਤੇ ਮਿਹਨਤ ਨਾਲ ਪੜ੍ਹਾਈ ਕਰੇਗਾ। ਉਸ ਨੇ ਦੱਸਿਆ ਕਿ ਉਸ ਦਾ ਸੁਫ਼ਨਾ ਐਨ.ਡੀ.ਏ. ਦੀ ਪ੍ਰੀਖਿਆ ਪਾਸ ਕਰਕੇ ਏਅਰ ਫੋਰਸ ਵਿਚ ਪਾਇਲਟ ਜਾਂ ਨੇਵੀ ਵਿੱਚ ਅਫਸਰ ਬਣਨਾ ਚਾਹੁੰਦਾ ਹੈ ਤਾਂ ਜੋ ਦੇਸ਼ ਦੀ ਸੇਵਾ ਕਰਕੇ ਆਪਣੇ ਸੂਬੇ, ਜਿਲੇ ਤੇ ਮਾਪਿਆਂ ਦਾ ਨਾਂ ਰੌਸ਼ਨ ਕਰ ਸਕੇ। ਅੰਤ ਵਿੱਚ ਉਸ ਨੇ ਦੱਸਿਆ ਕਿ ਉਹ ਆਪਣੇ ਦਾਦਾ ਸਵ. ਸ. ਗੁਰਚਰਨ ਸਿੰਘ ਜੋ ਕਿ ਟੈਰੀਟੋਰੀਅਲ ਆਰਮੀ ਅਤੇ ਰੇਲਵੇ ਵਿੱਚੋਂ ਜਈ-9 ਸੇਵਾ ਮੁਕਤ ਹੋਏ ਸਨ ਨੂੰ ਆਪਣਾ ਪ੍ਰੇਰਨਾ ਸਰੋਤ ਮੰਨਦਾ ਹੈ।




**ਐਨ.ਡੀ.ਏ. ਦੀ ਪ੍ਰੀਖਿਆ ਪਾਸ ਕਰਕੇ ਏਅਰ ਫੋਰਸ ਵਿਚ ਪਾਇਲਟ ਜਾਂ ਨੇਵੀ ਵਿੱਚ ਅਫਸਰ ਬਣਨਾ ਚਾਹੁੰਦਾ ਹੈ-ਬੀਰਪ੍ਰਤਾਪ**

# ਗੁਰੂ ਨਾਨਕ ਦੀ ਸਮਾਨਤਾ ਦੀ ਸੋਚ ਦੇ ਵਿਰੁੱਧ ਖੜ੍ਹਾ ਅਕਾਲੀ ਦਲ — ਸਿਆਸੀ ਸਵਾਰਥਾਂ ਨੇ ਦਿਖਾਇਆ ਅਸਲੀ ਰੰਗ

## ☛ ਕਾਂਗਰਸ ਨੇ ਸਿਆਸੀ ਸਵਾਰਥਾਂ ਲਈ ਦਹਾਕਿਆਂ ਤੋਂ ਧੀਆਂ ਨੂੰ ਹੱਕਾਂ ਤੋਂ ਵਾਂਝਾ ਰੱਖਿਆ ☛ 'ਨੰਨ੍ਹੀ ਛਾਂ' ਦੇ ਨਾਅਰੇ ਹੇਠ ਸੰਸਦ ਪਹੁੰਚੀ ਬੀਬੀ ਬਾਦਲ ਦੀ ਹਰਕਤ ਨੇ ਅਕਾਲੀ ਦਲ ਦਾ ਦੋਹਰਾ ਚਿਹਰਾ ਬੇਨਕਾਬ ਕੀਤਾ: ਪ੍ਰੋ. ਸਰਚਾਂਦ ਸਿੰਘ ਖਿਆਲਾ

**ਅੰਮ੍ਰਿਤਸਰ, 18 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਲੋਕ ਸਭਾ ਅਤੇ ਰਾਜ ਵਿਧਾਨ ਸਭਾਵਾਂ ਵਿੱਚ ਮਹਿਲਾਵਾਂ ਲਈ 33 ਫ਼ੀਸਦੀ ਰਿਜ਼ਰਵੇਸ਼ਨ ਦੇ ਸੰਵਿਧਾਨਿਕ ਸੋਧ ਬਿੱਲ ਦਾ ਵਿਰੋਧ ਕਰਕੇ ਵਿਰੋਧੀ ਧਿਰਾਂ ਨੇ ਆਪਣਾ ਅਸਲੀ ਔਰਤ-ਵਿਰੋਧੀ ਚਿਹਰਾ ਦੇਸ਼ ਦੇ ਸਾਹਮਣੇ ਨੰਗਾ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਇੱਕ ਬਿੱਲ ਦਾ ਵਿਰੋਧ ਨਹੀਂ, ਸਗੋਂ ਦੇਸ਼ ਦੀ ਅੱਧੀ ਆਬਾਦੀ ਦੇ ਹੱਕਾਂ ਨੂੰ ਰੌਂਦਣ ਦੀ ਸੋਚ ਦਾ ਪ੍ਰਗਟਾਵਾ ਹੈ। ਉਨ੍ਹਾਂ ਕਿਹਾ ਕਿ ਅੱਜ ਜਦੋਂ ਭਾਜਪਾ ਨੇ ਇਸ ਇਤਿਹਾਸਕ ਬਿੱਲ ਨੂੰ ਅੱਗੇ ਵਧਾਉਣ ਦੀ ਪੂਰੀ ਕੋਸ਼ਿਸ਼ ਕੀਤੀ, ਤਾਂ ਵਿਰੋਧੀਆਂ ਨੇ ਆਪਣੀ ਸਿਆਸੀ ਬੇਚੈਨੀ ਵਿੱਚ ਇਸ ਦਾ ਵਿਰੋਧ ਕਰਕੇ ਇਹ ਸਾਬਤ ਕਰ ਦਿੱਤਾ ਹੈ ਕਿ ਉਹ ਨਾ ਤਾਂ ਮਹਿਲਾਵਾਂ ਦੇ ਹੱਕ ਵਿੱਚ ਹਨ ਅਤੇ ਨਾ ਹੀ ਦੇਸ਼ ਦੇ ਭਵਿੱਖ ਲਈ ਗੰਭੀਰ ਹਨ। ਉਨ੍ਹਾਂ ਕਿਹਾ ਕਿ ਮਹਿਲਾਵਾਂ ਦੀ ਅਗਵਾਈ ਸੰਵੇਦਨਸ਼ੀਲਤਾ, ਨੈਤਿਕਤਾ ਅਤੇ ਦੂਰਦਰਸ਼ਤਾ ਨਾਲ ਭਰਪੂਰ ਹੁੰਦੀ ਹੈ, ਜੋ ਦੇਸ਼ ਨੂੰ ਨਵੀਆਂ ਉਚਾਈਆਂ ਵੱਲ ਲਿਜਾਣ ਦੀ ਸਮਰੱਥਾ ਰੱਖਦੀ ਹੈ। ਪਰ ਵਿਰੋਧੀਆਂ ਨੂੰ ਮਹਿਲਾ ਸਸ਼ਕਤੀਕਰਨ ਨਹੀਂ, ਸਿਰਫ਼ ਆਪਣੀ ਰਾਜਨੀਤਿਕ ਜ਼ਮੀਨ ਖਿਸਕਣ ਦਾ ਡਰ ਹੈ। ਪ੍ਰੋ. ਖਿਆਲਾ ਨੇ ਕਿਹਾ ਕਿ ਸਭ ਤੋਂ ਵੱਡੀ ਤ੍ਰਾਸਦੀ ਤਾਂ ਇਹ ਹੈ ਕਿ ਅਕਾਲੀ ਦਲ, ਜਿਸਦਾ ਇਤਿਹਾਸ ਮਹਿਲਾਵਾਂ ਦੇ ਹੱਕਾਂ ਦੀ ਲੜਾਈ ਨਾਲ ਜੁੜਿਆ ਰਿਹਾ ਅਤੇ ਸਿੱਖ ਗੁਰਦੁਆਰਾ ਐਕਟ 1925 ਰਾਹੀਂ ਸਿੱਖ ਮਹਿਲਾਵਾਂ ਨੂੰ ਵੋਟ ਦਾ ਅਧਿਕਾਰ ਦਿਵਾਉਣ ਦੀ ਸਫਲ ਪਹਿਲ ਕਦਮੀ ਰਾਹੀ ਭਾਰਤ ਵਿੱਚ ਹੀ ਨਹੀਂ ਸਗੋਂ ਪੂਰੀ ਦੁਨੀਆ ਵਿੱਚ ਔਰਤਾਂ ਨੂੰ ਵੋਟ ਦਾ ਅਧਿਕਾਰ ਅਤੇ ਸਿਆਸੀ ਹੱਕ ਦਿਵਾਉਣ ਦੀ ਅਗਵਾਈ ਕਰਨ ਵਾਲਾ ਅਕਾਲੀ ਦਲ ਅੱਜ ਆਪਣੇ ਸਿਆਸੀ ਸਵਾਰਥਾਂ ਲਈ ਅਤੇ "ਜਿਨ੍ਹਾਂ ਸਿੰਘਾਂ ਸਿੰਘਣੀਆਂ ਨੇ ਧਰਮ ਹੇਤ ਸੀਸ ਦਿੱਤੇ" ਦੇ ਬਰਾਬਰੀ ਦੇ ਸਿਧਾਂਤ ਵਰਗੇ ਸਿੱਖ ਫ਼ਲਸਫ਼ੇ ਤੋਂ ਮੂੰਹ ਮੋੜ ਲਿਆ ਹੈ। ਅਕਾਲੀ ਦਲ "ਸੋ ਕਿਉ ਮੰਦਾ ਆਖੀਐ ਜਿਤੁ ਜੰਮਹਿ ਰਾਜਾਨ" ਦੇ ਗੁਰੂ ਨਾਨਕ ਦੇ ਔਰਤਾਂ ਪ੍ਰਤੀ ਚੁੱਕੀ ਗਈ ਆਵਾਜ਼ ਦੇ ਵਿਪਰੀਤ ਆਪਣੇ ਰਾਜਨੀਤਿਕ ਸਵਾਰਥੀ ਏਜੰਡੇ ਨੂੰ ਅੱਗੇ ਵਧਾਉਣ ਵਿੱਚ ਲੱਗਿਆ ਹੋਇਆ ਹੈ। ਉਨ੍ਹਾਂ ਤਿੱਖਾ ਪ੍ਰਹਾਰ ਕਰਦੇ ਹੋਏ ਕਿਹਾ ਕਿ ਸਭ ਤੋਂ ਵੱਡੀ ਵਿਡੰਬਣਾ ਇਹ ਹੈ ਕਿ 'ਧੀਆਂ ਦਾ ਸਨਮਾਨ ਕਰੋ ਪੁੱਤਰਾ ਵਾਂਗ ਪਿਆਰ ਕਰੋ' ਦੇ ਨਾਅਰੇ ਹੇਠ 'ਨੰਨ੍ਹੀ ਛਾਂ' ਦੇ ਨਾਮ ਨਾਲ ਆਪਣੀ ਰਾਜਨੀਤੀ ਚਮਕਾਉਣ ਲਈ ਅੱਗੇ ਆਈ ਅਕਾਲੀ ਸਾਂਸਦ ਹਰਸਿਮਰਤ ਕੌਰ ਬਾਦਲ ਸੰਸਦ ਵਿੱਚ ਧੀਆਂ ਦੇ ਹੱਕਾਂ ਦੇ ਵਿਰੁੱਧ ਖੜੇ ਨਜ਼ਰ ਆਏ ਅਤੇ ਮਹਿਲਾ ਰਿਜ਼ਰਵੇਸ਼ਨ ਬਿਲ ਦਾ ਵਿਰੋਧ ਕਰਦਿਆਂ ਨੰਨ੍ਹੀਆਂ ਛਾਵਾਂ ਦੇ ਹੱਕਾਂ 'ਚ ਡਾਕਾ ਮਾਰਿਆ ਗਿਆ। ਧੀਆਂ ਦੇ ਸਨਮਾਨ ਦੀ ਗੱਲ ਕਰਨ ਵਾਲਿਆਂ ਦੇ ਇਸ ਦੋਹਰੇ ਕਿਰਦਾਰ ਨੂੰ ਪੰਜਾਬ ਦੀਆਂ ਧੀਆਂ ਅਤੇ ਦੇਸ਼ ਦੀਆਂ ਮਹਿਲਾਵਾਂ ਕਦੇ ਮਾਫ਼ ਨਹੀਂ ਕਰਨਗੀਆਂ। ਉਨ੍ਹਾਂ ਕਿਹਾ ਕਿ ਅਕਾਲੀ ਦਲ ਅਤੇ ਹੋਰ ਵਿਰੋਧੀਆਂ ਵੱਲੋਂ ਸੰਘੀ ਢਾਂਚੇ ਨੂੰ ਨੁਕਸਾਨ ਦੇ ਦਾਅਵੇ ਸਿਰਫ਼ ਡਰ ਅਤੇ ਗੁਮਰਾਹਕੁਨ ਪ੍ਰਾਪੇਗੰਡਾ ਫੈਲਾਉਣ ਦੀ ਸਾਜ਼ਿਸ਼ ਹਨ। ਹੱਦਬੰਦੀ ਕਮਿਸ਼ਨ ਇੱਕ ਸੁਤੰਤਰ ਸੰਸਥਾ ਹੈ, ਜਿਸ ਵਿੱਚ ਕਿਸੇ ਵੀ ਸਰਕਾਰ ਦੀ ਦਖ਼ਲਅੰਦਾਜ਼ੀ ਸੰਭਵ ਨਹੀਂ। 2011 ਦੀ ਮਰਦਮਸ਼ੁਮਾਰੀ ਦੇ ਆਧਾਰ 'ਤੇ ਸੀਟਾਂ ਵਧਣ ਨਾਲ ਦੇਸ਼ ਦੀ ਲੋਕਤੰਤਰਿਕ ਵਿਵਸਥਾ 'ਚ ਔਰਤਾਂ ਦੀ ਨੁਮਾਇੰਦਗੀ ਹੋਰ ਮਜ਼ਬੂਤ ਹੋਣੀ ਸੀ, ਨਾ ਕਿ ਕਮਜ਼ੋਰ। ਉਹਨਾਂ ਕਿਹਾ ਕਿ ਵਿਰੋਧੀਆਂ ਦੀ ਮਾਨਸਿਕਤਾ ਨਾ ਹੀ ਔਰਤਾਂ ਦੇ ਹੱਕ ਵਿੱਚ ਹੈ ਤੇ ਨਾ ਹੀ ਦੇਸ਼ ਤੇ ਹਿਤ ਵਿੱਚ ਹੈ। ਜਿਸ ਕਾਰਨ ਔਰਤਾਂ ਨੂੰ 33% ਰਿਜ਼ਰਵੇਸ਼ਨ ਤੋਂ ਹੁਣ ਤਕ ਵਾਂਝਾ ਕੀਤੀ ਰੱਖਿਆ। ਪ੍ਰੋ. ਖਿਆਲਾ ਨੇ ਕਾਂਗਰਸ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਛੇ ਦਹਾਕਿਆਂ ਤੱਕ ਸੱਤਾ ਵਿੱਚ ਰਹਿਣ ਵਾਲੀ ਕਾਂਗਰਸ ਨੇ ਮਹਿਲਾਵਾਂ ਨੂੰ ਸਿਰਫ਼ ਵੋਟ ਬੈਂਕ ਵਜੋਂ ਵਰਤਿਆ। 2010 ਵਿੱਚ ਰਾਜ ਸਭਾ ਵਿੱਚ ਬਿੱਲ ਪਾਸ ਹੋਣ ਦੇ ਬਾਵਜੂਦ ਇਸ ਨੂੰ ਲੋਕ ਸਭਾ ਵਿੱਚ ਲਿਆਉਣ ਦੀ ਹਿੰਮਤ ਨਹੀਂ ਦਿਖਾਈ ਗਈ। ਇਹ ਸਪਸ਼ਟ ਕਰਦਾ ਹੈ ਕਿ ਕਾਂਗਰਸ ਲਈ ਮਹਿਲਾਵਾਂ ਦੇ ਹੱਕ ਨਹੀਂ, ਸੱਤਾ ਦੀ ਕੁਰਸੀ ਜ਼ਿਆਦਾ ਮਹੱਤਵਪੂਰਨ ਸੀ। ਉਹਨਾਂ ਕਿਹਾ ਕਿ ਕਾਂਗਰਸ ਨੂੰ ਇਹ ਜਵਾਬ ਜ਼ਰੂਰ ਦੇਣਾ ਚਾਹੀਦਾ ਹੈ ਕਿ ਜਿਸ ਦੇਸ਼ ਨੇ ਉਹਨਾਂ ਨੂੰ ਦਹਾਕਿਆਂ ਤੱਕ ਪੂਰਨ ਬਹੁਮਤ ਅਤੇ ਨਿਰੰਕੁਸ਼ ਸੱਤਾ ਸੌਂਪੀ, ਸੰਸਦ ਵਿੱਚ ਉਸ ਦੇਸ਼ ਦੀਆਂ ਮਹਿਲਾਵਾਂ ਦੀ ਭਾਗੀਦਾਰੀ ਵਧਾਉਣ ਲਈ ਕੋਈ ਕਦਮ ਕਿਉਂ ਨਹੀਂ ਚੁੱਕਿਆ ਗਿਆ? ਉਨ੍ਹਾਂ ਸਵਾਲ ਰੱਖਿਆ ਕਿ ਬਹੁਮਤ ਵੀ ਤੁਹਾਡੀ ਸੀ ਅਤੇ ਹਕੂਮਤ ਵੀ ਤੁਹਾਡੀ ਸੀ ਫਿਰ ਕਿਉਂ 70 ਸਾਲਾਂ ਤੱਕ ਨਾਰੀ ਸ਼ਕਤੀ ਹਾਰਦੀ ਰਹੀ ਅਤੇ ਤੁਸੀਂ ਤੁਸ਼ਟੀਕਰਨ 'ਚ ਆਪਣਾ ਭਵਿੱਖ ਬੁਣਦੇ ਰਹੇ ਪਰ ਦੇਸ਼ ਦੀਆਂ ਬੇਟੀਆਂ ਹੱਕ ਮੰਗਦੀਆਂ ਰਹੀਆਂ, ਤੁਸੀਂ ਹਮੇਸ਼ਾ ਉਹਨਾਂ ਦੀ ਅਣਸੁਣੀ ਕਰਦੇ ਰਹੇ। ਕਾਂਗਰਸ ਲਈ ਮਹਿਲਾ ਸਸ਼ਕਤੀਕਰਨ ਦਾ ਮਤਲਬ ਕੇਵਲ ਖ਼ਾਨਦਾਨੀ ਵਿਰਾਸਤ ਨੂੰ ਅੱਗੇ ਵਧਾਉਣ ਤਕ ਹੀ ਸੀਮਤ ਰਿਹਾ। ਮਹਿਲਾ ਸ਼ਸਤਰੀਕਰਨ ਦੀ ਗੱਲ ਕਰਨ ਵਾਲੀ ਕਾਂਗਰਸ ਦਾ ਇਤਿਹਾਸ ਇਹ ਰਿਹਾ ਕਿ ਉਹਨਾਂ ਨੇ ਅੱਧੀ ਆਬਾਦੀ ਦੇ ਅਧਿਕਾਰਾਂ ਦੀ ਥਾਂ ਹਮੇਸ਼ਾ ਆਪਣੇ ਰਾਜਨੀਤਿਕ ਸਵਾਰਥ ਨੂੰ ਤਰਜੀਹ ਦਿੱਤੀ। ਉਹਨਾਂ ਕਿਹਾ ਕਿ ਕਾਂਗਰਸ ਦੇ ਜਨਰਲ ਸੈਕਟਰੀ ਪ੍ਰਿਅੰਕਾ ਗਾਂਧੀ ਵੱਲੋਂ ਇਹ ਸਪਸ਼ਟ ਕਿਹਾ ਗਿਆ ਹੈ ਕਿ ਬਿਲ ਦੇ ਵਿਰੋਧ ਦਾ ਮਕਸਦ ਕੇਵਲ ਤੇ ਕੇਵਲ ਭਾਜਪਾ ਨੂੰ ਭਵਿੱਖ ਵਿੱਚ ਸੱਤਾ ਚ ਆਉਣ ਤੋਂ ਰੋਕਣਾ ਸੀ। ਵਿਰੋਧੀਆਂ ਵੱਲੋਂ ਪ੍ਰਗਟਾਏ ਗਏ ਮਹਿਲਾ ਵਿਰੋਧੀ ਸੋਚ ਲਈ ਕੱਲ੍ਹ ਦਾ ਦਿਨ ਕਾਲਾ ਦਿਵਸ ਵਜੋਂ ਇਤਿਹਾਸ 'ਚ ਹਮੇਸ਼ਾ ਯਾਦ ਕੀਤਾ ਜਾਂਦਾ ਰਹੇਗਾ। ਉਨ੍ਹਾਂ ਕਿਹਾ ਕਿ ਭਾਜਪਾ ਨੇ ਸਦਾ ਹੀ ਮਹਿਲਾ ਸਸ਼ਕਤੀਕਰਨ ਨੂੰ ਨੀਤੀ ਨਹੀਂ, ਪ੍ਰਾਥਮਿਕਤਾ ਬਣਾਇਆ ਹੈ। ਦੇਸ਼ ਦੀ ਪਹਿਲੀ ਆਦਿਵਾਸੀ ਮਹਿਲਾ ਰਾਸ਼ਟਰਪਤੀ ਸ਼੍ਰੀਮਤੀ ਦਰੋਪਦੀ ਮੁਰਮੂ ਅਤੇ ਵਿੱਤ ਮੰਤਰੀ ਸ਼੍ਰੀਮਤੀ ਨਿਰਮਲਾ ਸੀਤਾਰਮਨ ਇਸ ਦੀ ਜੀਵੰਤ ਮਿਸਾਲ ਹਨ। ਪਾਰਟੀ ਸੰਗਠਨ ਵਿੱਚ ਵੀ ਮਹਿਲਾਵਾਂ ਨੂੰ 33 ਫ਼ੀਸਦੀ ਪ੍ਰਤੀਨਿਧਤਾ ਲਾਗੂ ਹੈ। ਅੰਤ ਵਿੱਚ ਉਨ੍ਹਾਂ ਕਿਹਾ ਕਿ "ਨਾਰੀ ਸ਼ਕਤੀ ਦਾ ਸਨਮਾਨ ਹੀ ਰਾਸ਼ਟਰ ਨਿਰਮਾਣ ਦੀ ਮਜ਼ਬੂਤ ਨੀਂਹ ਹੈ", ਅਤੇ ਜੋ ਪਾਰਟੀਆਂ ਅੱਜ ਇਸ ਦੇ ਵਿਰੁੱਧ ਖੜੀਆਂ ਹਨ, ਇਤਿਹਾਸ ਉਨ੍ਹਾਂ ਨੂੰ ਮਹਿਲਾ ਵਿਰੋਧੀ ਸੋਚ ਦੇ ਪ੍ਰਤੀਕ ਵਜੋਂ ਯਾਦ ਰੱਖੇਗਾ।



# ਸਾਬਕਾ ਸੁਪਰਡੈਂਟ ਰਮੇਸ਼ ਕੁਮਾਰ ਨਰੂਲਾ ਨਮਿਤ ਅੰਤਿਮ ਅਰਦਾਸ ਅੱਜ

ਫ਼ਿਰੋਜ਼ਪੁਰ, 18 ਅਪ੍ਰੈਲ (ਮਨੋਹਰ ਲਾਲ) :— ਮੁਲਾਜ਼ਮ ਸਾਥੀ ਦੇ ਸਹੁਰਾ ਸ੍ਰੀ ਰਮੇਸ਼ ਕੁਮਾਰ ਨਰੂਲਾ ਸਾਬਕਾ ਸੁਪਰਡੈਂਟ ਐਮ.ਈ.ਐਸ ਫ਼ਿਰੋਜ਼ਪੁਰ ਦੇ ਅਕਾਲ ਚਲਾਣਾ ਕਰ ਜਾਣ ਤੇ ਸਮੂਹ ਜਥੇਬੰਦੀਆਂ ਨੇ ਪਰਿਵਾਰ ਨਾਲ ਕੀਤਾ ਦੁੱਖ ਦਾ ਇਜਹਾਰ। ਇਸ ਸਬੰਧੀ ਗੱਲਬਾਤ ਕਰਦਿਆਂ ਮੁਹਿੰਦਰ ਸਿੰਘ ਧਾਲੀਵਾਲ ਸਰਪ੍ਰਸਤ ਆਲ ਇੰਪਲਾਈਜ਼ ਕੋਆਰਡੀਨੇਸ਼ਨ ਕਮੇਟੀ ਫਿਰੋਜਪੁਰ ਨੇ ਦੱਸਿਆ ਕਿ ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ ਜਿਲ੍ਹਾ ਫਿਰੋਜਪੁਰ ਦੇ ਸੀਨੀਅਰ ਆਗੂ, ਇਸਤਰੀ ਮੁਲਾਜ਼ਮ ਤਾਲਮੇਲ ਕਮੇਟੀ ਫਿਰੋਜਪੁਰ ਦੇ ਜਨਰਲ ਸਕੱਤਰ ਅਤੇ ਗੌਰਮੈਂਟ ਟੀਚਰ ਯੂਨੀਅਨ ਦੇ ਜ਼ਿਲ੍ਹਾ ਆਗੂ ਸ਼੍ਰੀਮਤੀ ਸ਼ਹਨਜ਼ ਦੇ ਸਤਿਕਾਰ ਯੋਗ ਸਹੁਰਾ ਸਾਹਿਬ ਸ਼੍ਰੀ ਰਮੇਸ਼ ਕੁਮਾਰ ਨਰੂਲਾ ਸਾਬਕਾ ਸੁਪਰਡੈਂਟ ਐਮ.ਈ.ਐਸ ਫਿਰੋਜਪੁਰ ਦੀ ਸੰਖੇਪ ਬਿਮਾਰੀ ਦੌਰਾਨ ਮੌਤ ਹੋ ਗਈ। ਉਨ੍ਹਾਂ ਅੰਤਿਮ ਅਰਦਾਸ ਦਾ ਭੋਗ 19 ਅਪ੍ਰੈਲ 2026 ਦਿਨ ਐਤਵਾਰ ਦੁਪਹਿਰੇ 1ਤੋਂ 2 ਵਜੇ ਪਰਮਾਰਥ ਭਵਨ ਜੀਰਾ ਗੇਟ ਫਿਰੋਜਪੁਰ ਸ਼ਹਿਰ ਵਿਖੇ ਪਵੇਗਾ। ਸ਼੍ਰੀ ਰਮੇਸ਼ ਕੁਮਾਰ ਨਰੂਲਾ ਦੀ ਮੌਤ ਤੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਜਿਲ੍ਹਾ ਫਿਰੋਜਪੁਰ ਦੇ ਪ੍ਰਧਾਨ ਸ਼੍ਰੀ ਗੁਰਦੇਵ ਸਿੰਘ ਸਿੱਧੂ, ਜਗਦੀਪ ਸਿੰਘ ਮਾਂਗਟ ਜਨਰਲ ਸਕੱਤਰ, ਰਾਜੀਵ ਹਾਂਡਾ ਸੀਨੀਅਰ ਮੀਤ ਪ੍ਰਧਾਨ, ਬਲਵਿੰਦਰ ਸਿੰਘ ਭੁੱਟੋ ਸੂਬਾਈ ਆਗੂ, ਰਾਜਿੰਦਰ ਸਿੰਘ ਰਾਜਾ, ਆਲ ਇੰਪਲਾਈਜ਼ ਕੋਆਰਡੀਨੇਸ਼ਨ ਕਮੇਟੀ ਦੇ ਪ੍ਰਧਾਨ ਸੁਭਾਸ਼ ਸ਼ਰਮਾ, ਸੁਰਿੰਦਰ ਸਿੰਘ, ਪਰਦੀਪ ਧਵਨ, ਮੁਹਿੰਦਰ ਸਿੰਘ ਧਾਲੀਵਾਲ, ਕਿਸ਼ਨ ਚੰਦ ਜਾਗੋਵਾਲੀਆ, ਪਰਤਾਪ ਸਿੰਘ ਢਿੱਲੋਂ, ਬਲਬੀਰ ਸਿੰਘ ਕੰਬੋਜ, ਤਰਸੇਮ ਸਿੰਘ ਬੇਦੀ, ਪੰਜਾਬ ਮੁਲਾਜਮ ਅਤੇ ਪੈਨਸ਼ਨਰਜ ਸਾਂਝਾ ਮੋਰਚਾ ਦੇ ਕਨਵੀਨਰ ਸ਼ਬੇਗ ਸਿੰਘ, ਕੋ ਕਨਵੀਨਰ ਜਸਪਾਲ ਸਿੰਘ, ਅਜੀਤ ਸਿੰਘ ਸੋਢੀ, ਗੁਰਪ੍ਰਤਾਪ ਸਿੰਘ, ਪਰਦੀਪ ਸਿੰਘ ਰਾਣਾ, ਖਜ਼ਾਨ ਸਿੰਘ, ਕਸ਼ਮੀਰ ਸਿੰਘ, ਨਰੇਸ਼ ਸੈਣੀ, ਪ੍ਰੀਤਮ ਸਿੰਘ ਧੁਰੀਆ, ਸ਼੍ਰੀਮਤੀ ਸਵਿੰਦਰਪਾਲ ਕੌਰ ਆਦਿ ਨੇ ਅਫਸੋਸ ਜ਼ਾਹਰ ਕੀਤਾ ਅਤੇ ਪਰਿਵਾਰ ਨਾਲ ਹਮਦਰਦੀ ਜ਼ਾਹਰ ਕੀਤੀ। ਸਾਥੀਆਂ ਨੇ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਵਿੱਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਦੇਵੇ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ।

### ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਦੀ ਸ਼ਹੀਦੀ ਨੂੰ 1030 ਦਿਨ ਪੂਰੇ ਹੋਣ 'ਤੇ

# ਵੈਨਕੂਵਰ ਵਿਖੇ ਭਾਰੀ ਰੋਸ-ਪ੍ਰਦਰਸ਼ਨ



**ਨਵੀਂ ਦਿੱਲੀ 18 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):-** ਕੌਮ ਦੀ ਆਜ਼ਾਦੀ ਲਈ ਚਲ ਰਹੇ ਮੌਜੂਦਾ ਸੰਘਰਸ਼ ਵਿਚ ਸ਼ਹੀਦ ਹੋਏ ਭਾਈ ਹਰਦੀਪ ਸਿੰਘ ਨਿੱਝਰ ਦੇ ਸ਼ਹੀਦੀ ਦਿਹਾੜੇ ਨੂੰ 1030 ਦਿਨ ਪੂਰੇ ਹੋਣ ਤੇ ਵੈਨਕੂਵਰ ਵਿਖੇ ਵਿਸ਼ਾਲ ਖਾਲਿਸਤਾਨ ਫਰੀਡਮ ਕਾਰ ਰੈਲੀ ਅਤੇ ਭਾਰਤੀ ਐਂਬੈਸੀ ਵੈਨਕੂਵਰ ਮੂਹਰੇ ਰੋਸ ਪ੍ਰਦਰਸ਼ਨ ਕਰਦਿਆਂ ਖਾਲਿਸਤਾਨ ਜ਼ਿੰਦਾਬਾਦ ਦੇ ਨਾਅਰੇ ਲਗਾਏ ਗਏ ਅਤੇ ਕੌਂਸਲੇਟ ਨੂੰ ਬੰਦ ਕਰਨ ਦੀ ਮੰਗ ਦੋਹਰਾਈ ਗਈ।ਰੋਸ ਪ੍ਰਦਰਸ਼ਨ ਦੌਰਾਨ ਸੈਂਕੜੇ ਲੋਕਾਂ ਨੇ ਹਾਜ਼ਰੀ ਭਰੀ ਅਤੇ ਜਾਗਦੀ ਜ਼ਮੀਰ ਦਾ ਸਬੂਤ ਦਿੱਤਾ, ਭਾਰਤੀ ਝੰਡੇ ਦੀ ਬੇਹੁਰਮਤੀ ਕਰਣ ਦੇ ਨਾਲ ਖਾਲਸਾਈ ਨਾਹਰਿਆ ਨਾਲ ਗੂੰਜਾ ਪਾਈਆਂ ਗਈਆਂ ਸਨ। ਟੀਮ ਨਿੱਝਰ ਦੇ ਸਰਗਰਮ ਮੈਂਬਰ ਅਤੇ ਗੁਰੂ ਨਾਨਕ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਭਾਈ ਨਰਿੰਦਰ ਸਿੰਘ ਰੰਧਾਵਾ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਦਸਿਆ ਕਿ ਪਿਛਲੇ ਦਿਨਾਂ ਉਹਨਾਂ ਨੂੰ ਕੈਨੇਡਾ ਦੀ ਪੁਲਿਸ ਵੱਲੋਂ ਜਾਣਕਾਰੀ ਦਿੱਤੀ ਗਈ ਕਿ ਤੁਹਾਨੂੰ ਜਾਨੋ ਮਾਰਨ ਦੀ ਸਾਜਿਸ਼ ਕੀਤੀ ਜਾ ਰਹੀ ਹੈ ਇਸ ਲਈ ਪੁਖਤਾ ਸੁਰੱਖਿਆ ਦੇ ਪ੍ਰਬੰਧ ਕਰਣ ਲਈ ਪੁਲਿਸ ਹਦਾਇਤਾਂ ਦੇ ਰਹੀ ਹੈ। ਯਾਦ ਰਹੇ ਭਾਈ ਹਰਦੀਪ ਸਿੰਘ ਨਿੱਝਰ ਨੂੰ ਵੀ ਜੂਨ 2023 ਵਿੱਚ ਕੈਨੇਡਾ ਦੀ ਪੁਲਿਸ ਵੱਲੋਂ ਇਸ ਤਰ੍ਹਾਂ ਦੀਆਂ ਹਦਾਇਤਾਂ ਦਿੱਤੀਆਂ ਗਈਆਂ ਸਨ ਜਿਨਾਂ ਤੋਂ ਬਾਅਦ ਭਾਈ ਨਿੱਝਰ ਨੂੰ ਸ਼ਹੀਦ ਕਰ ਦਿੱਤਾ ਗਿਆ ਸੀ। ਟੀਮ ਸ਼ਹੀਦ ਨਿੱਝਰ ਵਲੋਂ 16 ਅਗਸਤ ਨੂੰ ਅਮਰੀਕਾ ਦੇ ਇੰਡੀਆਨਾਪੋਲ ਵਿਚ ਹੋਣ ਵਾਲੇ ਰੈਫਰੰਡਮ ਵਿਚ ਵੀ ਯੋਗਦਾਨ ਪਾਉਣ, ਸਾਥ ਦੇਣ ਅਤੇ ਆਪਣੀ ਆਪਣੀ ਜ਼ਿੰਮੇਵਾਰੀ ਸਮਝ ਕੇ ਓਥੇ ਪਹੁੰਚ ਕੇ ਆਪਣਾ ਯੋਗਦਾਨ ਪਾਉਣ ਲਈ ਬੇਨਤੀ ਕੀਤੀ ਗਈ। ਕੀਤੇ ਗਏ ਰੋਸ ਪ੍ਰਦਰਸ਼ਨ ਵਿਚ ਭਾਈ ਗੁਰਮੀਤ ਸਿੰਘ ਤੂਰ, ਭਾਈ ਨਰਿੰਦਰ ਸਿੰਘ ਰੰਧਾਵਾ, ਭਾਈ ਅਵਤਾਰ ਸਿੰਘ ਖਹਿਰਾ, ਭਾਈ ਮਨਜਿੰਦਰ ਸਿੰਘ ਖਾਲਸਾ, ਭਾਈ ਦਲਜੀਤ ਸਿੰਘ, ਭਾਈ ਰਜਿੰਦਰ ਸਿੰਘ, ਭਾਈ ਚਰਨਜੀਤ ਸਿੰਘ ਅਤੇ ਵਿਸ਼ੇਸ਼ ਤੌਰ ਸਿੱਖ ਫਾਰ ਜਸਟਿਸ ਭਾਈ ਅਵਤਾਰ ਸਿੰਘ ਪੰਨੂ, ਭਾਈ ਗੁਰਦਿਆਲ ਸਿੰਘ, ਭਾਈ ਮਹਿੰਦਰ ਸਿੰਘ, ਭਾਈ ਬਿਕਰਮਜੀਤ ਸਿੰਘ ਅਤੇ ਰਣਜੀਤ ਸਿੰਘ ਸਹੋਤਾ ਮੌਜੂਦ ਸਨ ।

**ਕੈਨੇਡੀਅਨ ਪੁਲਿਸ ਵੱਲੋਂ ਨਰਿੰਦਰ ਸਿੰਘ ਰੰਧਾਵਾ ਨੂੰ ਡਿਊਟੀ ਟੂ ਵਾਰਨ ਦਿੱਤੇ ਹੌਣ ਦੇ ਬਾਵਜੂਦ ਰੋਸ ਮੁਜਾਹਿਰੇ ਵਿਚ ਹੋਏ ਸ਼ਾਮਿਲ**

### ਸਰਹੱਦ ਪਾਰੋਂ ਨਸ਼ਾ ਤਸਕਰੀ ਕਰਨ ਵਾਲੇ ਮਾਡਿਊਲ ਦੇ

# ਦੋ ਵਿਅਕਤੀ 64.6 ਕਿਲੋ ਹੈਰੋਇਨ ਸਮੇਤ ਅੰਮ੍ਰਿਤਸਰ ਤੋਂ ਕਾਬੂ




ਜੰਡਿਆਲਾ ਗੁਰੂ ,ਚੰਡੀਗੜ੍ਹ18 ਅਪ੍ਰੈਲ: ( ਕੁਲਵੰਤ ਸਿੰਘ ਵਿਰਦੀ ) ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਦੇ ਮੱਦੇਨਜ਼ਰ ਚੱਲ ਰਹੀ ਮੁਹਿੰਮ ਦੌਰਾਨ ਨਾਰਕੋ-ਅੱਤਵਾਦੀ ਨੈੱਟਵਰਕਾਂ ਨੂੰ ਵੱਡਾ ਝਟਕਾ ਦਿੰਦਿਆਂ ਕਾਊਂਟਰ ਇੰਟੈਲੀਜੈਂਸ ਵਿੰਗ ਦੀ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ (ਐਸਐਸਓਸੀ) ਅੰਮ੍ਰਿਤਸਰ ਯੂਨਿਟ ਨੇ ਸਰਹੱਦ ਪਾਰੋਂ ਨਸ਼ਾ ਤਸਕਰੀ ਕਰਨ ਵਾਲੇ ਮਾਡਿਊਲ ਦੇ ਦੋ ਮੁਲਜ਼ਮਾਂ ਨੂੰ 64.62 ਕਿਲੋਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕਰਕੇ ਇਸ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਗੌਰਵ ਯਾਦਵ ਨੇ ਅੱਜ ਇੱਥੇ ਸਾਂਝੀ ਕੀਤੀ।ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਅੰਮ੍ਰਿਤਸਰ ਦੇ ਪਿੰਡ ਅਵਾਨ ਵਾਸਾਊ ਦੇ ਵਸਨੀਕ ਸਰਵਣ ਸਿੰਘ ਉਰਫ਼ ਗੁੱਜਰ ਅਤੇ ਅੰਮ੍ਰਿਤਸਰ ਦੇ ਪਿੰਡ ਦਿਆਲ ਰੰਗੜ ਦੇ ਰਹਿਣ ਵਾਲੇ ਸ਼ਮਸ਼ੇਰ ਸਿੰਘ ਉਰਫ਼ ਸ਼ੇਰਾ ਵਜੋਂ ਹੋਈ ਹੈ। ਪੁਲਿਸ ਟੀਮ ਨੇ ਹੈਰੋਇਨ ਦੀ ਵੱਡੀ ਖੇਪ ਬਰਾਮਦ ਕਰਨ ਤੋਂ ਇਲਾਵਾ ਮੁਲਜ਼ਮਾਂ ਦੀ ਮਾਰੂਤੀ ਸਵਿਫਟ ਕਾਰ ਵੀ ਜ਼ਬਤ ਕੀਤੀ ਹੈ, ਜਿਸਦੀ ਵਰਤੋਂ ਉਹ ਨਸ਼ੀਲੇ ਪਦਾਰਥਾਂ ਦੀ ਤਸਕਰੀ ਲਈ ਕਰਦੇ ਸਨ ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਇਸ ਮਾਡਿਊਲ ਦੇ ਪਾਕਿਸਤਾਨੀ ਤਸਕਰਾਂ ਅਤੇ ਪੁਰਤਗਾਲ ਅਧਾਰਤ ਹੈਂਡਲਰ ਨਾਲ ਵੀ ਸਬੰਧ ਹਨ। ਉਨ੍ਹਾਂ ਕਿਹਾ, "ਸਰਹੱਦ ਪਾਰੋਂ ਤਸਕਰੀ ਕਰਨ ਵਾਲੇ ਇਸ ਗਿਰੋਹ ਦੇ ਪਾਕਿਸਤਾਨੀ ਤਸਕਰ ਮੂਸਾ, ਜਿਸਦਾ ਨਾਮ 532 ਕਿਲੋਗ੍ਰਾਮ ਹੈਰੋਇਨ ਰਿਕਵਰੀ ਮਾਮਲੇ ਵਿੱਚ ਸਾਹਮਣੇ ਆਇਆ ਸੀ, ਨਾਲ ਵੀ ਸਬੰਧ ਹਨ,"।ਜ਼ਿਕਰਯੋਗ ਹੈ ਕਿ ਭਾਰਤੀ ਕਸਟਮ ਅਧਿਕਾਰੀਆਂ ਨੇ 2019 ਵਿੱਚ ਇੰਟੀਗ੍ਰੇਟਿਡ ਚੈੱਕ ਪੋਸਟ (ਆਈਸੀਪੀ)ਅਟਾਰੀ ਵਿਖੇ 532 ਕਿਲੋਗ੍ਰਾਮ ਹੈਰੋਇਨ ਦੀ ਸਭ ਤੋਂ ਵੱਡੀ ਬਰਾਮਦਗੀ ਕੀਤੀ ਸੀ ।ਡੀਜੀਪੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਪੂਰੇ ਨੈੱਟਵਰਕ ਦਾ ਪਤਾ ਲਗਾਉਣ ਲਈ ਅਗਲੇ- ਪਿਛਲੇ ਸਬੰਧ ਸਥਾਪਤ ਕਰਨ ਲਈ ਹੋਰ ਜਾਂਚ ਕੀਤੀ ਜਾ ਰਹੀ ਹੈ ।ਆਪ੍ਰੇਸ਼ਨ ਸਬੰਧੀ ਵੇਰਵੇ ਸਾਂਝੇ ਕਰਦਿਆਂ ਏ.ਆਈ.ਜੀ.ਐਸ.ਐਸ.ਓ.ਸੀ. ਅੰਮ੍ਰਿਤਸਰ ਸੁਖਮਿੰਦਰ ਸਿੰਘ ਮਾਨ ਨੇ ਦੱਸਿਆ ਕਿ ਭਰੋਸੇਯੋਗ ਸੂਤਰਾਂ ਤੋਂ ਪੁਖ਼ਤਾ ਇਤਲਾਹ ਮਿਲੀ ਸੀ ਕਿ ਸ਼ੱਕੀ ਸਰਵਣ ਸਿੰਘ ਅਤੇ ਸ਼ਮਸ਼ੇਰ ਸਿੰਘ ਨੇ ਕੁਝ ਦਿਨ ਪਹਿਲਾਂ ਸਰਹੱਦ ਪਾਰੋਂ ਡਰੋਨ ਰਾਹੀਂ ਹੈਰੋਇਨ ਦੀ ਖੇਪ ਪ੍ਰਾਪਤ ਕੀਤੀ ਹੈ।ਉਨ੍ਹਾਂ ਦੱਸਿਆ ਕਿ ਇਤਲਾਹ 'ਤੇ ਹੋਰ ਛਾਣਬੀਣ ਕਰਦਿਆਂ ਪਤਾ ਲੱਗਿਆ ਕਿ ਆਪਣੇ ਹੈਂਡਲਰਾਂ ਦੇ ਨਿਰਦੇਸ਼ਾਂ 'ਤੇ ਇਹ ਦੋਵੇਂ ਪ੍ਰਾਪਤ ਕੀਤੀ ਖੇਪ ਨੂੰ ਕਿਸੇ ਹੋਰ ਧਿਰ ਤੱਕ ਪਹੁੰਚਾਉਣ ਲਈ ਜਾ ਰਹੇ ਹਨ। ਉਨ੍ਹਾਂ ਅੱਗੇ ਕਿਹਾ ਕਿ ਤੇਜ਼ੀ ਨਾਲ ਕਾਰਵਾਈ ਕਰਦਿਆਂ ਐਸ.ਐਸ.ਓ.ਸੀ. ਅੰਮ੍ਰਿਤਸਰ ਯੂਨਿਟ ਟੀਮ ਨੇ ਮੁਲਜ਼ਮਾਂ ਨੂੰ ਅੰਮ੍ਰਿਤਸਰ ਦੇ ਮਾਹਲ ਬਾਈਪਾਸ ਨੇੜਿਓਂ ਕਾਬੂ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 64.62 ਕਿਲੋਗ੍ਰਾਮ ਹੈਰੋਇਨ ਬਰਾਮਦ ਕੀਤੀ ।ਏ.ਆਈ.ਜੀ. ਨੇ ਕਿਹਾ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਨੂੰ ਉਨ੍ਹਾਂ ਦੇ ਹੈਂਡਲਰਾਂ ਵੱਲੋਂ ਖੇਪ ਡਿਲੀਵਰ ਕਰਨ ਬਦਲੇ ਵੱਡੀ ਰਕਮ ਦੇਣ ਦਾ ਵਾਅਦਾ ਕੀਤਾ ਗਿਆ ਸੀ। ਉਨ੍ਹਾਂ ਕਿਹਾ ਕਿ ਜਾਂਚ ਜਾਰੀ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਗ੍ਰਿਫ਼ਤਾਰੀਆਂ ਅਤੇ ਬਰਾਮਦਗੀਆਂ ਹੋਣ ਦੀ ਸੰਭਾਵਨਾ ਹੈ ।ਇਸ ਸਬੰਧ ਵਿੱਚ ਐਫ.ਆਈ.ਆਰ. ਨੰਬਰ 23 ਮਿਤੀ 17.04.2026 ਨੂੰ ਐਨ.ਡੀ.ਪੀ.ਐਸ. ਐਕਟ ਦੀਆਂ ਧਾਰਾਵਾਂ 21, 25 ਅਤੇ 29 ਅਤੇ ਭਾਰਤੀ ਵਾਯੂਯਾਨ ਅਧਿਨੀਅਮ ਦੀਆਂ ਧਾਰਾਵਾਂ 25, 26, 27, 28 ਅਤੇ 29 ਤਹਿਤ ਪੁਲਿਸ ਸਟੇਸ਼ਨ ਐਸ.ਐਸ.ਓ.ਸੀ. ਅੰਮ੍ਰਿਤਸਰ ਵਿਖੇ ਕੇਸ ਦਰਜ ਕੀਤਾ ਗਿਆ ਹੈ।

**ਗ੍ਰਿਫਤਾਰ ਕੀਤੇ ਦੋਸ਼ੀਆਂ ਨੂੰ ਉਨ੍ਹਾਂ ਦੇ ਹੈਂਡਲਰਾਂ ਵੱਲੋਂ ਵੱਡੀ ਰਕਮ ਦੇਣ ਦਾ ਕੀਤਾ ਗਿਆ ਸੀ ਵਾਅਦਾ: ਏ.ਆਈ.ਜੀ.ਐਸ.ਐਸ. ਓ ਸੀ. ਅੰਮ੍ਰਿਤਸਰ ਸੁਖਮਿੰਦਰ ਮਾਨ**


# ਹਲਕਾ ਖਡੂਰ ਸਾਹਿਬ ਦੇ ਲੱਖਾਂ ਵੋਟਰਾਂ ਨਾਲ ਸਰਕਾਰ ਧੋਖਾ ਕਰ ਰਹੀ

### ਭਾਈ ਅੰਮ੍ਰਿਤਪਾਲ ਸਿੰਘ ਦੀ ਐਨ ਐਸ ਏ ਖ਼ਤਮ ਹੋਣ ਤੇ ਵੀ ਸਰਕਾਰ ਪੰਜਾਬ ਨਹੀਂ ਲਿਆਉਣਾ ਚਾਹੁੰਦੀ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨੂੰ ਬਾਬਾ ਬਿਬੇਕ ਸਿੰਘ , ਭਾਈ ਡੱਡੂਆਣਾ



ਜੰਡਿਆਲਾ ਗੁਰੂ 18 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ ) ਹਲਕਾ ਖਡੂਰ ਸਾਹਿਬ ਤੋ ਪਾਰਲੀਮੈਂਟ ਮੈਂਬਰ ਭਾਈ ਅੰਮ੍ਰਿਤਪਾਲ ਸਿੰਘ ਜੀ ਦੀ NSA ਖ਼ਤਮ ਹੋਣ ਦੇ ਬਾਵਜੂਦ ਵੀ ਡਿਬਰੂਗੜ ਜੇਲ੍ਹ ਵਿੱਚ ਰੱਖਣਾ 20 ਲੱਖ ਵੋਟਰਾਂ ਨਾਲ ਸਰਕਾਰ ਧੋਖਾ ਕਰ ਰਹੀ ਹੈ। ਇਹ ਬਿਆਨ ਅਕਾਲੀ ਦਲ ਵਾਰਿਸ ਪੰਜਾਬ ਦੇ ਹਲਕਾ ਜੰਡਿਆਲਾ ਗੁਰੂ ਦੇ ਸੇਵਾਦਾਰ ਅਤੇ ਮੁੱਖ ਸੇਵਾਦਾਰ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਤੋਂ ਬਾਬਾ ਬਿਬੇਕ ਤੇ ਭਾਈ ਅਮਨਦੀਪ ਸਿੰਘ ਡੱਡੂਆਣਾ ਜਿਲ੍ਹਾ ਅੰਮ੍ਰਿਤਸਰ ਪ੍ਰਧਾਨ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੋਇਆ ਦਿੱਤਾ ਅਤੇ ਉਨ੍ਹਾਂ ਨੇ ਇਹ ਵੀ ਕਿਹਾ, ਕਿ ਦੋ ਦਿਨ ਪਹਿਲਾ ਮੁੱਖ ਮੰਤਰੀ ਭਗਵੰਤ ਮਾਨ ਇੱਕ ਮੀਡੀਆ ਵਿੱਚ ਕਹਿ ਰਹੇ ਸਨ ਕਿ ,ਮੇਰੀ ਅਮ੍ਰਿਤਪਾਲ ਸਿੰਘ ਨਾਲ ਕੋਈ ਨਿਜੀ ਦੁਸਮਣੀ ਨਹੀਂ ਹੈ ਤੇ ਅਗਲੇ ਦਿਨ ਸੈਂਟਰ ਸਰਕਾਰ ਨੂੰ ਚਿੱਠੀ ਲਿਖਦੇ ਕਿ ਭਾਈ ਅੰਮ੍ਰਿਤਪਾਲ ਸਿੰਘ ਨੂੰ ਪੰਜਾਬ ਵਿੱਚ ਨਹੀਂ ਰੱਖ ਸਕਦੇ ਇਸਨੂੰ ਡਿਬਰੂਗੜ ਜੇਲ੍ਹ ਵਿੱਚ ਰੱਖਿਆ ਜਾਵੇ ਇਸ ਨਾਲ ਮੁੱਖ ਮੰਤਰੀ ਮਾਨ ਜੀ ਦੋਗਲਾ ਚਿਹਰਾ ਬੇਨਕਾਬ ਹੋ ਕੇ ਜਨਤਾ ਸਾਹਮਣੇ ਆ ਚੁੱਕਾ ਹੈ ਕਿ ਪਹਿਲਾਂ ਵੀ ਤੁਸੀ ਭਾਈ ਅੰਮ੍ਰਿਤਪਾਲ ਸਿੰਘ ਨੂੰ ਅਜਨਾਲਾ ਕੇਸ ਵਿੱਚ NSA ਲਾ ਕੇ ਡਿਬਰੂਗੜ ਜੇਲ੍ਹ ਵਿੱਚ ਬੰਦ ਕੀਤਾ ਜੋ ਕਿ NSA ਬਣਦੀ ਨਹੀਂ ਸੀ ਫਿਰ ਤੁਸੀਂ ਦੂਜੀ ਵਾਰ NSA ਲਾਈ ਤੇ ਪੰਜਾਬ ਦੀ ਜਨਤਾ ਨੇ ਤੁਹਾਨੂੰ ਮੂੰਹ ਤੋੜ ਜਵਾਬ ਦਿੱਤਾ ਤੇ ਭਾਈ ਅੰਮ੍ਰਿਤਪਾਲ ਸਿੰਘ ਨੂੰ ਹਲਕਾ ਖਡੂਰ ਸਾਹਿਬ ਤੋ ਦੋ ਲੱਖ ਵੋਟਾਂ ਨਾਲ ਜਿਤਾਇਆ ਤੇ ਤੁਸੀ ਉਸਨੂੰ ਬਾਹਰ ਕੱਢਣ ਦੀ ਜਗਾਹ ਤੀਜੀ ਵਾਰ NSA ਲਾਈ ਤੇ ਅੱਜ ਉਹਨਾਂ ਨੂੰ ਛੱਡਣ ਦੀ ਬਜਾਏ ਉਹਨਾਂ ਦੇ ਖਿਲਾਫ ਨਾਜਾਇਜ਼ 12 ਕੇਸ ਪਾ ਕੇ ਡਿਬਰੂਗੜ ਜੇਲ੍ਹ ਵਿੱਚ ਰੱਖ ਕੇ ਪਾਰਲੀਮੈਂਟ ਹਲਕਾ ਖਡੂਰ ਸਾਹਿਬ ਦੇ 20 ਲੱਖ ਵੋਟਰਾਂ ਦੀ ਆਵਾਜ਼ ਬੰਦ ਕਰ ਰਹੇ ਹੋ ਜੋ ਕਿ ਹਲਕੇ ਦੇ ਦੋ ਸਾਲਾਂ ਦੇ ਫੰਡ ਵੀ ਤੁਸੀ ਰੋਕ ਰੱਖੇ ਹਨ ਜਿਸ ਕਰਕੇ ਹਲਕੇ ਦਾ ਵਿਕਾਸ ਰੁਕਿਆ ਹੋਇਆ ਹੈ । ਮੈ ਸਰਕਾਰ ਨੂੰ ਪੁੱਛਣਾ ਚਾਹੁੰਦਾ ਹਾਂ ਕਿ ਕੀ ਕਸੂਰ ਸੀ ਅੰਮ੍ਰਿਤਪਾਲ ਸਿੰਘ ਦਾ ਕਿ ਉਹ ਪੰਜਾਬ ਦੀ ਜਵਾਨੀ ਨੂੰ ਨਸ਼ਿਆ ਤੋ ਬਚਾ ਰਿਹਾ ਸੀ ਜਿਹੜਾ ਕੰਮ ਸਰਕਾਰਾਂ ਦਾ ਸੀ ਤੇ ਸਰਕਾਰਾਂ ਫੇਲ ਹੋ ਚੁੱਕੀਆ ਸੀ ! ਅਸੀ ਅਜੇ ਵੀ ਪੰਜਾਬ ਦੀ ਜਨਤਾ ਨੂੰ ਕਹਿੰਦੇ ਹਾ ਜਾਗ ਜਾਉ ਪੰਜਾਬੀਉ ਨਹੀ ਤਾ ਇਹ ਦਿੱਲੀ ਤੋ ਚੱਲਣ ਵਾਲੀਆਂ ਸਰਕਾਰਾਂ ਨਹੀ ਚਾਹੁੰਦੀਆਂ ਕਿ ਤੁਹਾਡੇ ਪੁੱਤ ਨਸਿਆਂ ਤੋ ਬਚ ਜਾਣ । ਦਿੱਲੀ ਤੋ ਚੱਲਣ ਵਾਲੀਆਂ ਸਰਕਾਰਾਂ ਹਮੇਸ਼ਾ ਪੰਜਾਬ ਨਾਲ ਮਤਰੇਈ ਮਾਂ ਵਾਲਾ ਸਲੂਕ ਕਰਦੀਆਂ ਰਹੀਆਂ ਤੇ ਕਰਦੀਆਂ ਰਹਿਣਗੀਆਂ ਜਿਹੜਾ ਵੀ ਪੰਜਾਬ ਦੇ ਹੱਕਾਂ ਦੀ ਜਾਂ ਪੰਜਾਬ ਦੀ ਜਵਾਨੀ ਤੇ ਕਿਸਾਨੀ ਦੀ ਗੱਲ ਕਰਦਾ ਰਿਹਾ ਜਾਂ ਉਹਨਾਂ ਦੇ ਐਕਸੀਡੈਂਟ ਕਰਵਾਏ ਜਾਂਦੇ ਨੇ ਜਾਂ ਫਿਰ ਜੇਲ੍ਹ ਵਿੱਚ ਬੰਦ ਕਰਕੇ ਉਹਨਾਂ ਦੀ ਆਵਾਜ਼ ਬੰਦ ਕੀਤੀ ਜਾਂਦੀ ਰਹੇਗੀ।

# ਤ਼ਖਤ ਪਟਨਾ ਸਾਹਿਬ ਲਈ ਕੀਤੇ ਚਹੁੰਮੁੱਖੀ ਵਿਕਾਸ ਕਾਰਜਾਂ ਲਈ ਸਾਬਕਾ ਮੁੱਖ ਮੰਤਰੀ ਨੀਤਿਸ਼ ਕੁਮਾਰ ਨੂੰ ਸਦਾ ਯਾਦ ਰੱਖਿਆ ਜਾਵੇਗਾ: ਗੁਰਵਿੰਦਰ ਸਿੰਘ



**ਨਵੀਂ ਦਿੱਲੀ, 17 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):-**ਤਖ਼ਤ ਪਟਨਾ ਸਾਹਿਬ ਕਮੇਟੀ ਦੇ ਉਪ ਪ੍ਰਧਾਨ ਗੁਰਵਿੰਦਰ ਸਿੰਘ ਅਤੇ ਬਿਲਡਿੰਗ ਕਮੇਟੀ ਦੇ ਚੇਅਰਮੈਨ ਸੁਮਿਤ ਸਿੰਘ ਕਲਸੀ ਨੇ ਬਿਹਾਰ ਦੇ ਸਾਬਕਾ ਮੁੱਖ ਮੰਤਰੀ ਨੀਤਿਸ਼ ਕੁਮਾਰ ਨਾਲ ਸ਼ਿਸ਼ਟਾਚਾਰ ਮੁਲਾਕਾਤ ਕਰਕੇ ਉਨ੍ਹਾਂ ਨੂੰ ਰਾਜ ਸਭਾ ਮੈਂਬਰ ਵਜੋਂ ਨਵੀਂ ਪਾਰੀ ਦੀ ਸ਼ੁਰੂਆਤ ਲਈ ਵਧਾਈ ਦਿੱਤੀ। ਸਰਦਾਰ ਗੁਰਵਿੰਦਰ ਸਿੰਘ ਨੇ ਕਿਹਾ ਕਿ ਨੀਤਿਸ਼ ਕੁਮਾਰ ਨੇ ਬਿਹਾਰ ਦੇ ਮੁੱਖ ਮੰਤਰੀ ਦੇ ਤੌਰ 'ਤੇ ਰਹਿੰਦੇ ਸਿੱਖ ਕੌਮ ਅਤੇ ਤਖ਼ਤ ਪਟਨਾ ਸਾਹਿਬ ਲਈ ਜਿਸ ਤਰ੍ਹਾਂ ਦੇ ਵਿਕਾਸ ਕਾਰਜ ਕਰਵਾਏ ਹਨ, ਸ਼ਾਇਦ ਕੋਈ ਸਿੱਖ ਮੁੱਖ ਮੰਤਰੀ ਵੀ ਨਾ ਕਰ ਸਕਦਾ ਸੀ, ਜਿਸ ਲਈ ਉਨ੍ਹਾਂ ਨੂੰ ਸਦਾ ਯਾਦ ਰੱਖਿਆ ਜਾਵੇਗਾ। ਸਰਦਾਰ ਗੁਰਵਿੰਦਰ ਸਿੰਘ ਨੇ ਕਿਹਾ ਕਿ ਸਾਨੂੰ ਪੂਰੀ ਉਮੀਦ ਹੈ ਕਿ ਨੀਤਿਸ਼ ਕੁਮਾਰ ਜੀ ਰਾਜ ਸਭਾ ਮੈਂਬਰ ਦੇ ਤੌਰ 'ਤੇ ਵੀ ਸਿੱਖ ਕੌਮ ਅਤੇ ਤਖ਼ਤ ਪਟਨਾ ਸਾਹਿਬ ਵਿੱਚ ਸੰਗਤ ਦੀ ਸੁਵਿਧਾ ਲਈ ਨਵੇਂ ਪ੍ਰੋਜੈਕਟ ਲਿਆ ਕੇ ਵਿਕਾਸ ਨੂੰ ਹੋਰ ਅੱਗੇ ਵਧਾਉਣਗੇ। ਉਨ੍ਹਾਂ ਨੇ ਦੱਸਿਆ ਕਿ ਨੀਤਿਸ਼ ਕੁਮਾਰ ਨੇ ਕਿਹਾ ਕਿ ਉਨ੍ਹਾਂ ਨੂੰ ਜੋ ਵੀ ਅਹੁਦਾ ਮਿਲਿਆ ਹੈ, ਇਸ ਲਈ ਉਹ ਗੁਰੂ ਮਹਾਰਾਜ ਦਾ ਸ਼ੁਕਰਾਨਾ ਕਰਦੇ ਹਨ ਅਤੇ ਸੰਗਤ ਦੀ ਸੁਵਿਧਾ ਲਈ ਜੋ ਵੀ ਕੰਮ ਉਨ੍ਹਾਂ ਦੇ ਧਿਆਨ ਵਿੱਚ ਆਏਗਾ, ਪ੍ਰਬੰਧਕ ਉਨ੍ਹਾਂ ਨੂੰ ਦੱਸਣਗੇ ਅਤੇ ਉਹ ਕੰਮ ਕੇਂਦਰ ਅਤੇ ਰਾਜ ਸਰਕਾਰ ਦੇ ਸਹਿਯੋਗ ਨਾਲ ਪਹਿਲ ਦੇ ਆਧਾਰ 'ਤੇ ਕਰਵਾਏ ਜਾਣਗੇ।

### 328 ਸਰੂਪਾਂ ਦੇ ਮਾਮਲੇ ਵਿੱਚ ਮੁੱਖ ਮੁਲਜ਼ਮ ਦੀ ਰਿਹਾਈ

# ਐਸ ਜੀ ਪੀ ਸੀ ਅਤੇ ਸਰਕਾਰ ਦੀ ਨਾਕਾਮੀ ਦਾ ਨਤੀਜਾ : ਵਡਾਲਾ, ਛੋਟੇਪੁਰ



**ਚੰਡੀਗੜ੍ਹ, 18 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸਕੱਤਰ ਜਨਰਲ ਸ ਗੁਰਪ੍ਰਤਾਪ ਸਿੰਘ ਵਡਾਲਾ ਅਤੇ ਸੀਨੀਅਰ ਮੀਤ ਪ੍ਰਧਾਨ ਸ ਸੁੱਚਾ ਸਿੰਘ ਛੋਟੇਪੁਰ ਨੇ ਇਕ ਪ੍ਰੈੱਸ ਬਿਆਨ ਵਿੱਚ ਕਿਹਾ ਕਿ 328 ਸਰੂਪ ਮਾਮਲੇ ਵਿੱਚ ਮੁੱਖ ਮੁਲਜ਼ਮ ਨੂੰ ਜਮਾਨਤ ਮਿਲ ਜਾਣੀ, ਸਰਕਾਰ ਅਤੇ ਸ਼੍ਰੋਮਣੀ ਕਮੇਟੀ ਦੀ ਨਾਕਾਮੀ ਦਾ ਨਤੀਜਾ ਹੈ। ਉਹਨਾਂ ਕਿਹਾ ਕਿ ਸਰਕਾਰ ਦੇ ਵੱਡੇ ਆਗੂ ਦਮਗਜ਼ੇ ਮਾਰ ਰਹੇ ਸਨ ਕਿ ਉਹਨਾਂ ਪਰਚਾ ਦਰਜ ਕਰ ਦਿੱਤਾ ਹੈ ਅਤੇ ਹੁਣ ਬਹੁਤ ਕੁਝ ਬਾਹਰ ਨਿਕਲੇਗਾ। ਪਰ ਅਦਾਲਤੀ ਕਾਰਵਾਈ ਵਿੱਚ ਸਰਕਾਰੀ ਦਾਅਵਿਆਂ ਦੀ ਫੂਕ ਨਿਕਲ ਗਈ ਜਿੱਥੇ ਪੰਜਾਬ ਪੁਲਿਸ ਚਲਾਣ ਹੀ ਪੇਸ਼ ਨਹੀਂ ਕਰ ਸਕੀ ਅਤੇ ਮੁਲਜ਼ਮ ਨੂੰ ਜਮਾਨਤ ਮਿਲ ਗਈ। ਦੋਹਾਂ ਆਗੂਆਂ ਨੇ ਕਿਹਾ ਕਿ ਸਰਕਾਰੀ ਵਕੀਲ ਇਹ ਇਲਜ਼ਾਮ ਲਗਾ ਰਿਹਾ ਹੈ ਕਿ ਸ਼੍ਰੋਮਣੀ ਕਮੇਟੀ ਨੇ ਸਹਿਯੋਗ ਨਹੀ ਕੀਤਾ ਇਸ ਲਈ ਅਸੀਂ ਚਲਾਣ ਨਹੀਂ ਪੇਸ਼ ਕਰ ਸਕੇ। ਸਾਡਾ ਸਵਾਲ ਹੈ ਕਿ ਜੇ ਕੋਈ ਸੰਸਥਾ ਸਹਿਯੋਗ ਨਾ ਕਰੇ ਤਾਂ ਕੀ ਕਤਲ ਵਰਗੇ ਕੇਸ ਠੱਪ ਹੋ ਜਾਂਦੇ ਹਨ ? ਕੀ ਇਹ ਪੁਲੀਸ ਦੀ ਜਿੰਮੇਵਾਰੀ ਨਹੀਂ ਕਿ ਉਹ ਆਪਣੇ ਢੰਗ ਨਾਲ ਤਫਤੀਸ਼ ਕਰਕੇ ਕੇਸ ਨੂੰ ਅੰਜਾਮ ਤੱਕ ਪਹੁੰਚਾਵੇ ? ਜਿਸ ਸ਼੍ਰੋਮਣੀ ਕਮੇਟੀ 'ਤੇ ਸਰਕਾਰੀ ਵਕੀਲ ਇਲਜ਼ਾਮ ਲਗਾ ਰਿਹਾ ਹੈ, ਉਸ ਬਾਰੇ ਸਿੱਖਾਂ ਨੂੰ ਕੋਈ ਭੁਲੇਖਾ ਨਹੀਂ ਕਿ ਉਹ ਗੁਰੂ ਗ੍ਰੰਥ ਸਾਹਿਬ ਜੀ ਦੇ ਮਾਣ ਸਤਿਕਾਰ ਦੀ ਰਾਖੀ ਲਈ ਕਿੰਨੀ ਕੁ ਤਤਪਰ ਹੈ। ਕੇਸ ਦਰਜ ਹੁੰਦਿਆਂ ਹੀ ਸ਼੍ਰੋਮਣੀ ਕਮੇਟੀ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਮੋਹਰਾ ਬਣਾਉਣ ਦੀ ਕੋਸ਼ਿਸ਼ ਕੀਤੀ ਸੀ ਕਿ ਇਸ ਬਹਾਨੇ ਉਹ ਸਹਿਯੋਗ ਕਰਨ ਤੋਂ ਬਚ ਜਾਣ ਪਰ ਜਦੋਂ ਜਥੇਦਾਰ ਸਾਹਿਬ ਨੇ ਕਹਿ ਦਿੱਤਾ ਸੀ ਕਿ ਇਹ ਸ਼੍ਰੋਮਣੀ ਕਮੇਟੀ ਦੀ ਮਰਜੀ ਹੈ, ਉਹ ਸਹਿਯੋਗ ਕਰੇ ਜਾਂ ਨਾ ਕਰੇ। ਫਿਰ ਹੀ ਐਸ ਜੀ ਪੀ ਸੀ ਪ੍ਰਧਾਨ ਨੂੰ ਸਹਿਯੋਗ ਕਰਨ ਦਾ ਬਿਆਨ ਦੇਣਾ ਪਿਆ ਸੀ। ਪਰ ਇਹ ਸਭ ਨੂੰ ਪਤਾ ਸੀ ਕਿ ਪ੍ਰਧਾਨ ਜੀ ਆਪਣੇ ਮਾਲਕਾਂ ਨੂੰ ਬਚਾਉਣ ਲਈ ਕੋਈ ਸਹਿਯੋਗ ਨਹੀਂ ਕਰਨਗੇ। ਸ ਵਡਾਲਾ ਅਤੇ ਸ ਛੋਟੇਪੁਰ ਨੇ ਕਿਹਾ ਕਿ ਜੇ ਸਰਕਾਰ ਸਿਰਫ ਸ਼੍ਰੋਮਣੀ ਕਮੇਟੀ ਦੇ ਸਹਿਯੋਗ ਉੱਤੇ ਹੀ ਨਿਰਭਰ ਸੀ ਤਾਂ ਉਹਨਾਂ ਨੂੰ ਆਮ ਸੰਗਤਾਂ ਨੂੰ ਝੂਠਾ ਦਿਲਾਸਾ ਨਹੀਂ ਸੀ ਦੇਣਾ ਚਾਹੀਦਾ ਕਿ ਅਸੀਂ ਦੁੱਧ ਦਾ ਦੁੱਧ ਅਤੇ ਪਾਣੀ ਦਾ ਪਾਣੀ ਨਿਤਾਰਨ ਜਾ ਰਹੇ ਹਾਂ। ਮੁੱਖ ਮੁਲਜ਼ਮ ਨੂੰ ਮਿਲੀ ਜਮਾਨਤ ਨੇ ਸਰਕਾਰ ਅਤੇ ਸ਼੍ਰੋਮਣੀ ਕਮੇਟੀ ਉੱਤੇ ਲੋਕਾਂ ਦੇ ਪਹਿਲਾਂ ਹੀ ਕੰਮਜ਼ੋਰ ਭਰੋਸੇ ਨੂੰ ਪੂਰੀ ਤਰਾਂ ਤੋੜ ਦਿੱਤਾ ਹੈ। ਇਹ ਪ੍ਰੈੱਸ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।

### ਅਕਾਦਮਿਕ ਮਾਮਲਿਆਂ 'ਤੇ ਵਿਚਾਰ-ਵਟਾਂਦਰਾ ਕਰਨ ਲਈ

# ਵਾਈਸ-ਚਾਂਸਲਰ ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਆਪਣੇ ਤਲਵੰਡੀ ਸਾਬੋ ਕੈਂਪਸ ਦਾ ਦੌਰਾ




**ਤਲਵੰਡੀ ਸਾਬੋ, 17 ਅਪ੍ਰੈਲ (ਗੁਰਜੰਟ ਸਿੰਘ ਨਥੇਹਾ**- ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਮਾਣਯੋਗ ਵਾਈਸ ਚਾਂਸਲਰ ਡਾ. ਜਗਦੀਪ ਸਿੰਘ ਨੇ ਅੱਜ ਯੂਨੀਵਰਸਿਟੀ ਦੇ ਸਥਾਨਕ ਕੈਂਪਸ, ਦਮਦਮਾ ਸਾਹਿਬ ਤਲਵੰਡੀ ਸਾਬੋ ਦਾ ਦੌਰਾ ਕੀਤਾ।ਆਪਣੇ ਦੌਰੇ ਦੌਰਾਨ ਉਨ੍ਹਾਂ ਨੇ ਕੈਂਪਸ ਵਿੱਚ ਸਥਾਪਿਤ ਵੱਖ-ਵੱਖ ਵਿਭਾਗਾਂ ਬਿਜ਼ਨਸ ਸਟੱਡੀਜ਼ ਵਿਭਾਗ, ਯਾਦਵਿੰਦਰਾ ਇੰਜੀਨੀਅਰਿੰਗ ਵਿਭਾਗ, ਯਾਦਵਿੰਦਰਾ ਸਾਇੰਸਜ਼ ਵਿਭਾਗ, ਗੁਰੂ ਕਾਸ਼ੀ ਭਾਸ਼ਾਵਾਂ ਵਿਭਾਗ ਅਤੇ ਸੋਸ਼ਲ ਸਾਇੰਸਜ਼ ਵਿਭਾਗਾਂ ਸਮੇਤ ਹੋਸਟਲਾਂ ਦਾ ਜਾਇਜ਼ਾ ਲਿਆ। ਉਹਨਾਂ ਵੱਲੋਂ ਇਸ ਮੌਕੇ ਵਿਭਾਗਾਂ ਦੀ ਫੈਕਲਟੀ, ਸਟਾਫ ਅਤੇ ਹੋਸਟਲਰ ਵਿਦਿਆਰਥੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੇ ਵਿਚਾਰ ਜਾਣੇ। ਇਸ ਦੌਰਾਨ ਉਹਨਾਂ ਪ੍ਰਬੰਧਕਾਂ ਨਾਲ ਵੱਖ-ਵੱਖ ਅਕਾਦਮਿਕ ਅਤੇ ਪ੍ਰਸ਼ਾਸਕੀ ਮਸਲਿਆਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ।

ਇਸ ਮੌਕੇ ਉਹਨਾਂ ਨਾਲ ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਕੰਟਰੋਲਰ ਪ੍ਰੀਖਿਆਵਾਂ ਪ੍ਰੋਫੈਸਰ ਮਨੀਸ਼ ਕਪੂਰ ਅਤੇ ਐਡੀਸ਼ਨਲ ਕੰਟਰੋਲਰ ਪ੍ਰੀਖਿਆਵਾਂ ਪ੍ਰੋਫੈਸਰ ਅਨੂਪ ਠਾਕੁਰ ਵੀ ਮੌਜੂਦ ਰਹੇ। ਉਪਕੁਲਪਤੀ ਪ੍ਰੋ. ਜਗਦੀਪ ਸਿੰਘ ਨੇ ਕੈਂਪਸ ਡਾਇਰੈਕਟਰ ਪ੍ਰੋਫੈਸਰ ਅਮਨਦੀਪ ਸਿੰਘ ਅਤੇ ਵੱਖ-ਵੱਖ ਵਿਭਾਗਾਂ ਦੇ ਮੁਖੀਆਂ ਜਿਹਨਾਂ ਵਿੱਚ ਪ੍ਰੋਫੈਸਰ ਨਵਦੀਪ ਗੋਇਲ, ਡਾ. ਨਰਿੰਦਰ ਕੌਰ, ਡਾ. ਪ੍ਰੀਤੀ ਬਾਂਸਲ, ਡਾ. ਸੰਦੀਪ ਰਾਣਾ ਤੇ ਡਾ. ਬਲਦੇਵ ਸਿੰਘ ਅਤੇ ਹੋਸਟਲ ਵਾਰਡਨ ਇੰਜੀ. ਲਖਵੀਰ ਸਿੰਘ ਸਮੇਤ ਹੋਰ ਅਧਿਕਾਰੀਆਂ ਨਾਲ ਵਿਸ਼ੇਸ਼ ਮੀਟਿੰਗਾਂ ਕੀਤੀਆਂ। ਇਨ੍ਹਾਂ ਮੀਟਿੰਗਾਂ ਦੌਰਾਨ ਅਗਲੇ ਅਕਾਦਮਿਕ ਸੈਸ਼ਨ ਲਈ ਦਾਖਲਾ ਪ੍ਰਕਿਰਿਆ, ਪ੍ਰੀਖਿਆਵਾਂ ਦੀ ਯੋਜਨਾ ਅਤੇ ਵਿਦਿਆਰਥੀਆਂ ਲਈ ਹੋਰ ਬਿਹਤਰ ਅਕਾਦਮਿਕ ਮਾਹੌਲ ਸਿਰਜਣ ਸਬੰਧੀ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ। ਦੌਰੇ ਦੇ ਸਮਾਪਨ ਮੌਕੇ ਵਾਈਸ ਚਾਂਸਲਰ ਪ੍ਰੋਫੈਸਰ ਜਗਦੀਪ ਸਿੰਘ, ਕੈਂਪਸ ਡਾਇਰੈਕਟਰ ਪ੍ਰੋਫੈਸਰ ਅਮਨਦੀਪ ਸਿੰਘ ਅਤੇ ਹੋਰ ਅਧਿਕਾਰੀਆਂ ਵੱਲੋਂ ਡਾ. ਸੰਦੀਪ ਰਾਣਾ ਦੀਆਂ ਕਿਤਾਬਾਂ 'ਸ਼ਹਿਰ-ਏ-ਜ਼ਾਤ' ਅਤੇ 'ਜ਼ਿੰਦਗੀ ਗੁਲਜ਼ਾਰ ਹੈ' ਨੂੰ ਲੋਕ ਅਰਪਣ ਕਰਦੇ ਹੋਏ ਲੇਖਕ ਨੂੰ ਵਧਾਈ ਦਿੱਤੀ ਗਈ।

### ਜੇਪੀ ਸਲਵਾਨ ਜੀ ਦੇ ਸੇਵਾ ਕਾਰਜ ਪ੍ਰਸ਼ੰਸਾ ਯੋਗ ਹਨ : ਅਨੀਤਾ ਸ਼ਰਮਾ

# ਮੰਦਿਰ ਸ੍ਰੀ ਰਾਧਾ ਕ੍ਰਿਸ਼ਨ ਵਿਚ ਲੱਗੇ ਮੈਡੀਕਲ ਕੈਂਪ ਦਾ ਉਦਘਾਟਨ ਅਨੀਤਾ ਸ਼ਰਮਾ ਨੇ ਕੀਤਾ



**ਚੌਕ ਚੁਰਾਹੇ 18 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮੰਦਿਰ ਸ੍ਰੀ ਰਾਧਾ ਕ੍ਰਿਸ਼ਨ , ਪਿੰਡ ਬਲ ਲੱਬੇ ਦਰਿਆ ,ਤਹਿਸੀਲ ਅਜਨਾਲਾ ਜ਼ਿਲਾ ਅੰਮ੍ਰਿਤਸਰ ਵਿਖੇ ਅੱਜ ਇੱਕ ਵਿਸ਼ਾਲ ਮੈਡੀਕਲ ਕੈਂਪ ਦਾ ਆਯੋਜਨ ਕਰਕੇ ਇਲਾਕਾ ਨਿਵਾਸੀਆਂ ਦਾ ਚੈੱਕ ਅਪ ਕੀਤਾ ਗਿਆ ਉਹਨਾਂ ਨੂੰ ਮੁਫ਼ਤ ਦਵਾਈਆਂ ਵੰਡੀਆਂ ਗਈਆਂ। ਇਸ ਵਿਸ਼ਾਲ ਮੈਡੀਕਲ ਕੈਂਪ ਦਾ ਉਦਘਾਟਨ ਮੁੱਖ ਮਹਿਮਾਨ ਸ੍ਰੀ ਮਤੀ ਅਨੀਤਾ ਸ਼ਰਮਾ ਪਰਮੁੱਖ ਸਮਾਜ ਸੇਵਕ ਸਰਪ੍ਰਸਤ ਸਨਾਤਨ ਧਰਮ ਸੁਰਿਖਆ ਪਰਿਸ਼ਦ ਵੱਲੋਂ ਕੀਤਾ ਗਿਆ। ਉਹਨਾਂ ਨੇ ਜਿੱਥੇ ਮੰਦਰ ਕਮੇਟੀ ਦੇ ਪ੍ਰਧਾਨ ਰਿਟਾਇਰ ਤਹਿਸੀਲਦਾਰ ਸ੍ਰੀ ਜੇਪੀ ਸਲਵਾਨ ਦੇ ਇਸ ਮੈਡੀਕਲ ਕੈਂਪ ਦੀ ਪ੍ਰਸ਼ੰਸਾ ਕੀਤੀ ਉਥੇ ਹੀ ਇਸ ਮੌਕੇ ਤੇ ਮੰਦਿਰ ਨੂੰ 5 ਲੱਖ ਰੁਪਆ ਸਹਿਯੋਗ ਰਾਸ਼ੀ ਉਸ ਦੇ ਨਿਰਮਾਣ ਕਾਰਜਾਂ ਨੂੰ ਪੂਰਾ ਕਰਨ ਵਿੱਚ ਸਹਾਇਤਾ ਦੇ ਰੂਪ ਚ ਭੇਂਟ ਕੀਤੀ। ਅਨੀਤਾ ਸ਼ਰਮਾ ਜੀ ਵੱਲੋਂ ਜਿੱਥੇ ਸਨਾਤਨ ਧਰਮ ਸੁਰੱਖਿਆ ਪਰਿਸ਼ਦ ਦੇ ਰਾਸ਼ਟਰੀ ਸਰਪਰਸਤ ਵਜੋਂ ਸੇਵਾ ਕਰਦੇ ਹੋਏ ਸੰਗਤ ਨੂੰ ਸੜਕ ਵਾਲੇ ਗਊ ਮਾਤਾ ਜੀ ਨੰਦੀ ਮਹਾਰਾਜ ਜੀ ਦੀ ਸੇਵਾ ਦੇ ਲਈ ਉਤਸਾਹਿਤ ਕੀਤਾ ਜਾਂਦਾ ਹੈ ਉਥੇ ਹੀ ਅਨੀਤਾ ਸ਼ਰਮਾ ਜੀ ਵੱਲੋਂ ਆਪਣੇ ਕੋਲ਼ ਕੰਮ ਕਰ ਰਹੇ ਕਰਮਚਾਰੀਆਂ ਦੀ ਸੈਲਰੀ ਤੋਂ ਇਲਾਵਾ ਪੜਾਈ ਦਵਾਈ ਅਤੇ ਬੇਟੀਆਂ ਦੇ ਵਿਆਹ ਦੇ ਵਿੱਚ ਵੀ ਵਡਮੁੱਲਾ ਸਹਿਯੋਗ ਪ੍ਰਧਾਨ ਕਰਕੇ ਸਾਰੇ ਸਮਾਜ ਦੇ ਵਿੱਚ ਇੱਕ ਮਿਸਾਲ ਪੈਦਾ ਕੀਤੀ ਜਾ ਰਹੀ ਹੈ। ਇਸ ਮੌਕੇ ਤੇ ਵਿਸ਼ੇਸ਼ ਰੂਪ ਚ ਉਪਸਥਿਤ ਸਨਾਤਨ ਧਰਮ ਸੁਰੱਖਿਆ ਪਰਿਸ਼ਦ ਦੇ ਰਾਸ਼ਟਰੀ ਪ੍ਰਧਾਨ ਭਗਵਾਨ ਸ੍ਰੀ ਕ੍ਰਿਸ਼ਨ ਜੀ ਰਾਧਾ ਰਾਣੀ ਜੀ ਦੇ ਪਰਮ ਭਗਤ ਪ੍ਰਸਿੱਧ ਗਊ ਕਥਾ ਵਾਚਕ ,ਧਰਮ ਦਵਜ ਵਾਹਕ ਗਊ ਸੇਵਕ ਪੰਡਿਤ ਅਵਨ ਪਰਾਸਰ ਜੀ ਮਹਾਰਾਜ ਹਾਜ਼ਿਰ ਰਹੇ। ਉਹਨਾਂ ਨੇ ਤਹਿਸੀਲਦਾਰ ਜੇਪੀ ਸਲਵਾਨ ਜੀ ਦੀ ਮੰਦਿਰ ਨਿਰਮਾਣ ਅਤੇ ਮੰਦਿਰ ਦੇ ਵਿੱਚ ਲਗਾਤਾਰ ਮੈਡੀਕਲ ਕੈਂਪਾਂ ਦੇ ਆਯੋਜਨ ਕਰਨ ਅਤੇ ਹਰ ਪੀੜਤਾਂ ਦੇ ਸਹਾਇਤਾ ਦੇ ਲਈ ਲਗਾਏ 58 ਰਾਸ਼ਨ ਵਿਤਰਨ ਕੈਂਪਾਂ ਦੀ ਪ੍ਰਸ਼ੰਸਾ ਕੀਤੀ ਇਸ ਮੌਕੇ ਤੇ ਪਰਮਜੀਤ ਸਲਵਾਨ , ਅਨੂਪਮਾ ਸਲਵਾਨ , ਐਡਵੋਕੇਟ ਸ਼ੁਰੂ ਸਲਵਾਨ ਡਾਕਟਰ ਰਕੇਸ਼ ਸ਼ਰਮਾ, ਦਿਨੇਸ਼ ਸ਼ਰਮਾ, ਗੁਲਸ਼ਨ ਚਾਵਲਾ, ਕਮਲ ਸ਼ਰਮਾ, ਪ੍ਰਦੀਪ ਸ਼ਰਮਾ, ਸੁਰਿੰਦਰ ਭੰਡਾਰੀ ਦੀਪਕ ਨੰਦਾ ਸੁਰੇਸ਼ ਗੋਇਲ ਬੀਡੀ ਮੰਨਨ ਰਜੇਸ਼ ਸ਼ਰਮਾ , ਜਨਕ ਜੋਸ਼ੀ , ਚੰਦਰਸ਼ੇਖਰ ਸ਼ਰਮਾ, ਅਮਰਜੀਤ ਕਾਲੀਆ, ਵਿਪਨ ਪੂਰੀ ,ਰਮੇਸ਼ ਸ਼ਰਮਾ ਹਾਜਰ ਰਹੇ।

# ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਵੱਲੋਂ ਜੰਡਿਆਲਾ ਗੁਰੂ ਦੇ ਵਿਰਾਸਤੀ ਠਠਿਆਰਾ ਬਜ਼ਾਰ ਦਾ ਦੌਰਾ

## ਅਜਿਹੇ ਵਿਰਾਸਤੀ ਕੇਂਦਰਾਂ ਨੂੰ ਸੰਭਾਲਣਾ ਅਤੇ ਕਾਰੀਗਰਾਂ ਨੂੰ ਪ੍ਰੋਤਸਾਹਨ ਦੇਣਾ ਬਹੁਤ ਜ਼ਰੂਰੀ - ਰਾਜਪਾਲ ਪੰਜਾਬ



**ਜੰਡਿਆਲਾ ਗੁਰੂ 18 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ )** - ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਵੱਲੋਂ ਅੱਜ ਜੰਡਿਆਲਾ ਗੁਰੂ ਵਿਖੇ ਵਿਰਾਸਤੀ ਠਠਿਆਰਾ ਬਜ਼ਾਰ ਦਾ ਦੌਰਾ ਕੀਤਾ ਗਿਆ, ਜੋ ਕਿ ਕਾਂਸੇ ਦੇ ਰਵਾਇਤੀ ਬਰਤਨਾਂ ਦੀ ਬਣਤ ਲਈ ਪ੍ਰਸਿੱਧ ਹੈ। ਇਸ ਮੌਕੇ ਉਨ੍ਹਾਂ ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ, ਰੈੱਡ ਕਰਾਸ ਸੁਸਾਇਟੀ ਪੰਜਾਬ ਦੇ ਸਕੱਤਰ ਸ੍ਰੀ ਸ਼ਿਵ ਦੁਲਾਰ ਸਿੰਘ, ਐੱਸ.ਡੀ.ਐੱਮ.-1 ਸ੍ਰੀਮਤੀ ਅਲਕਾ ਕਾਲੀਆ ਤੋਂ ਇਲਾਵਾ ਹੋਰ ਅਧਿਕਾਰੀ ਵੀ ਨਾਲ ਹਾਜ਼ਰ ਸਨ।ਇਸ ਮੌਕੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਵੱਲੋਂ ਠਠਿਆਰਾ ਬਜ਼ਾਰ ਜੰਡਿਆਲਾ ਗੁਰੂ ਵਿਖੇ ਕੰਮ ਕਰ ਰਹੇ ਕਾਰੀਗਰਾਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦੀ ਕਲਾ, ਮਿਹਨਤ ਅਤੇ ਪੰਜਾਬ ਦੀ ਵਿਰਾਸਤ ਨੂੰ ਸੰਭਾਲ ਕੇ ਰੱਖਣ ਲਈ ਕੀਤੇ ਜਾ ਰਹੇ ਯਤਨਾਂ ਦੀ ਸਰਾਹਨਾ ਕੀਤੀ। ਉਨ੍ਹਾਂ ਕਿਹਾ ਕਿ ਅਜਿਹੀਆਂ ਰਵਾਇਤੀ ਕਲਾਵਾਂ ਨੂੰ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਉਭਾਰਨ ਦੀ ਲੋੜ ਹੈ, ਜਿਸ ਨਾਲ ਕਾਰੀਗਰਾਂ ਦੀ ਰੋਜ਼ੀ-ਰੋਟੀ ਨੂੰ ਮਜ਼ਬੂਤੀ ਮਿਲੇਗੀ ਅਤੇ ਪੰਜਾਬ ਦੀ ਸੰਸਕ੍ਰਿਤਿਕ ਪਛਾਣ ਹੋਰ ਮਜ਼ਬੂਤ ਹੋਵੇਗੀ। ਉਨ੍ਹਾਂ ਕਿਹਾ ਕਿ ਜੰਡਿਆਲਾ ਗੁਰੂ (ਅੰਮ੍ਰਿਤਸਰ) ਦਾ ਠਠਿਆਰਾ ਬਜ਼ਾਰ ਪੰਜਾਬ ਦੀ ਇੱਕ ਇਤਿਹਾਸਕ ਅਤੇ ਵਿਰਾਸਤੀ ਥਾਂ ਹੈ, ਜੋ ਆਪਣੇ ਹੱਥੀਂ ਬਣੇ ਤਾਂਬੇ ਅਤੇ ਪਿੱਤਲ ਦੇ ਬਰਤਨਾਂ ਲਈ ਪੂਰੀ ਦੁਨੀਆ ਵਿੱਚ ਮਸ਼ਹੂਰ ਹੈ। ਉਨ੍ਹਾਂ ਕਿਹਾ ਕਿ ਇਹ ਠਠਿਆਰਾ ਬਜ਼ਾਰ ਸੈਂਕੜੇ ਸਾਲਾਂ ਤੋਂ ਤਾਂਬੇ, ਪਿੱਤਲ ਅਤੇ ਕਾਂਸੇ ਦੇ ਰਵਾਇਤੀ ਬਰਤਨ ਬਣਾਉਣ ਦਾ ਕੇਂਦਰ ਰਿਹਾ ਹੈ ਅਤੇ ਇੱਥੋਂ ਦੇ ਕਾਰੀਗਰ ਹੱਥਾਂ ਨਾਲ ਬਰਤਨਾਂ 'ਤੇ ਨੱਕਾਸ਼ੀ ਅਤੇ ਘੜਾਈ ਦਾ ਕੰਮ ਕਰਦੇ ਹਨ, ਜੋ ਕਿ ਇੱਕ ਦੁਰਲੱਭ ਕਲਾ ਹੈ।ਰਾਜਪਾਲ ਪੰਜਾਬ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਇਸ ਇਤਿਹਾਸਿਕ ਠਠਿਆਰ ਮੰਡੀ ਨੂੰ ਇੱਕ 'ਵਿਰਾਸਤੀ ਬਾਜ਼ਾਰ' ਵਜੋਂ ਉਭਾਰਨ ਅਤੇ ਇਸ ਨੂੰ ਸੈਰ-ਸਪਾਟਾ ਸਥਾਨ ਵਜੋਂ ਵਿਕਸਤ ਕਰਨ ਦੇ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਪ੍ਰੋਜੈਕਟ ਦਾ ਉਦੇਸ਼ ਠਠਿਆਰਾਂ (ਕਾਰੀਗਰਾਂ) ਦੀ ਕਲਾ ਨੂੰ ਸੰਭਾਲਣਾ, ਬਾਜ਼ਾਰ ਦੇ ਬੁਨਿਆਦੀ ਢਾਂਚੇ ਨੂੰ ਸੁਧਾਰਨਾ ਅਤੇ ਇਸ ਨੂੰ ਇੱਕ ਸੈਲਾਨੀ ਆਕਰਸ਼ਣ ਵਜੋਂ ਵਿਕਸਤ ਕਰਨਾ ਹੈ ਤਾਂ ਜੋ ਇੱਥੋਂ ਦੀ ਰਵਾਇਤੀ ਦਸਤਕਾਰੀ ਨੂੰ ਮੁੜ ਸੁਰਜੀਤ ਕੀਤਾ ਜਾ ਸਕੇ। ਉਨ੍ਹਾਂ ਨੇ ਕਿਹਾ ਕਿ ਅਜਿਹੇ ਵਿਰਾਸਤੀ ਕੇਂਦਰਾਂ ਨੂੰ ਸੰਭਾਲਣਾ ਅਤੇ ਕਾਰੀਗਰਾਂ ਨੂੰ ਪ੍ਰੋਤਸਾਹਨ ਦੇਣਾ ਬਹੁਤ ਜ਼ਰੂਰੀ ਹੈ ਤਾਂ ਜੋ ਇਹ ਅਨਮੋਲ ਧਰੋਹਰ ਆਉਣ ਵਾਲੀਆਂ ਪੀੜ੍ਹੀਆਂ ਤੱਕ ਪਹੁੰਚ ਸਕੇ।

# ਸਿਵਲ ਹਸਪਤਾਲ ਤਲਵੰਡੀ ਸਾਬੋ ਪਹਿਲੀ ਵਾਰ ਕਾਇਆ ਕਲਪ ਕਲੀਅਰ ਕਰਨ 'ਚ ਸਫ਼ਲ ਰਿਹਾ- ਡਾ. ਰਵੀ ਕਾਂਤ




ਤਲਵੰਡੀ ਸਾਬੋ, 18 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਸਿਵਲ ਹਸਪਤਾਲ ਤਲਵੰਡੀ ਸਾਬੋ ਕਾਇਆ ਕਲਪ ਕਲੀਅਰ ਕਰਨ ਵਿੱਚ ਪਹਿਲੀ ਵਾਰ ਸਫ਼ਲ ਰਿਹਾ, ਜਿਸ ਕਾਰਨ ਤਲਵੰਡੀ ਵਾਸੀਆਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸੀਨੀਅਰ ਮੈਡੀਕਲ ਅਫਸਰ ਡਾ. ਰਵੀ ਕਾਂਤ ਗੁਪਤਾ ਨੇ ਦੱਸਿਆ ਪ੍ਰੋ. ਬਲਜਿੰਦਰ ਕੌਰ ਕੈਬਿਨੇਟ ਰੈਂਕ ਚੀਫ਼ ਵ੍ਹਿਪ ਪੰਜਾਬ ਦੀ ਅਗਵਾਈ ਹੇਠ ਸਿਵਲ ਹਸਪਤਾਲ ਤਲਵੰਡੀ ਸਾਬੋ ਨੂੰ ਕਾਇਆ ਕਲਪ ਵਿੱਚ ਪਹਿਲੀ ਵਾਰ ਕਲੀਅਰ ਕਰਕੇ ਪੰਜਾਬ ਭਰ ਚਿੱਚ 17ਵੇਂ ਸਥਾਨ 'ਤੇ ਰਹਿਣ ਦਾ ਮਾਨ ਪ੍ਰਾਪਤ ਹੋਇਆ ਹੈ। ਉਨ੍ਹਾਂ ਦੱਸਿਆ ਕਿ ਮਨਿਸਟਰੀ ਆਫ਼ ਹੈਲਥ ਐਂਡ ਫੈਮਿਲੀ ਵੈਲਫੇਅਰ ਭਾਰਤ ਸਰਕਾਰ ਵੱਲੋਂ ਪੰਜਾਬ ਦੇ ਹਸਪਤਾਲਾਂ ਦਾ ਨਿਰੀਖਣ ਕੀਤਾ ਗਿਆ ਸੀ ਜਿਸ ਵਿੱਚ ਹਸਪਤਾਲ ਅੰਦਰ ਸਵੱਛਤਾ, ਸਾਫ਼ ਸਫਾਈ ਅਤੇ ਇੰਫੈਕਸ਼ਨ ਕੰਟ੍ਰੋਲ ਤੋਂ ਇਲਾਵਾ ਮਰੀਜਾਂ ਨੂੰ ਹੋਰ ਸੁਵਿਧਾਵਾਂ ਦੇਣ ਵਿੱਚ ਗੁਣਵੱਤਾ ਵਿੱਚ ਸਫ਼ਲ ਰਿਹਾ ਹੈ। ਉਨ੍ਹਾਂ ਦੱਸਿਆ ਕਿ ਹਸਪਤਾਲ ਦੀ ਟੀਮ ਵੱਲੋਂ ਲੋਕਾਂ ਨੂੰ ਸਿਹਤ ਸੇਵਾਵਾਂ ਪ੍ਰਦਾਨ ਕਰਨ ਦੇ ਨਾਲ-ਨਾਲ ਵੱਖ-ਵੱਖ ਜਾਗਰੂਕਤਾ ਮੁਹਿੰਮਾਂ ਵੀ ਚਲਾਈਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਕਾਇਆ ਕਲਪ ਰਾਹੀਂ ਮਰੀਜ਼ਾਂ ਨੂੰ ਉੱਚ ਦਰਜੇ ਦੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ ਅਤੇ ਸਿਹਤ ਵਿਭਾਗ ਦੇ ਨਿਰਦੇਸ਼ਾਂ ਅਨੁਸਾਰ ਹਰ ਤਰ੍ਹਾਂ ਦੀਆਂ ਸੇਵਾਵਾਂ ਨੂੰ ਸੁਚਾਰੂ ਢੰਗ ਨਾਲ ਲਾਗੂ ਕੀਤਾ ਗਿਆ ਹੈ। ਇਸ ਤੋਂ ਇਲਾਵਾ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਅਤੇ ਸਮੇਂ-ਸਿਰ ਇਲਾਜ ਮੁਹੱਈਆ ਕਰਵਾਉਣ ਲਈ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਇਸ ਮੌਕੇ ਹਸਪਤਾਲ ਦੇ ਐਸਐਮਓ ਡਾ.ਰਵੀ ਕਾਂਤ ਗੁਪਤਾ ਨੇ ਦੱਸਿਆ ਕਿ ਕਾਇਆ ਕਲਪ ਯੋਜਨਾ ਦੇ ਤਹਿਤ ਸਫ਼ਾਈ ਅਤੇ ਕਚਰਾ ਪ੍ਰਬੰਧਨ ਦੇ ਮਾਪਦੰਡਾਂ ਨੂੰ ਸਖ਼ਤੀ ਨਾਲ ਲਾਗੂ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਹਸਪਤਾਲ ਵਿੱਚ ਮਰੀਜ਼ਾਂ ਨੂੰ ਬਿਹਤਰ ਸਹੂਲਤਾਂ ਦੇਣ ਦੇ ਨਾਲ ਨਾਲ ਸਫ਼ਾਈ ਦੇ ਮਾਪਦੰਡਾਂ ਨੂੰ ਵੀ ਪੂਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਹਸਪਤਾਲ ਦੇ ਸਟਾਫ਼ ਨੇ ਬਹੁਤ ਮਿਹਨਤ ਅਤੇ ਲਗਨ ਨਾਲ ਕੰਮ ਕਰਦਿਆਂ ਇਹ ਉਪਲਬਧੀ ਹਾਸਲ ਕੀਤੀ ਹੈ। ਉਨ੍ਹਾਂ ਸਾਰੇ ਸਟਾਫ਼ ਮੈਂਬਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਅੱਗੇ ਵੀ ਇਸੇ ਤਰ੍ਹਾਂ ਮਿਹਨਤ ਜਾਰੀ ਰੱਖਣੀ ਚਾਹੀਦੀ ਹੈ। ਇਸ ਮੌਕੇ ਹੋਰ ਅਧਿਕਾਰੀਆਂ ਨੇ ਵੀ ਹਸਪਤਾਲ ਦੀ ਇਸ ਉਪਲਬਧੀ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਇਹ ਹਸਪਤਾਲ ਦੇ ਸਟਾਫ਼ ਦੀ ਇਕਜੁਟ ਮਿਹਨਤ ਦਾ ਨਤੀਜਾ ਹੈ।